ਐਤਵਾਰ, 8 ਨਵੰਬਰ, 2026
23 ਕੱਤਕ { ਨਾਨਕਸ਼ਾਹੀ 558, ਬਿਕਰਮੀ 2083
ਜਿਲਦ/VOL. : 75
ਅੰਕ/NO. : 159

ਰੋਜ਼ਾਨਾ ਨਵਾਂ ਜ਼ਮਾਨਾ ਜਲੰਧਰ

DAILY NAWAN ZAMANA • SUNDAY, 8 NOVEMBER, 2026

ਆਪ ਸਭ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ-ਲੱਖ ਵਧਾਈਆਂ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 20

ਕੰਪਿਊਟਰ ਅਧਿਆਪਕਾਂ ਦੇ ਮਹਿੰਗਾਈ ਭੱਤੇ 'ਚ 40 ਫੀਸਦੀ ਵਾਧਾ



ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਸਰਕਾਰ ਨੇ ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਕੰਪਿਊਟਰ ਅਧਿਆਪਕ ਮੁਲਾਜ਼ਮਾਂ ਨੂੰ ਦੀਵਾਲੀ ਦਾ ਵੱਡਾ ਤੋਹਫ਼ਾ ਦਿੱਤਾ ਹੈ। ਸੂਬਾ ਸਰਕਾਰ ਨੇ ਕੰਪਿਊਟਰ ਅਧਿਆਪਕਾਂ ਦੇ ਮਹਿੰਗਾਈ ਭੱਤੇ (ਡੀ ਏ) ਵਿੱਚ 40% ਦਾ ਇਤਿਹਾਸਕ ਵਾਧਾ ਕੀਤਾ ਹੈ। ਇਹ ਐਲਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਨੀਵਾਰ ਕੀਤਾ। ਉਨ੍ਹਾ ਕਿਹਾ ਕਿ ਕੰਪਿਊਟਰ ਅਧਿਆਪਕਾਂ ਦੇ ਮਹਿੰਗਾਈ ਭੱਤੇ ਵਿੱਚ 40% ਦੇ ਵਾਧੇ ਨਾਲ ਡੀ ਏ ਹੁਣ 181% ਤੋਂ ਵਧ ਕੇ 221% ਹੋ ਗਿਆ ਹੈ। ਇਸ ਨਾਲ ਸੂਬੇ ਦੇ 6,507 ਮੁਲਾਜ਼ਮਾਂ ਨੂੰ ਲਾਭ ਹੋਵੇਗਾ।

ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੇ ਸਮੱਗਰ ਸਿੱਖਿਆ ਅਧੀਨ ਕੰਮ ਕਰਦੇ 1,007 ਨਾਨ-ਟੀਚਿੰਗ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਜਿੱਥੇ ਥੋੜ੍ਹਾ ਸਮਾਂ ਪਹਿਲਾਂ ਪੱਕਾ ਕਰ ਦਿੱਤਾ ਸੀ, ਉੱਥੇ ਹੁਣ ਉਨ੍ਹਾਂ ਨੂੰ ਤਨਖ਼ਾਹ ਸੰਬੰਧੀ ਲਾਭ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਦੀ ਭਲਾਈ ਅਤੇ ਸੁਰੱਖਿਅਤ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਈ-20 ਬਣਿਆ 420-ਰਾਹੁਲ

ਇਥਾਨੋਲ ਦੀ ਮਾਤਰਾ ਦਾਅਵਿਆਂ ਤੋਂ ਕਿਤੇ ਵੱਧ





ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਨੇ ਸ਼ਨੀਵਾਰ ਈ-20 ਪੈਟਰੋਲ ਦੀ ਸਪਲਾਈ ਨੂੰ ਲੈ ਕੇ ਮੋਦੀ ਸਰਕਾਰ 'ਤੇ ਨਿਸ਼ਾਨੇ ਸੇਧੇ ਹਨ। ਕਰਨਾਟਕ ਸਰਕਾਰ ਵੱਲੋਂ ਇਕੱਠੇ ਕੀਤੇ ਗਏ ਪੈਟਰੋਲ ਨਮੂਨਿਆਂ ਦੇ ਟੈਸਟ ਨਤੀਜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਦੇਸ਼ ਭਰ ਵਿੱਚ ਵੇਚੇ ਜਾ ਰਹੇ ਈਂਧਨ ਵਿੱਚ ਇਥਾਨੋਲ ਦੀ ਅਸਲ ਮਾਤਰਾ ਬਾਰੇ ਸਥਿਤੀ ਤੁਰੰਤ ਸਪੱਸ਼ਟ ਕੀਤੀ ਜਾਵੇ। ਸੋਸ਼ਲ ਮੀਡੀਆ ਮੰਚ 'ਐੱਕਸ' 'ਤੇ ਹਿੰਦੀ ਵਿੱਚ ਪੋਸਟ ਸਾਂਝੀ ਕਰਦਿਆਂ ਗਾਂਧੀ ਨੇ ਲਿਖਿਆ, 'ਈ-20 ਬਣ ਗਿਆ 420, ਜਨਤਾ ਦੀਆਂ ਕਾਰਾਂ ਵਿੱਚੋਂ ਪੈਟਰੋਲ ਦੀ ਚੋਰੀ!' ਉਨ੍ਹਾ ਦਾ ਇਹ ਇਸ਼ਾਰਾ ਆਈ ਪੀ ਸੀ ਦੀ ਧੋਖਾਧੜੀ ਨਾਲ ਸੰਬੰਧਤ ਧਾਰਾ 420 ਵੱਲ ਹੈ। ਰਾਹੁਲ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਪੈਟਰੋਲ ਵਿੱਚ 20 ਫ਼ੀਸਦੀ ਇਥਾਨੋਲ ਮਿਲਾਉਣ ਦਾ ਦਾਅਵਾ ਕੀਤਾ ਜਾਂਦਾ ਹੈ, ਪਰ ਕਰਨਾਟਕ ਦੇ 7 ਜ਼ਿਲ੍ਹਿਆਂ ਵਿੱਚੋਂ ਲਏ ਗਏ ਨਮੂਨਿਆਂ ਦੀ ਜਾਂਚ ਦੌਰਾਨ ਇਹ ਮਾਤਰਾ ਤੈਅ ਹੱਦ ਤੋਂ ਕਿਤੇ ਵੱਧ ਪਾਈ ਗਈ ਹੈ। ਉਨ੍ਹਾ ਕਿਹਾ, 'ਮਾਨਤਾ ਪ੍ਰਾਪਤ ਲੈਬਾਰਟਰੀ ਵਿੱਚ ਕਰਵਾਏ ਟੈਸਟਾਂ ਅਨੁਸਾਰ 14 ਵਿੱਚੋਂ 11 ਨਮੂਨਿਆਂ ਵਿੱਚ 20 ਫ਼ੀਸਦੀ ਤੋਂ ਵੱਧ ਇਥਾਨੋਲ ਮਿਲਿਆ। ਆਈ ਓ ਸੀ ਐੱਲ ਦੇ ਨਮੂਨੇ ਵਿੱਚ 31.2 ਫ਼ੀਸਦੀ ਅਤੇ ਐੱਚ ਪੀ ਸੀ ਐੱਲ ਵਿੱਚ 30.5 ਫ਼ੀਸਦੀ ਇਥਾਨੋਲ ਨਿਕਲਿਆ। ਚਾਹੇ ਸਰਕਾਰੀ ਕੰਪਨੀਆਂ ਹੋਣ ਜਾਂ ਨਿੱਜੀ ਸਭ ਨੇ ਨਿਰਧਾਰਿਤ ਹੱਦ ਪਾਰ ਕਰ ਦਿੱਤੀ ਹੈ।' ਉਨ੍ਹਾ ਚਿੰਤਾ ਪ੍ਰਗਟਾਈ ਕਿ ਬਹੁਤ ਜ਼ਿਆਦਾ ਇਥਾਨੋਲ ਕਾਰਨ ਵਾਹਨਾਂ ਦੀ ਮਾਈਲੇਜ ਘਟਦੀ ਹੈ ਅਤੇ ਮੁਰੰਮਤ ਦਾ ਖ਼ਰਚਾ ਵਧਦਾ ਹੈ। ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ ਮੁੱਦੇ 'ਤੇ ਖੁੱਲ੍ਹੀ ਬਹਿਸ ਦੀ ਚੁਣੌਤੀ ਵੀ ਦਿੱਤੀ। ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਕਰਨਾਟਕ ਦੇ ਖ਼ੁਰਾਕ, ਖਪਤਕਾਰ ਮਾਮਲੇ ਅਤੇ ਲੀਗਲ ਮੈਟਰੋਲੋਜੀ ਮੰਤਰੀ ਰਿਜ਼ਵਾਨ ਅਰਸ਼ਦ ਨੇ ਪ੍ਰੈੱਸ ਕਾਨਫਰੰਸ ਕਰਕੇ ਤੇਲ ਮਾਰਕੀਟਿੰਗ ਕੰਪਨੀਆਂ (ਓ ਐੱਮ ਸੀਜ਼) ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਸੀ। ਉਨ੍ਹਾ ਦੱਸਿਆ ਕਿ ਬੈਂਗਲੁਰੂ, ਕੋਲਾਰ, ਰਾਮਨਗਰਾ, ਮੈਂਗਲੁਰੂ ਅਤੇ ਤੁਮਾਕੁਰੂ ਸਮੇਤ ਕਈ ਜ਼ਿਲ੍ਹਿਆਂ ਵਿੱਚੋਂ ਲਏ ਨਮੂਨਿਆਂ ਦੀ ਬੈਂਗਲੁਰੂ ਸਥਿਤ ਐੱਨ ਏ ਬੀ ਐੱਲ ਪ੍ਰਮਾਣਿਤ ਸ੍ਰੀਰਾਮ ਰਿਸਰਚ ਇੰਸਟੀਚਿਊਟ ਵਿੱਚ ਜਾਂਚ ਕਰਵਾਈ ਗਈ ਸੀ, ਜਿਸ ਵਿੱਚ ਇਥਾਨੋਲ ਦੀ ਮਾਤਰਾ ਨਿਯਮਾਂ ਤੋਂ ਕਿਤੇ ਜ਼ਿਆਦਾ ਦਰਜ ਕੀਤੀ ਗਈ। ਦੂਜੇ ਪਾਸੇ, ਸਰਕਾਰੀ ਤੇਲ ਕੰਪਨੀਆਂ ਇੰਡੀਅਨ ਆਇਲ ਕਾਰਪੋਰੇਸ਼ਨ, ਭਾਰਤ ਪੈਟਰੋਲੀਅਮ ਅਤੇ ਹਿੰਦੁਸਤਾਨ ਪੈਟਰੋਲੀਅਮ ਨੇ ਕਰਨਾਟਕ ਸਰਕਾਰ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ। ਇੱਕ ਸਾਂਝੇ ਬਿਆਨ ਵਿੱਚ ਕੰਪਨੀਆਂ ਨੇ ਕਿਹਾ ਕਿ ਉਨ੍ਹਾਂ ਵੱਲੋਂ ਸਪਲਾਈ ਕੀਤਾ ਜਾ ਰਿਹਾ ਈ-20 ਪੈਟਰੋਲ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਦੇ ਮਾਪਦੰਡਾਂ ਅਨੁਸਾਰ ਹੀ ਹੈ, ਜਿਸ ਵਿੱਚ 19 ਤੋਂ 21 ਫ਼ੀਸਦੀ ਇਥਾਨੋਲ ਦੀ ਹੱਦ ਤੈਅ ਹੈ।

ਸਤਿਕਾਰ ਸੋਧ ਐਕਟ 'ਤੇ ਸਰਕਾਰ ਲਗਾਏ ਮੁਕੰਮਲ ਰੋਕ : ਕਮੇਟੀ

ਸ੍ਰੀ ਆਨੰਦਪੁਰ ਸਾਹਿਬ (ਨ ਜ਼ ਸ)-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਦੇ ਮਾਮਲੇ ਸੰਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਗਈ ਕਾਨੂੰਨੀ ਮਾਹਰਾਂ ਅਤੇ ਵਿਦਵਾਨਾਂ ਆਧਾਰਤ ਕਮੇਟੀ ਦੀ ਅਹਿਮ ਇਕੱਤਰਤਾ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਈ। ਇਕੱਤਰਤਾ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਜਸਟਿਸ (ਸੇਵਾ-ਮੁਕਤ) ਰੁਪਿੰਦਰ ਸਿੰਘ ਸੋਢੀ, ਜਸਟਿਸ (ਸੇਵਾ-ਮੁਕਤ) ਮਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਸਿੱਖ ਵਿਦਵਾਨ ਡਾ. ਕੇਹਰ ਸਿੰਘ ਅਤੇ ਪ੍ਰੋ. ਜਗਮੋਹਨ ਸਿੰਘ ਸ਼ਾਮਲ ਹੋਏ। ਇਕੱਤਰਤਾ ਵਿੱਚ ਪੰਜਾਬ ਸਰਕਾਰ ਵੱਲੋਂ ਕਾਨੂੰਨ ਸੰਬੰਧੀ ਬਣਾਈ ਤਾਲਮੇਲ ਕਮੇਟੀ ਦੇ ਨੋਡਲ ਅਫ਼ਸਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਹਰ ਕਮੇਟੀ ਨਾਲ ਗੱਲਬਾਤ ਲਈ ਲਿਖੇ ਗਏ ਪੱਤਰ ਉੱਤੇ ਵਿਚਾਰ ਹੋਈ। ਮਾਹਰ ਕਮੇਟੀ ਨੇ ਡੂੰਘੇ ਵਿਚਾਰ-ਵਟਾਂਦਰੇ ਉਪਰੰਤ ਫ਼ੈਸਲਾ ਕੀਤਾ ਕਿ ਗੱਲਬਾਤ ਅਗਾਂਹ ਵਧਾਉਣ ਤੋਂ ਪਹਿਲਾਂ ਪੰਜਾਬ ਸਰਕਾਰ 29 ਜੂਨ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੀ ਪਾਲਣਾ ਕਰਦਿਆਂ ਸੋਧ ਐਕਟ 2026 ਦੇ ਅਮਲ ਉੱਤੇ ਮੁਕੰਮਲ ਰੋਕ ਲਗਾਵੇ ਅਤੇ ਆਦੇਸ਼ ਅਨੁਸਾਰ ਹੁਣ ਤੱਕ ਦੀ ਕੀਤੀ ਕਾਰਵਾਈ ਦੀ ਜਾਣਕਾਰੀ ਭੇਜੇ।

ਕਮੇਟੀ ਮੈਂਬਰਾਂ ਨੇ ਆਖਿਆ ਕਿ 8 ਮਈ 2026 ਨੂੰ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਬਾਅਦ ਵਿੱਚ 29 ਜੂਨ 2026 ਨੂੰ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ਾਂ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਸੋਧ ਐਕਟ 2026 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦਰਜ ਕਰਵਾਈ ਗਈ ਭਾਵਨਾ ਅਨੁਸਾਰ ਕੋਈ ਠੋਸ ਕਾਰਵਾਈ ਨਾ ਕਰਨਾ ਸਰਕਾਰ ਦੀ ਬਦਨੀਤੀ ਹੈ। ਉਨ੍ਹਾ ਕਿਹਾ ਕਿ ਇਸ ਮਾਮਲੇ ਵਿੱਚ ਸਰਕਾਰ ਦੀ ਸੁਹਿਰਦਤਾ ਇਸੇ ਗੱਲ ਤੋਂ ਸਾਬਤ ਹੋਵੇਗੀ ਕਿ ਸਰਕਾਰ ਇਸ ਕਾਨੂੰਨ ਦੇ ਅਮਲ ਉੱਤੇ ਪਹਿਲਾਂ ਮੁਕੰਮਲ ਰੋਕ ਲਗਾਵੇ।

ਇਨਸਾਫ਼ ਮੋਰਚੇ ਵਿੱਚ ਪੁੱਜੇ ਰੈਸਲਰ ਗ੍ਰੇਟ ਖਲੀ



ਮਾਨਸਾ (ਆਤਮਾ ਸਿੰਘ ਪਮਾਰ)

ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਜਾਨ ਗੁਆਉਣ ਵਾਲੇ ਨੌਜਵਾਨ ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਲਈ ਮਾਨਸਾ ਵਿਖੇ ਚੱਲ ਰਹੇ ਮੋਰਚੇ ਵਿੱਚ ਸ਼ਨੀਵਾਰ ਨੂੰ ਵਿਸ਼ਵ ਪ੍ਰਸਿੱਧ ਰੈਸਲਰ ਦਿ ਗ੍ਰੇਟ ਖ਼ਲੀ ਪੁੱਜੇ। ਉਨ੍ਹਾਂ ਨੇ ਝੋਟਾ ਦੇ ਪਰਿਵਾਰਕ ਮੈਂਬਰਾਂ ਮਾਤਾ ਅਮਰਜੀਤ ਕੌਰ ਅਤੇ ਪਤਨੀ ਮਨਪ੍ਰੀਤ ਕੌਰ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ ਅਤੇ ਇਸ ਔਖੀ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ। ਗ੍ਰੇਟ ਖ਼ਲੀ ਨੇ ਨੌਜਵਾਨ ਵਰਗ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹਨ, ਉਨ੍ਹਾਂ ਨੂੰ ਆਪਣੀ ਤਾਕਤ ਅਤੇ ਊਰਜਾ ਉਸਾਰੂ ਕੰਮਾਂ ਵਿੱਚ ਲਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਜਥੇਬੰਦੀ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਇਸ ਬੁਰਾਈ ਵਿਰੁੱਧ ਸਮੂਹਿਕ ਮੁਹਿੰਮ ਚਲਾਉਣਾ ਸਮੇਂ ਦੀ ਮੁੱਖ ਲੋੜ ਹੈ।

ਸਸਕਾਰ ਅੱਜ

ਨਸ਼ਿਆਂ ਵਿਰੁੱਧ ਸੰਘਰਸ਼ ਕਰਦਿਆਂ ਆਪਣੀ ਜਾਨ ਗੁਆਉਣ ਵਾਲੇ ਪਰਵਿੰਦਰ ਸਿੰਘ ਝੋਟਾ ਦਾ ਅੰਤਿਮ ਸੰਸਕਾਰ 8 ਨਵੰਬਰ ਨੂੰ ਦੁਪਹਿਰ 12 ਤੋਂ 1 ਵਜੇ ਦਰਮਿਆਨ ਕੀਤਾ ਜਾਵੇਗਾ। ਪੋਸਟਮਾਰਟਮ ਦੀ ਪ੍ਰਕਿਰਿਆ ਸ਼ਨੀਵਾਰ ਨੂੰ ਪੀ ਜੀ ਆਈ, ਚੰਡੀਗੜ੍ਹ ਵਿਖੇ ਮੁਕੰਮਲ ਹੋ ਚੁੱਕੀ ਹੈ ਅਤੇ ਮ੍ਰਿਤਕ ਦੇਹ ਐਤਵਾਰ ਨੂੰ ਸਵੇਰੇ ਮਾਨਸਾ ਲਿਆਂਦੀ ਜਾਵੇਗੀ। ਇਸ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਫ਼ੌਜੀ ਨੇ ਨੌਜਵਾਨਾਂ ਨੂੰ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਦੀਵਾਲੀ ਦੇ ਪਵਿੱਤਰ ਮੌਕੇ ਹਰ ਨੌਜਵਾਨ ਨਸ਼ਿਆਂ ਨੂੰ ਤਿਆਗਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਲਵੇ।

ਐੱਸ ਆਈ ਆਰ ਵਿਰੁੱਧ ਰੋਹ ਕੋਚੀ ਪੁੱਜਾ



ਕੋਚੀ (ਨਵਾਂ ਜ਼ਮਾਨਾ ਸਰਵਿਸ)

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਵੱਲੋਂ ਵੋਟਰ ਸੂਚੀਆਂ ਵਿਚ ਵਿਸ਼ੇਸ਼ ਤੀਬਰ ਸੋਧ (ਐੱਸ ਆਈ ਆਰ) ਵਿਰੁੱਧ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਸ਼ੁਰੂ ਕੀਤੇ ਅੰਦੋਲਤ ਤਹਿਤ ਕੋਚੀ ਵਿਚ ਪ੍ਰਦਰਸ਼ਨ ਤੇ ਰੈਲੀ ਕੀਤੀ ਗਈ, ਜਿਸ ਦੀ ਅਗਵਾਈ ਅਦਾਕਾਰ ਪ੍ਰਕਾਸ਼ ਰਾਜ ਨੇ ਕੀਤੀ। ਸੈਂਕੜੇ ਪ੍ਰਦਰਸ਼ਨਕਾਰੀ 'ਜੰਤਰ ਮੰਤਰ ਐਟ ਕੋਚੀ' ਮਾਰਚ ਵਿੱਚ ਸ਼ਾਮਲ ਹੋਏ। ਇਸ ਮੌਕੇ ਆਪਣੇ ਸੰਬੋਧਨ ਵਿਚ ਸੀ ਜੇ ਪੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਦੋਸ਼ ਲਾਇਆ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਹੋਣ ਵਾਲੀਆਂ ਚੋਣਾਂ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ। ਦੀਪਕੇ, ਜੋ ਕੋਚੀਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਪਹੁੰਚੇ ਸਨ, ਨੇ ਕਿਹਾ ਕਿ ਕੁਮਾਰ ਵਿਰੁੱਧ ਪਾਰਟੀ ਦੀ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਦੇਸ਼ ਵਿੱਚ ਇੱਕ ਸੁਤੰਤਰ ਅਤੇ ਨਿਰਪੱਖ ਚੋਣ ਪ੍ਰਣਾਲੀ ਯਕੀਨੀ ਨਹੀਂ ਹੋ ਜਾਂਦੀ। ਹਵਾਈ ਅੱਡੇ 'ਤੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਦੀਪਕੇ ਨੇ ਕਿਹਾ ਕਿ ਮੌਜੂਦਾ ਮੁੱਖ ਚੋਣ ਕਮਿਸ਼ਨਰ ਦੇ ਅਧੀਨ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਆਸ ਨਹੀਂ ਕੀਤੀ ਜਾ ਸਕਦੀ। ਇਹ ਦਾਅਵਾ ਕਰਦੇ ਹੋਏ ਕਿ ਉਨ੍ਹਾਂ ਵੱਲੋਂ ਇੱਕ ਰਾਜਨੀਤਕ ਪਾਰਟੀ ਨੂੰ ਲਾਭ ਪਹੁੰਚਾਉਣ ਲਈ ਹੇਰਾਫੇਰੀ ਕੀਤੀ ਜਾ ਰਹੀ ਹੈ। ਉਹਨਾ ਕਿਹਾ ਕਿ ਗਿਆਨੇਸ਼ ਕੁਮਾਰ ਵਿਰੁੱਧ ਲੜਾਈ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਸਾਨੂੰ ਇੱਕ ਸੁਤੰਤਰ ਅਤੇ ਨਿਰਪੱਖ ਚੋਣ ਪ੍ਰਣਾਲੀ ਨਹੀਂ ਮਿਲਦੀ। ਦੀਪਕੇ ਨੇ ਇਹ ਵੀ ਵਿਸ਼ਵਾਸ ਪ੍ਰਗਟ ਕੀਤਾ ਕਿ ਵੱਡੀ ਗਿਣਤੀ ਵਿੱਚ ਨੌਜਵਾਨ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਣਗੇ। ਇਹ ਦਾਅਵਾ ਕਰਦੇ ਹੋਏ ਕਿ ਕੇਰਲ ਵਿੱਚ ਸਭ ਤੋਂ ਵੱਧ ਰਜਿਸਟਰਡ ਸੀ ਜੇ ਪੀ ਮੈਂਬਰ ਹਨ, ਦੀਪਕੇ ਨੇ ਕਿਹਾ ਕਿ ਮੈਨੂੰ ਪੂਰਾ ਯਕੀਨ ਹੈ ਕਿ ਕੇਰਲਮ ਦੇ ਨੌਜਵਾਨ ਵੱਡੀ ਗਿਣਤੀ ਵਿੱਚ ਬਾਹਰ ਆਉਣਗੇ।

ਟੈਕ ਮਹਿੰਦਰਾ ਦੇ ਸਾਬਕਾ ਮੁਖੀ ਦੀ ਗੋਲੀਆਂ ਮਾਰ ਕੇ ਹੱਤਿਆ

ਫਰੀਦਾਬਾਦ : ਪਾਰਕਿੰਗ ਵਿਵਾਦ ਨੂੰ ਲੈ ਕੇ ਗੁਆਂਢੀ ਨੇ ਟੈਕ ਮਹਿੰਦਰਾ ਦੇ ਸਾਬਕਾ ਮੁਖੀ ਪਰਮਜੀਤ ਧਨਖੜ ਦੀ ਹੱਤਿਆ ਕਰ ਦਿੱਤੀ। ਪੁਲਸ ਅਨੁਸਾਰ, ਸ਼ੱਕੀ ਜਿਸ ਦੀ ਪਛਾਣ ਮੋਹਨ ਸ਼ਰਮਾ ਵਜੋਂ ਕੀਤੀ ਗਈ ਹੈ, ਨੇ ਧਨਖੜ 'ਤੇ ਆਪਣੇ ਲਾਇਸੈਂਸੀ ਪਿਸਤੌਲ ਨਾਲ ਲਗਭਗ 15 ਗੋਲੀਆਂ ਚਲਾਈਆਂ। ਇਹ ਘਟਨਾ ਫਰੀਦਾਬਾਦ ਦੇ ਸੈਕਟਰ 213 ਵਿੱਚ ਹੋਈ।

ਪੁਲਸ ਨੇ ਕਿਹਾ ਕਿ ਇੱਕ ਚਾਰ ਮੰਜ਼ਲਾ ਇਮਾਰਤ ਵਿੱਚ ਰਹਿਣ ਵਾਲੇ ਦੋਵੇਂ ਪਰਵਾਰ ਪਾਰਕਿੰਗ ਅਤੇ ਪਾਰਕਿੰਗ ਖੇਤਰ ਵਿੱਚ ਇੱਕ ਕੁੱਤੇ ਦੇ ਮਲ-ਮੂਤਰ ਨੂੰ ਲੈ ਕੇ ਕਈ ਦਿਨਾਂ ਤੋਂ ਝਗੜੇ ਵਿੱਚ ਉਲਝੇ ਹੋਏ ਸਨ। ਪਰਮਜੀਤ ਧਨਖੜ, ਸਿੰਗਾਪੁਰ ਵਿੱਚ ਰਹਿੰਦਾ ਸੀ ਅਤੇ ਵਰਤਮਾਨ ਵਿੱਚ ਐੱਫ ਪੀ ਟੀ ਸਾਫਟਵੇਅਰ ਕੰਪਨੀ ਲਿਮਟਿਡ ਦੇ ਸੀਨੀਅਰ ਉਪ ਪ੍ਰਧਾਨ ਵਜੋਂ ਕੰਮ ਕਰ ਰਿਹਾ ਸੀ, ਜਿਸ ਦਾ ਮੁੱਖ ਦਫਤਰ ਵੀਅਤਨਾਮ ਵਿੱਚ ਹੈ।

ਸ਼ਮੀ ਨੇ ਟੈਸਟ ਕ੍ਰਿਕਟ ਨੂੰ ਕਿਹਾ ਅਲਵਿਦਾ

ਨਵੀਂ ਦਿੱਲੀ : ਭਾਰਤੀ ਕ੍ਰਿਕਟ ਟੀਮ ਦੇ ਤਜਰਬੇਕਾਰ ਤੇਜ਼ ਗੇਂਦਬਾਜ਼ ਮੁਹੰਮਦ ਸ਼ਮੀ ਨੇ ਟੈਸਟ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਰਸਮੀ ਐਲਾਨ ਕਰ ਦਿੱਤਾ ਹੈ। ਇਸ ਫ਼ੈਸਲੇ ਨਾਲ ਖੇਡ ਦੇ ਸਭ ਤੋਂ ਲੰਮੇ ਫਾਰਮੈਟ ਵਿੱਚ ਉਨ੍ਹਾਂ ਦਾ 13 ਸਾਲਾਂ ਦਾ ਸ਼ਾਨਦਾਰ ਸਫ਼ਰ ਖ਼ਤਮ ਹੋ ਗਿਆ ਹੈ। ਖ਼ਾਸ ਗੱਲ ਇਹ ਰਹੀ ਕਿ ਸ਼ਮੀ ਨੇ ਆਪਣੇ ਸੰਨਿਆਸ ਦਾ ਐਲਾਨ ਠੀਕ ਉਸੇ ਦਿਨ ਕੀਤਾ, ਜਿਸ ਦਿਨ 6 ਨਵੰਬਰ 2013 ਨੂੰ ਉਨ੍ਹਾ ਟੈਸਟ ਕ੍ਰਿਕਟ ਵਿੱਚ ਆਪਣਾ ਡੈਬਿਊ ਕੀਤਾ ਸੀ। ਸ਼ਮੀ ਨੇ ਭਾਰਤ ਲਈ 64 ਟੈਸਟ ਮੈਚਾਂ ਦੀਆਂ 122 ਪਾਰੀਆਂ ਵਿੱਚ 27.71 ਦੀ ਔਸਤ ਅਤੇ 3.30 ਦੀ ਇਕਾਨਮੀ ਨਾਲ ਕੁੱਲ 229 ਵਿਕਟਾਂ ਹਾਸਲ ਕੀਤੀਆਂ।


ਟਰੂਡੋ ਹੁਣ ਪੜ੍ਹਾਉਣਗੇ

ਵੈਨਕੂਵਰ : ਕੈਨੇਡਾ ਦੇ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਹੁਣ ਆਕਸਫੋਰਡ ਯੂਨੀਵਰਸਿਟੀ ਦੇ ਬਲੈਵੈਟਨਿਕ ਸਕੂਲ ਆਫ਼ ਗਵਰਨਮੈਂਟ ਵਿੱਚ ਪੜ੍ਹਾਇਆ ਕਰਨਗੇ। ਯੂਨੀਵਰਸਿਟੀ ਦੇ ਇਸ ਸਕੂਲ ਦੇ ਅਧਿਕਾਰਤ 'ਐੱਕਸ' ਖਾਤੇ ਰਾਹੀਂ ਦੱਸਿਆ ਗਿਆ ਹੈ ਕਿ ਜਸਟਿਨ ਟਰੂਡੋ ਨੇ ਉਨ੍ਹਾਂ ਦੀ ਪੇਸ਼ਕਸ਼ ਸਵੀਕਾਰ ਕਰ ਲਈ ਹੈ। ਉਹ ਹੁਣ ਉੱਥੇ ਮਾਣਯੋਗ ਸਹਿਯੋਗੀ ਅਤੇ ਵਿਸ਼ਵ ਪੱਧਰੀ ਪ੍ਰਮੁੱਖ ਆਗੂ ਸਮੂਹ ਦੇ ਮਾਣਮੱਤੇ ਮੈਂਬਰ ਹੋਣਗੇ। ਯੂਨੀਵਰਸਿਟੀ ਵਿੱਚ ਇਹ ਸਾਬਕਾ ਰਾਸ਼ਟਰ ਮੁਖੀਆਂ ਦਾ ਅੰਤਰਰਾਸ਼ਟਰੀ ਮੰਚ ਹੈ, ਜਿਸ ਦੇ ਮੈਂਬਰ ਆਪਣੇ ਸ਼ਾਸਨਕਾਲ ਦੇ ਸਰਕਾਰੀ ਅਤੇ ਰਾਜਨੀਤਕ ਤਜਰਬੇ ਸਿਖਿਆਰਥੀਆਂ ਨਾਲ ਸਾਂਝੇ ਕਰਦੇ ਹਨ। ਉਹ ਨਵੀਂ ਪੀੜ੍ਹੀ ਦੇ ਵਿਦਿਆਰਥੀਆਂ ਅਤੇ ਭਵਿੱਖ ਦੇ ਆਗੂ ਬਣਨ ਦੀ ਸਮਰੱਥਾ ਰੱਖਦੇ ਨੌਜਵਾਨਾਂ ਨਾਲ ਵਿਚਾਰ-ਵਟਾਂਦਰਾ ਕਰਨ ਦੇ ਨਾਲ-ਨਾਲ ਵਿਸ਼ਵ ਪੱਧਰ ਉੱਤੇ ਚੰਗੇ ਸ਼ਾਸਨ ਨਿਰਮਾਣ ਦੀਆਂ ਨੀਤੀਆਂ ਵਿੱਚ ਸਹਿਯੋਗ ਕਰਦੇ ਹਨ। ਬਰਤਾਨੀਆ ਦੇ ਸਾਬਕਾ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਅਤੇ ਨਿਊ ਜ਼ੀਲੈਂਡ ਦੀ ਸਾਬਕਾ ਪ੍ਰਧਾਨ ਮੰਤਰੀ ਜੈਸਿੰਡਾ ਆਰਡਰਨ ਇਸ ਸਮੂਹ ਵਿੱਚ ਪਹਿਲਾਂ ਸ਼ਾਮਲ ਹੋ ਚੁੱਕੇ ਹਨ।

ਛੁੱਟੀ ਦਾ ਐਲਾਨ

ਸਮੂਹ ਪਾਠਕਾਂ ਨੂੰ ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਦੇ ਸ਼ੁੱਭ ਦਿਹਾੜੇ ਦੀਆਂ ਮੁਬਾਰਕਾਂ। 8 ਨਵੰਬਰ ਨੂੰ ਦੀਵਾਲੀ ਦੀ ਛੁੱਟੀ ਹੋਣ ਕਾਰਨ 'ਨਵਾਂ ਜ਼ਮਾਨਾ' ਦੇ ਦਫਤਰ ਬੰਦ ਰਹਿਣਗੇ, ਜਿਸ ਕਰਕੇ 9 ਨਵੰਬਰ ਨੂੰ 'ਨਵਾਂ ਜ਼ਮਾਨਾ' ਮਾਰਕਿਟ ਵਿੱਚ ਨਹੀਂ ਆਵੇਗਾ। 10 ਨਵੰਬਰ ਨੂੰ ਅਖ਼ਬਾਰ ਆਮ ਵਾਂਗ ਪਾਠਕਾਂ ਤੱਕ ਪੁੱਜੇਗਾ। ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਵਾਰ 'ਐਤਵਾਰਤਾ' ਨਹੀਂ ਛਾਪਿਆ ਜਾ ਰਿਹਾ। **-ਜਨਰਲ ਮੈਨੇਜਰ**

ਜਦੋਂ ਸੋਨੀਆ ਵੱਡੀ ਦੁਚਿੱਤੀ ਦੌਰਾਨ ਭਗਵਦ ਗੀਤਾ ਵੱਲ ਮੁੜੀ



ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਸੀਨੀਅਰ ਕਾਂਗਰਸ ਨੇਤਾ ਸੋਨੀਆ ਗਾਂਧੀ ਕਹਿੰਦੀ ਹੈ ਕਿ 1990 ਦੇ ਦਹਾਕੇ ਵਿੱਚ ਹਰ ਵਾਰ ਜਦੋਂ ਉਹ ਆਪਣੀ ਮਰਹੂਮ ਸੱਸ ਇੰਦਰਾ ਗਾਂਧੀ ਅਤੇ ਪਤੀ ਰਾਜੀਵ ਗਾਂਧੀ ਦੀਆਂ ਤਸਵੀਰਾਂ ਦੇ ਅੱਗਿਓਂ ਲੰਘਦੀ ਸੀ ਤਾਂ ਦਰਦ ਅਤੇ ਦੋਸ਼ ਦਾ ਮਿਸ਼ਰਣ ਉਸ ਨੂੰ ਘੇਰ ਲੈਂਦਾ ਸੀ। ਸੋਨੀਆ ਗਾਂਧੀ ਰਾਜਨੀਤੀ ਨੂੰ ਹਮੇਸ਼ਾ ਨਾਪਸੰਦ ਕਰਦੀ ਸੀ ਅਤੇ ਆਪਣੇ ਪਤੀ ਰਾਜੀਵ ਗਾਂਧੀ ਦੀ ਹੱਤਿਆ ਤੋਂ ਬਾਅਦ ਰਾਜਨੀਤਕ ਦੁਨੀਆ ਵਿੱਚ ਛਾਲ ਮਾਰਨ ਬਾਰੇ ਆਪਣੇ ਆਪ ਨਾਲ ਲੜਦੀ ਸੀ, ਪਰ ਭਗਵਦ ਗੀਤਾ ਨੇ ਉਸ ਦੇ ਸ਼ੰਕਿਆਂ ਨੂੰ ਦੂਰ ਕਰਨ ਵਿੱਚ ਮਦਦ ਕੀਤੀ ਅਤੇ ਉਸ ਨੂੰ ਅੱਗੇ ਵਧਣ ਦਾ ਰਸਤਾ ਦਿਖਾਇਆ।

ਸਾਬਕਾ ਕਾਂਗਰਸ ਮੁਖੀ ਨੇ ਰਾਜਨੀਤੀ ਵਿੱਚ ਸਰਗਰਮੀ ਨਾਲ ਆਉਣ ਤੋਂ ਪਹਿਲਾਂ ਦੇ ਸਾਲਾਂ ਵਿੱਚ ਆਪਣੇ ਅੰਦਰੂਨੀ ਟਕਰਾਅ ਅਤੇ ਉਥਲ-ਪੁਥਲ ਬਾਰੇ ਗੱਲ ਕਰਦੇ ਹੋਏ ਆਪਣੀ ਕਿਤਾਬ 'ਬਿਲੌਂਗਿੰਗ : ਏ ਜਰਨੀ ਆਫ਼ ਲਵ' ਵਿੱਚ ਲਿਖਿਆ ਹੈ ਕਿ 1990 ਦੇ ਦਹਾਕੇ ਦੇ ਅਖੀਰ ਵਿੱਚ ਜਦੋਂ ਪਾਰਟੀ ਇੱਕ ਚੁਣੌਤੀਪੂਰਨ ਸਮੇਂ ਦਾ ਸਾਹਮਣਾ ਕਰ ਰਹੀ ਸੀ ਤਾਂ ਦਰਦ ਅਤੇ ਦੋਸ਼ ਦਾ ਮਿਸ਼ਰਣ ਉਸ ਨੂੰ ਘੇਰ ਲੈਂਦਾ ਸੀ। ਉਸ ਨੇ ਯਾਦ ਕੀਤਾ ਕਿ ਰਾਜਨੀਤੀ ਵਿਚ ਆਉਣ ਬਾਰੇ ਕਿਵੇਂ ਉਸ ਦੇ ਬੱਚੇ ਰਾਹੁਲ ਅਤੇ ਪ੍ਰਿਯੰਕਾ ਗਾਂਧੀ ਉਸ ਦੇ ਨਾਲ ਜ਼ੋਰਦਾਰ ਬਹਿਸ ਕਰਦੇ ਸਨ, ਕਿਉਂਕਿ ਉਹ ਮੈਨੂੰ ਵੀ ਗੁਆਉਣਾ ਨਹੀਂ ਚਾਹੁੰਦੇ ਸਨ। ਉਸ ਨੇ ਲਿਖਿਆ, 'ਮੈਂ ਆਪਣੇ ਆਪ ਨਾਲ ਇੱਕ ਜੰਗ ਵਿੱਚ ਫਸ ਗਈ ਸੀ, ਮੇਰਾ ਇੱਕ ਹਿੱਸਾ ਰਾਜਨੀਤੀ ਦੀ ਦੁਨੀਆ, ਲਾਲਚ, ਪਖੰਡ ਅਤੇ ਧੋਖੇਬਾਜ਼ੀ ਤੋਂ ਪਿੱਛੇ ਹਟ ਗਿਆ ਸੀ, ਜੋ ਹਰ ਜਗ੍ਹਾ ਸੱਤਾ ਦੀ ਖੇਡ ਨਾਲ ਅਟੱਲ ਤੌਰ 'ਤੇ ਜਾਂਦਾ ਹੈ।' ਫਰਜ਼ਾਂ ਦੀ ਖਿੱਚ ਅਤੇ ਆਪਣੇ ਡਰ ਤੋਂ ਦੁਖੀ ਹੋ ਕੇ ਸੋਨੀਆ ਕਹਿੰਦੀ ਹੈ ਕਿ ਉਹ ਭਗਵਦ ਗੀਤਾ ਵੱਲ ਮੁੜੀ ਅਤੇ ਜਿਵੇਂ ਹੀ ਉਸ ਦੇ ਪਾਠ ਸਮਾਪਤ ਹੋਣ ਵਾਲੇ ਸਨ ਅਤੇ ਕ੍ਰਿਸ਼ਨ ਨੇ ਸੰਦੇਸ਼ ਦਿੱਤਾ, 'ਕਰਮ ਦੇ ਫਲ ਦੀ ਪਰਵਾਹ ਕੀਤੇ ਬਿਨਾਂ ਆਪਣਾ ਧਰਮ ਨਿਭਾਓ।' ਗਾਂਧੀ ਆਪਣੀ ਕਿਤਾਬ 'ਬਿਲੌਂਗਿੰਗ: ਏ ਜਰਨੀ ਆਫ਼ ਲਵ' ਜਿਸ ਦੇ ਕੁਝ ਅੰਸ਼ 'ਦ ਹਿੰਦੂ' ਦੁਆਰਾ ਪ੍ਰਕਾਸ਼ਤ ਕੀਤੇ ਗਏ ਹਨ, ਵਿਚ ਕਹਿੰਦੀ ਹੈ ਕਿ 1996 ਦੇ ਚੋਣ ਨਤੀਜੇ ਕਾਂਗਰਸ ਲਈ ਨਿਰਾਸ਼ਾਜਨਕ ਸਨ, ਕਿਉਂਕਿ ਕਾਂਗਰਸ ਆਪਣੇ ਦਮ 'ਤੇ ਸਰਕਾਰ ਨਹੀਂ ਬਣਾ ਸਕੀ ਸੀ। ਉਹ ਕਹਿੰਦੀ ਹੈ ਕਿ ਪਾਰਟੀ ਫੁੱਟ ਅਤੇ ਧੜੇਬੰਦੀ ਨਾਲ ਜੂਝ ਰਹੀ ਸੀ। 1995 ਵਿੱਚ ਮੈਨੂੰ ਇੱਕ ਖਾਸ ਸਮੂਹ ਦਾ ਸਮਰਥਨ ਕਰਨ ਲਈ ਕਿਹਾ ਗਿਆ ਸੀ, ਜਿਸ ਵਿੱਚ ਮੁੱਖ ਆਗੂ ਅਰਜੁਨ ਸਿੰਘ, ਐੱਨ ਡੀ ਤਿਵਾੜੀ ਅਤੇ ਮੋਹਸਿਨਾ ਕਿਦਵਈ ਸਨ, ਜੋ ਦਹਾਕਿਆਂ ਤੋਂ ਪਾਰਟੀ ਦੇ ਮੈਂਬਰ ਸਨ ਅਤੇ ਮਹੱਤਵਪੂਰਨ ਅਹੁਦਿਆਂ ਅਤੇ ਮੰਤਰਾਲੇ 'ਤੇ ਰਹੇ ਸਨ। ਮੈਂ ਇਨਕਾਰ ਕਰ ਦਿੱਤਾ ਸੀ। ਉਹ ਟੁੱਟ ਗਏ ਅਤੇ ਇੱਕ ਹੋਰ ਪਾਰਟੀ ਬਣਾਈ, ਅਗਲੇ ਸਾਲ ਸੀਨੀਅਰ ਤਾਮਿਲ ਨੇਤਾ ਜੀ ਕੇ ਮੂਪਨਾਰ, ਪੀ ਚਿਦੰਬਰਮ ਅਤੇ ਇੱਕ ਨੌਜਵਾਨ ਕਾਂਗਰਸ ਮੈਂਬਰ ਮਾਧਵ ਰਾਓ ਸਿੰਧੀਆ, ਜੋ 1980 ਵਿੱਚ ਸ਼ਾਮਲ ਹੋਏ ਸਨ, ਨੇ ਵੱਖਰੀਆਂ ਪਾਰਟੀਆਂ ਸਥਾਪਤ ਕੀਤੀਆਂ। 1997 ਵਿੱਚ ਮਮਤਾ ਬੈਨਰਜੀ ਨੇ ਸੂਬਾਈ ਲੀਡਰਸ਼ਿਪ ਨਾਲ ਮਤਭੇਦਾਂ ਕਾਰਨ ਪਾਰਟੀ ਛੱਡ ਦਿੱਤੀ ਅਤੇ ਆਪਣੀ ਪਾਰਟੀ ਤ੍ਰਿਣਮੂਲ ਕਾਂਗਰਸ ਬਣਾਈ। ਮੈਂ 1997 ਵਿੱਚ ਇੱਕ ਪ੍ਰਾਇਮਰੀ ਮੈਂਬਰ ਬਣ ਗਈ ਸੀ, ਜਦੋਂ ਮੈਨੂੰ ਕਾਂਗਰਸ ਪ੍ਰਧਾਨ ਸੀਤਾਰਾਮ ਕੇਸਰੀ ਨੇ ਕਲਕੱਤਾ ਵਿੱਚ ਪਾਰਟੀ ਦੇ 80ਵੇਂ ਪੂਰਨ ਸੈਸ਼ਨ ਲਈ ਸੱਦਾ ਦਿੱਤਾ ਸੀ, ਪਰ ਜਿਵੇਂ-ਜਿਵੇਂ ਪਾਰਟੀ ਦੀ ਸਥਿਤੀ ਵਿਗੜਦੀ ਜਾਪ ਰਹੀ ਸੀ, ਮੇਰੇ 'ਤੇ ਇਸ ਦੀ ਲੀਡਰਸ਼ਿਪ ਸੰਭਾਲਣ ਦਾ ਦਬਾਅ ਵਧਦਾ ਜਾ ਰਿਹਾ ਸੀ। ਗਾਂਧੀ ਕਹਿੰਦੀ ਹੈ ਕਿ ਉਹ ਪਰੇਸ਼ਾਨੀ ਮਹਿਸੂਸ ਕਰਨ ਲੱਗ ਪਈ, ਕਾਂਗਰਸ ਪਾਰਟੀ ਵਿੱਚ ਕੀ ਹੋ ਰਿਹਾ ਸੀ, ਇਸ ਬਾਰੇ ਸੋਚ ਰਹੀ ਸੀ, ਇਸ ਦੇ ਭਵਿੱਖ ਬਾਰੇ ਚਿੰਤਤ ਸੀ। ਉਹ ਯਾਦ ਕਰਦੀ ਹੈ ਕਿ ਮੀਡੀਆ ਵਿੱਚ ਲੇਖ ਇਸ ਦੇ ਭਵਿੱਖ ਦੀ ਇੱਕ ਦੁਖਦਾਈ ਤਸਵੀਰ ਪੇਸ਼ ਕਰ ਰਹੇ ਸਨ। ਸੋਨੀਆ ਗਾਂਧੀ ਕਹਿੰਦੀ ਹੈ ਕਿ ਮੈਂ ਘਰ ਵਿੱਚ ਆਰਾਮ ਨਾਲ ਕਿਵੇਂ ਬੈਠ ਸਕਦੀ ਸੀ ਅਤੇ ਉਨ੍ਹਾਂ ਦੇ ਕੰਮ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਵਿਅਰਥ ਕਿਵੇਂ ਜਾਣ ਦੇ ਸਕਦੀ ਹਾਂ।



ਦੀਵਾਲੀ ਦੀਆਂ ਮੁਬਾਰਕਾਂ : ਦੇਸ਼ ਭਰ ਵਿੱਚ ਦੀਵਾਲੀ ਦਾ ਤਿਉਹਾਰ ਪੂਰੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਕੋਈ ਸਮਾਂ ਸੀ, ਜਦੋਂ ਮਿੱਟੀ ਦੇ ਦੀਵੇ, ਤੌੜੀਆਂ ਅਤੇ ਕੁੱਜੇ ਬਣਾਉਣ ਵਾਲੇ ਲੋਕ ਤਿਉਹਾਰਾਂ ਦੇ ਦਿਨਾਂ ਵਿੱਚ ਬਹੁਤ ਜ਼ਿਆਦਾ ਖੁਸ਼ ਹੁੰਦੇ ਸਨ, ਕਿਉਂਕਿ ਇਹਨਾਂ ਦਿਨਾਂ ਵਿੱਚ ਉਹਨਾਂ ਵੱਲੋਂ ਮਿੱਟੀ ਦੇ ਬਣਾਏ ਭਾਂਡਿਆਂ ਦੀ ਵਿਕਰੀ ਬਹੁਤ ਵਧ ਜਾਂਦੀ ਸੀ।ਮੌਜੂਦਾ ਸਮੇਂ ਦੌਰਾਨ ਹੋਏ ਬਿਜਲੀਕਰਨ ਨੇ ਇਹਨਾਂ ਦਾ ਰੁਜ਼ਗਾਰ ਠੰਢਾ ਪਾ ਦਿੱਤਾ ਹੈ।ਦੀਵਾਲੀ ਦੇ ਮੌਕੇ ਪਿੰਡ ਦੇਧਨਾ ਦੀ ਇਕ ਔਰਤ ਦੀਵਿਆਂ ਤੇ ਹੋਰ ਭਾਂਡਿਆਂ ਦੀ ਵਿਕਰੀ ਲਈ ਗਾਹਕ ਉਡੀਕਦੀ ਹੋਈ। (ਤਸਵੀਰ ਤੇ ਵੇਰਵਾ : ਭੁਪਿੰਦਰਜੀਤ ਮੌਲਵੀਵਾਲਾ, ਪਾਤੜਾਂ)

ਕੈਨੇਡਾ ਵੱਲੋਂ ਨਿਯਮਾਂ 'ਚ ਢਿੱਲ

ਵਿਨੀਪੈੱਗ (ਨ ਜ਼ ਸ)-ਕੈਨੇਡਾ ਸਰਕਾਰ ਨੇ ਦੇਸ਼ ਵਿੱਚ ਮਜ਼ਦੂਰਾਂ ਦੀ ਘਾਟ ਨੂੰ ਪੂਰਾ ਕਰਨ ਅਤੇ ਵੱਖ-ਵੱਖ ਉਦਯੋਗਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਟੈਂਪਰੇਰੀ ਫੌਰਨ ਵਰਕਰ ਪ੍ਰੋਗਰਾਮ ਵਿੱਚ ਕਈ ਅਹਿਮ ਤਬਦੀਲੀਆਂ ਕਰਨ ਦਾ ਐਲਾਨ ਕੀਤਾ ਹੈ। ਇਨ੍ਹਾਂ ਤਬਦੀਲੀਆਂ ਦਾ ਮੁੱਖ ਮਕਸਦ ਕਾਰੋਬਾਰਾਂ ਨੂੰ ਲੋੜੀਂਦੇ ਕਾਮੇ ਮੁਹੱਈਆ ਕਰਵਾਉਣਾ, ਪੇਂਡੂ ਇਲਾਕਿਆਂ ਦੀਆਂ ਲੋੜਾਂ ਪੂਰੀਆਂ ਕਰਨਾ ਅਤੇ ਕੈਨੇਡੀਅਨ ਕਾਮਿਆਂ ਦੇ ਰੁਜ਼ਗਾਰ ਹਿੱਤਾਂ ਦੀ ਰਾਖੀ ਕਰਨਾ ਹੈ। ਰੁਜ਼ਗਾਰ ਅਤੇ ਪਰਵਾਰਕ ਮਾਮਲਿਆਂ ਬਾਰੇ ਮੰਤਰੀ ਪੈਟੀ ਹਾਜਦੂ ਨੇ ਕਿਹਾ ਕਿ ਕੈਨੇਡਾ ਦੀ ਆਰਥਿਕਤਾ ਨੂੰ ਮਜ਼ਬੂਤ ਬਣਾਉਣ ਲਈ ਅਜਿਹੇ ਪ੍ਰੋਗਰਾਮ ਦੀ ਲੋੜ ਹੈ, ਜੋ ਅਸਲ ਵਿੱਚ ਮਜ਼ਦੂਰਾਂ ਦੀ ਘਾਟ ਦਾ ਸਾਹਮਣਾ ਕਰ ਰਹੇ ਖੇਤਰਾਂ ਦੀ ਮਦਦ ਕਰ ਸਕੇ। ਸਰਕਾਰ ਵੱਲੋਂ ਕੀਤੇ ਗਏ ਐਲਾਨ ਅਨੁਸਾਰ 6 ਨਵੰਬਰ 2026 ਤੋਂ ਘੱਟ ਤਨਖ਼ਾਹ ਵਾਲੀ ਸ਼੍ਰੇਣੀ ਅਧੀਨ ਜਮ੍ਹਾਂ ਹੋਣ ਵਾਲੀਆਂ ਨਵੀਂਆਂ ਅਰਜ਼ੀਆਂ ਦੀ ਵੱਧ ਤੋਂ ਵੱਧ ਮਿਆਦ ਇੱਕ ਸਾਲ ਤੋਂ ਵਧਾ ਕੇ ਦੋ ਸਾਲ ਤੱਕ ਕੀਤੀ ਜਾ ਸਕੇਗੀ। ਇਸ ਨਾਲ ਰੁਜ਼ਗਾਰਦਾਤਾਵਾਂ ਨੂੰ ਵਾਰ-ਵਾਰ ਅਰਜ਼ੀਆਂ ਦੇਣ ਦੀ ਲੋੜ ਘਟੇਗੀ ਅਤੇ ਕਾਰੋਬਾਰਾਂ ਨੂੰ ਆਪਣੇ ਕਰਮਚਾਰੀਆਂ ਦੀ ਯੋਜਨਾਬੰਦੀ ਕਰਨ ਵਿੱਚ ਸਹੂਲਤ ਮਿਲੇਗੀ। ਇਸ ਤੋਂ ਇਲਾਵਾ, ਜਿੱਥੇ ਬੇਰੁਜ਼ਗਾਰੀ ਦਰ 6 ਫ਼ੀਸਦੀ ਜਾਂ ਇਸ ਤੋਂ ਵੱਧ ਹੈ, ਉਥੇ ਆਮ ਤੌਰ 'ਤੇ ਘੱਟ ਤਨਖ਼ਾਹ ਵਾਲੀਆਂ ਅਰਜ਼ੀਆਂ 'ਤੇ ਕਾਰਵਾਈ ਨਹੀਂ ਕੀਤੀ ਜਾਂਦੀ, ਪਰ ਹੁਣ ਅਰਲੀ ਚਾਈਲਡਹੁੱਡ ਐਜੂਕੇਟਰਜ਼ ਨੂੰ ਵੀ ਇਸ ਨਿਯਮ ਤੋਂ ਛੋਟ ਵਾਲੇ ਖੇਤਰਾਂ ਵਿੱਚ ਸ਼ਾਮਲ ਕੀਤਾ ਜਾਵੇਗਾ। ਸਿਹਤ ਸੇਵਾਵਾਂ, ਉਸਾਰੀ ਅਤੇ ਫੂਡ ਪ੍ਰੋਸੈਸਿੰਗ ਖੇਤਰ ਪਹਿਲਾਂ ਹੀ ਇਸ ਸੂਚੀ ਵਿੱਚ ਸ਼ਾਮਲ ਹਨ। ਸਰਕਾਰ ਨੇ 1 ਮਾਰਚ 2027 ਤੋਂ ਕੁਝ ਹੋਰ ਤਬਦੀਲੀਆਂ ਲਾਗੂ ਕਰਨ ਦੀ ਤਜਵੀਜ਼ ਰੱਖੀ ਹੈ। ਹਾਲਾਂਕਿ, ਇਨ੍ਹਾਂ ਨੂੰ ਲਾਗੂ ਕਰਨ ਲਈ ਸੂਬਿਆਂ ਅਤੇ ਖੇਤਰੀ ਸਹਿਮਤੀ ਜ਼ਰੂਰੀ ਹੋਵੇਗੀ। 2,50,000 ਤੋਂ ਵੱਧ ਆਬਾਦੀ ਵਾਲੇ ਵੱਡੇ ਸ਼ਹਿਰਾਂ ਵਿੱਚ, ਜਿੱਥੇ ਬੇਰੁਜ਼ਗਾਰੀ ਦਰ 6 ਫ਼ੀਸਦੀ ਤੋਂ ਘੱਟ ਹੈ, ਵਿਦੇਸ਼ੀ ਕਾਮਿਆਂ ਦੀ ਭਰਤੀ ਚੁਣੇ ਹੋਏ ਕਿੱਤਿਆਂ ਤੱਕ ਸੀਮਤ ਹੋਵੇਗੀ।

ਅੱਜ-ਨਾਮਾ

ਐੱਸ ਆਈ ਆਰ ਦੀ ਮੁੱਕਦੀ ਖੱਪ ਨਾਹੀਂ,
ਰੋਜ਼ ਹੀ ਆਉਂਦਾ ਏ ਨਵਾਂ ਐਲਾਨ ਬੇਲੀ।
ਦੱਸੇ ਜਾਂਦੇ ਤਾਂ ਨਵੇਂ ਕਈ ਨਿਯਮ ਬੇਸ਼ੱਕ,
ਆਵੇ ਸਮਝ ਨਹੀਂ ਕਦੇ ਵਖਿਆਨ ਬੇਲੀ।
ਕਦੋਂ ਕੁਝ ਕਹੇਗਾ ਭਲਾ ਗਿਆਨੇਸ਼ਵਰ,
ਕਿਸੇ ਨੂੰ ਹੁੰਦਾ ਨਹੀਂ ਕੱਖ ਧਿਆਨ ਬੇਲੀ।
ਗੁਥਲੀ ਵਿੱਚੋਂ ਜਦ ਕੱਢੇ ਫਿਰ ਸੱਪ ਕੋਈ,
ਓਦੋਂ ਕੁਝ ਲੋਕਾਂ ਨੂੰ ਹੁੰਦਾ ਗਿਆਨ ਬੇਲੀ।
ਹਰ ਬਿਆਨ ਨਾਲ ਲੋਕਾਂ ਦੀ ਵਧੇ ਔਕੜ,
ਨਿਕਲਦਾ ਕਦੀ ਨਹੀਂ ਸੌਖੜਾ ਰਾਹ ਬੇਲੀ।
ਲੋਕ ਫਿਰ ਇੱਕੋ ਗੱਲ ਸੋਚਦੇ ਰਹਿ ਜਾਂਦੇ,
ਬੰਦੇ ਕਿਹੋ ਜਿਹੇ ਨਾਲ ਪਿਆ ਵਾਹ ਬੇਲੀ।

-ਤੀਸ ਮਾਰ ਖਾਂ





ਸਪਰਿੰਗ ਫੀਲਡ ਸਕੂਲ ਵਿਖੇ ਮੁਫਤ ਸਹਾਇਕ ਉਪਕਰਨ ਵੰਡ ਸਮਾਰੋਹ




ਬਾਘਾ ਪੁਰਾਣਾ (ਮਨੀ ਸਿੰਗਲਾ)-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਰੁਦਰਾ ਆਸਰਾ ਸੈਂਟਰ ਵੱਲੋਂ ਸੇਵਕ ਸੇਵਾ ਸੰਸਥਾ, ਜਿਸ ਦੇ ਮੁੱਖ ਸੰਚਾਲਕ ਅਮਨਦੀਪ ਸਿੰਘ ਕੋਠੇ ਚੋਟੀਆਂ ਠੇਬਾ ਹਨ ਤੇ ਸਕੂਲ ਦੀ ਮੈਨੇਜਮੈਂਟ ਦੇ ਸਹਿਯੋਗ ਨਾਲ ਲੋੜਵੰਦ ਤੇ ਦਿਵਿਆਂਗ ਵਿਅਕਤੀਆਂ ਨੂੰ ਮੁਫਤ ਸਹਾਇਕ ਉਪਕਰਨ ਵੰਡਣ ਲਈ ਸਮਾਰੋਹ ਕਰਵਾਇਆ ਗਿਆ।ਇਸ ਕੈਂਪ ਦੇ ਮੁੱਖ ਮਹਿਮਾਨ ਐੱਸ.ਐੱਚ.ਓ. ਜਨਕ ਰਾਜ ਨੂੰ ਸਕੂਲ ਚੇਅਰਮੈਨ ਨਰ ਸਿੰਘ ਬਰਾੜ, ਪ੍ਰਿੰਸੀਪਲ ਬਾਇਜੂ ਵਿਜੇ ਤੇ ਸਟਾਫ ਨੇ ਜੀ ਆਇਆਂ ਆਖਿਆ।ਮੁੱਖ ਮਹਿਮਾਨ ਦੇ ਨਾਲ ਐੱਸ ਆਈ ਮਨਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਕੈਂਪ ਵਿੱਚ ਲੋੜਵੰਦ ਵਿਅਕਤੀਆਂ, ਜਿਨ੍ਹਾਂ ਨੂੰ ਚੱਲਣ ਫਿਰਨ ਵਿੱਚ ਮੁਸ਼ਕਲ ਆਉਂਦੀ ਸੀ, ਹੱਥ ਪੈਰ ਕੰਮ ਨਹੀਂ ਕਰਦੇ ਸਨ, ਉਨ੍ਹਾਂ ਨੂੰ ਟਰਾਈ ਸਾਈਕਲ ਤੇ ਵੀਲ੍ਹਚੇਅਰ ਦਿੱਤੀਆਂ ਗਈਆਂ। ਜ਼ਰੂਰਤ ਅਨੁਸਾਰ ਕਮੋਡ ਚੇਅਰਾਂ ਵੀ ਦਿੱਤੀਆਂ ਤਾਂ ਜੋ ਇਹ ਵਿਅਕਤੀ ਆਪਣੀ ਜ਼ਿੰਦਗੀ ਅਸਾਨ ਬਣਾ ਸਕਣ।ਸੇਵਕ ਸੇਵਾ ਸੰਸਥਾ ਦੀ ਟੀਮ ਭੁਪਿੰਦਰ ਸਿੰਘ ਤੇ ਸਹਿਯੋਗੀ ਮੈਂਬਰਾਂ ਨੇ ਇਸ ਕੈਂਪ ਵਿਚ ਆਪਣੀਆਂ ਸੇਵਾਵਾਂ ਦਾ ਯੋਗਦਾਨ ਪਾਇਆ।ਅੰਤ ਵਿੱਚ ਚੇਅਰਮੈਨ ਨਰ ਸਿੰਘ ਬਰਾੜ ਨੇ ਕਿਹਾ ਕਿ ਮੈਨੂੰ ਸੰਸਥਾ ਨਾਲ ਸਹਿਯੋਗ ਦੇ ਕੇ ਤੇ ਦਿਵਿਆਂਗ ਵਿਅਕਤੀਆਂ ਨੂੰ ਉਪਰਕਨ ਵੰਡ ਕੇ ਮੇਰੇ ਮਨ ਨੂੰ ਬਹੁਤ ਸੰਤੁਸ਼ਟੀ ਮਿਲੀ ਹੈ।ਉਨ੍ਹਾਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਗੁਰਬਚਨ ਸਿੰਘ ਬਰਾੜ, ਗੁਰਜੰਟ ਸਿੰਘ ਪ੍ਰਧਾਨ ਬਲਾਕ ਕਾਂਗਰਸ, ਸਤੀਸ਼ ਅਰੋੜਾ ਸਾਬਕਾ ਐੱਮ ਸੀ, ਗੁਰਪ੍ਰੀਤ ਮਨਚੰਦਾ ਸਾਬਕਾ ਐੱਮ ਸੀ ਹਾਜ਼ਰ ਸਨ।

ਐੱਨ ਸੀ ਸੀ ਕਮਾਂਡਿੰਗ ਅਫ਼ਸਰ ਵੱਲੋਂ ਲਾਲਾ ਕਸਤੂਰੀ ਵਿੱਦਿਆ ਮੰਦਰ ਦਾ ਦੌਰਾ




ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿਖੇ ਐੱਨ ਸੀ ਸੀ ਯੂਨਿਟ ਬਠਿੰਡਾ ਦੇ ਕਮਾਂਡਿੰਗ ਅਫ਼ਸਰ ਲੈਫਟੀਨੈਂਟ ਕਮਾਂਡਰ ਜਿਤੇਂਦਰ ਸਿੰਘ ਦਾ ਇੱਕ ਦਿਨਾ ਪ੍ਰਵਾਸ ਰਿਹਾ।ਸਕੂਲ ਪਹੁੰਚਣ 'ਤੇ ਐੱਨ ਸੀ ਸੀ ਕੈਡਿਟਾਂ ਵੱਲੋਂ ਡ੍ਰਿਲ ਪਰੇਡ ਦੇ ਮਾਧਿਅਮ ਰਾਹੀਂ ਕਮਾਂਡਿੰਗ ਅਫ਼ਸਰ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਸੰਜੀਵ ਕੁਮਾਰ ਤੇ ਵਾਈਸ ਪ੍ਰਿੰਸੀਪਲ ਵਿਕਰਮਜੀਤ ਸਿੰਘ ਹਾਜ਼ਰ ਰਹੇ।ਆਪਣੇ ਪ੍ਰਵਾਸ ਦੌਰਾਨ ਕਮਾਂਡਿੰਗ ਅਫ਼ਸਰ ਨੇ ਸਕੂਲ ਪਰਿਸਰ ਵਿੱਚ ਪੌਦਾਰੋਪਣ ਕੀਤਾ ਤੇ ਵਿਦਿਆਰਥੀਆਂ ਨੂੰ ਪ੍ਰਦੂਸ਼ਣ ਰਹਿਤ ਤੇ ਹਰੀ-ਭਰੀ ਦੀਵਾਲੀ ਮਨਾਉਣ ਤੇ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ।ਵਿੱਦਿਆ ਮੰਦਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਅਤੇ ਪ੍ਰਿੰਸੀਪਲ ਵੱਲੋਂ ਕਮਾਂਡਿੰਗ ਅਫ਼ਸਰ ਦਾ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਪੇਟੀ ਸਟਾਫ਼ ਸੰਦੀਪ ਕੁਸ਼ਵਾਹ ਤੇ ਸੀ ਟੀ ਓ ਦੀਦੀ ਮੋਹਦੀਪ ਵੀ ਕੈਡਿਟਾਂ ਦੇ ਨਾਲ ਹਾਜ਼ਰ ਰਹੇ।

ਹੋਲੀ ਹਾਰਟ ਸਕੂਲ ਵਿਖੇ ਧਾਰਮਿਕ ਤੇ ਨੈਤਿਕ ਸਿੱਖਿਆ ਸਮਾਗਮ




ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਗੁਰਬਾਣੀ ਤੇ ਉੱਚੇ-ਸੁੱਚੇ ਨੈਤਿਕ ਸੰਸਕਾਰਾਂ ਨਾਲ ਜੋੜਨ ਦੇ ਮਕਸਦ ਨਾਲ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਸ਼ਰਧਾ ਤੇ ਉਤਸ਼ਾਹ ਨਾਲ ਕੀਤਾ ਗਿਆ।ਇਸ ਸਮਾਗਮ ਵਿੱਚ ਸ੍ਰੀ ਸਹਿਜ ਪਾਠ ਸੇਵਾ ਅੰਮ੍ਰਿਤਸਰ ਦੀ ਸਮੁੱਚੀ ਟੀਮ ਤੇ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਪਹੁੰਚੇ।ਅੰਮ੍ਰਿਤਸਰ ਤੋਂ ਉਚੇਚੇ ਤੌਰ 'ਤੇ ਪਧਾਰੇ ਭਾਈ ਰਾਜਪਾਲ ਸਿੰਘ ਨੇ ਸਮਾਗਮ ਵਿੱਚ ਮੁੱਖ ਵਕਤਾ ਤੇ ਪ੍ਰਚਾਰਕ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਸਕੂਲੀ ਬੱਚਿਆਂ ਨੂੰ ਅਕਾਲ ਪੁਰਖ ਦੀ ਪਵਿੱਤਰ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸ਼ੁੱਧ ਸੰਥਿਆ ਕਰਵਾਈ ਤੇ ਗੁਰਬਾਣੀ ਦੇ ਮਹੱਤਵ ਤੋਂ ਜਾਣੂ ਕਰਵਾਇਆ।ਉਨ੍ਹਾਂ ਆਪਣੇ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਮਾਤਾ-ਪਿਤਾ, ਅਧਿਆਪਕਾਂ ਤੇ ਵੱਡਿਆਂ ਦਾ ਸਤਿਕਾਰ ਕਰਨ ਦੀ ਅਹਿਮੀਅਤ ਸਮਝਾਈ।ਸਮਾਗਮ ਦੇ ਅੰਤ ਵਿੱਚ ਸ੍ਰੀ ਸਹਿਜ ਪਾਠ ਸੇਵਾ ਅੰਮ੍ਰਿਤਸਰ ਵੱਲੋਂ ਵਿਦਿਆਰਥੀਆਂ ਨੂੰ ਨਿਤਨੇਮ ਤੇ ਗੁਰਬਾਣੀ ਦੀਆਂ ਪੋਥੀ ਸਾਹਿਬ ਵੀ ਵੰਡੀਆਂ ਗਈਆਂ। ਸਕੂਲ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਵੱਲੋਂ ਭਾਈ ਰਾਜਪਾਲ ਸਿੰਘ ਤੇ ਸ੍ਰੀ ਸਹਿਜ ਪਾਠ ਸੇਵਾ ਅੰਮ੍ਰਿਤਸਰ ਦੀ ਟੀਮ ਦੇ ਇਸ ਉਪਰਾਲੇ ਲਈ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ।ਸਕੂਲ ਪ੍ਰਬੰਧਕ ਕਮੇਟੀ ਚੇਅਰਮੈਨ ਸ਼ੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ, ਰਮਨ ਅਰੋੜਾ ਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਅਜਿਹੇ ਧਾਰਮਿਕ ਤੇ ਨੈਤਿਕ ਪ੍ਰੋਗਰਾਮ ਬੱਚਿਆਂ ਦੇ ਸਰਬਪੱਖੀ ਵਿਕਾਸ ਤੇ ਉਨ੍ਹਾਂ ਨੂੰ ਆਪਣੀ ਵਿਰਾਸਤ ਨਾਲ ਜੋੜਨ ਵਿੱਚ ਬਹੁਤ ਵੱਡਾ ਯੋਗਦਾਨ ਪਾਉਂਦੇ ਹਨ।ਅੰਤ ਵਿੱਚ ਆਏ ਹੋਏ ਮਹਿਮਾਨਾਂ ਨੂੰ ਸਕੂਲ ਵੱਲੋਂ ਜੀ ਆਇਆਂ ਨੂੰ ਆਖਦਿਆਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਪੰਜਾਬ ਦੀਆਂ ਧੀਆਂ ਨੇ 7 ਸਾਲ ਪੁਰਾਣਾ ਰਾਸ਼ਟਰੀ ਰਿਕਾਰਡ ਤੋੜਿਆ; ਸਾਈਕਲਿੰਗ 'ਚ ਜਿੱਤਿਆ ਸੋਨ ਤਮਗਾ



ਮਲੋਟ (ਰਜਿੰਦਰ ਜੁਨੇਜਾ)-ਰਾਂਚੀ ਵਿਖੇ ਹੋਈ ਨੈਸ਼ਨਲ ਟ੍ਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਸਬ-ਜੂਨੀਅਰ ਲੜਕੀਆਂ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨ ਤਮਗਾ ਆਪਣੇ ਨਾਮ ਕੀਤਾ ਹੈ।ਇਸ ਦੇ ਨਾਲ ਹੀ ਟੀਮ ਨੇ 7 ਸਾਲ ਪੁਰਾਣਾ ਰਾਸ਼ਟਰੀ ਰਿਕਾਰਡ ਵੀ ਤੋੜ ਦਿੱਤਾ ਹੈ।ਇਹ ਮੁਕਾਬਲਾ 78ਵੀਂ ਸੀਨੀਅਰ, 55ਵੀਂ ਜੂਨੀਅਰ ਤੇ 41ਵੀਂ ਸਬ-ਜੂਨੀਅਰ ਨੈਸ਼ਨਲ ਟ੍ਰੈਕ ਸਾਈਕਲਿੰਗ ਚੈਂਪੀਅਨਸ਼ਿਪ ਅਧੀਨ ਕਰਵਾਇਆ ਗਿਆ ਸੀ।ਪੰਜਾਬ ਦੀ ਇਸ ਚੌਕੜੀ ਨੇ 'ਟੀਮ ਸਪ੍ਰਿੰਟ' ਮੁਕਾਬਲੇ ਵਿੱਚ 1 ਮਿੰਟ 16 ਸਕਿੰਟ ਦਾ ਸਮਾਂ ਕੱਢ ਕੇ ਇਹ ਨਵਾਂ ਰਾਸ਼ਟਰੀ ਰਿਕਾਰਡ ਕਾਇਮ ਕੀਤਾ।ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਜੇਤੂ ਟੀਮ ਵਿੱਚ ਮਲੋਟ ਦੀ ਜੰਮਪਲ ਤੇ ਪਟਿਆਲਾ ਨਾਲ ਸਬੰਧਤ ਗੁਨਤਾਸ ਸੰਧੂ, ਲੁਧਿਆਣਾ ਤੋਂ ਪ੍ਰੀਤੀ ਸ਼ਾਹ ਤੇ ਅੰਮ੍ਰਿਤਸਰ ਤੋਂ ਜਪਨੀਤ ਕੌਰ ਤੇ ਪਲਕਪ੍ਰੀਤ ਕੌਰ ਸ਼ਾਮਲ ਸਨ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਤੇ ਪ੍ਰਬੰਧਕੀ ਟੀਮ ਨੇ ਜੇਤੂ ਸਾਈਕਲਿਸਟਾਂ ਨੂੰ ਵਧਾਈ ਦਿੱਤੀ।ਆਪਣੇ ਨਾਨਾ ਸਰਬਜੀਤ ਸਿੰਘ ਨਕਈ ਦੇ ਮਲੋਟ ਨੇੜਲੇ ਪਿੰਡ ਫਤਹਿਪੁਰ ਮੰਨੀਆਂ ਵਿਖੇ ਗੁਣਤਾਜ਼ ਸੰਧੂ ਨੇ ਮੁੱਖ ਕੋਚ ਸਤਵਿੰਦਰ ਸਿੰਘ, ਕੋਚ ਭੁਪਿੰਦਰ ਕੁਮਾਰ, ਕੋਚ ਇਕਵਿੰਦਰ ਸਿੰਘ ਤੇ ਮਹਿਲਾ ਕੋਚ ਹਰਪ੍ਰੀਤ ਕੌਰ ਦੇ ਯਤਨਾਂ ਦੀ ਵੀ ਭਰਪੂਰ ਸ਼ਲਾਘਾ ਕੀਤੀ।

ਰਿਵਾਇਤੀ ਸਿਆਸੀ ਪਾਰਟੀਆਂ ਨੇ ਪੰਜਾਬ ਨੂੰ ਬਰਬਾਦ ਕਰਨ 'ਚ ਕੋਈ ਕਸਰ ਨਹੀਂ ਛੱਡੀ : ਕੁਲਦੀਪ ਸਿੰਘ



ਬੋਹਾ (ਨਿਰੰਜਣ ਬੋਹਾ)-ਬਹੁਜਨ ਸਮਾਜ ਪਾਰਟੀ ਦੇ ਸੂਬਾ ਇੰਚਾਰਜ ਕਲਦੀਪ ਸਿੰਘ ਸਰਦੂਲਗੜ੍ਹ ਨੇ ਵੀਰ ਰੈਸਟੋਰੈਂਟ ਬੋਹਾ ਵਿਖੇ ਰੱਖੀ ਪ੍ਰੈੱਸ ਕਾਨਫਰੰਸ 'ਚ ਬੋਲਦਿਆਂ ਕਿਹਾ ਕਿ ਰਿਵਾਇਤੀ ਸਿਆਸੀ ਪਾਰਟੀਆਂ ਨੇ ਨਸ਼ਿਆਂ ਦਾ ਛੇਵਾਂ ਦਰਿਆ ਵਹਾ ਕੇ ਪੰਜਾਬ ਨੂੰ ਬਰਬਾਦ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਰੱਖੀ, ਇਸ ਲਈ ਪੰਜਾਬ ਵਾਸੀਆਂ ਨੂੰ ਹੁਣ ਅਜਿਹੇ ਨਵੇਂ ਸਿਆਸੀ ਬਦਲ ਨੂੰ ਸੱਤਾ ਵਿੱਚ ਆਉਣ ਦਾ ਮੌਕਾ ਦੇਣਾ ਚਾਹੀਦਾ ਹੈ, ਜੋ ਸੂਬੇ ਦੇ ਮੱਥੇ 'ਤੇ ਲੱਗੇ ਨਸ਼ਿਆਂ ਦੇ ਕਲੰਕ ਨੂੰ ਮੇਟ ਕੇ ਪੰਜਾਬ ਨੂੰ ਸਹੀ ਅਰਥਾਂ ਵਿੱਚ ਤਰੱਕੀ ਪਸੰਦ ਸੂਬਾ ਬਣਾ ਸਕੇ।ਉਨ੍ਹਾਂ ਕਿਹਾ ਕਿ ਜੇ ਪੰਜਾਬ ਦੇ ਲੋਕ ਬਹੁਜਨ ਸਮਾਜ ਪਾਰਟੀ ਨੂੰ ਸੱਤਾ ਵਿੱਚ ਲਿਆਉਂਦੇ ਹਨ ਤਾਂ ਇਹ ਪਾਰਟੀ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਵੀ ਬਣਾਵੇਗੀ ਤੇ ਪਹਿਲੇ ਤਿੰਨ ਮਹੀਨੀਆਂ ਵਿੱਚ ਕਾਨਿਆਂ ਤੇ ਬਾਲਿਆਂ ਵਾਲੇ ਕੱਚੇ ਮਕਾਨਾਂ ਨੂੰ ਪੱਕੇ ਮਕਾਨਾਂ ਵਿੱਚ ਬਦਲੇਗੀ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਉਹ ਚਾਰ ਮਹੀਨਿਆਂ ਵਿੱਚ ਸੂਬੇ 'ਚ ਵਿੱਕਦੇ ਚਿੱਟੇ ਵਰਗੇ ਮਾਰੂ ਨਸ਼ਿਆਂ 'ਤੇ ਕਾਬੂ ਪਾਵੇਗੀ, ਪਰ ਇਸ ਸਰਕਾਰ ਦੇ ਕਾਲ ਵਿੱਚ ਨਸ਼ੇ ਘਟਣ ਦੀ ਥਾਂ ਵਿਕਰਾਲ ਰੂਪ ਧਾਰਨ ਕਰ ਚੁੱਕੇ ਹਨ, ਇਸ ਲਈ ਇਹ ਹੁਣ ਪੰਜਾਬ ਵਿੱਚ ਸੱਤਾ 'ਤੇ ਕਾਬਜ਼ ਰਹਿਣ ਦਾ ਨੈਤਿਕ ਅਧਿਕਾਰ ਗੁਆ ਚੁੱਕੀ ਹੈ।ਇੱਕ ਸੁਆਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਜੇ ਬਹੁਜਨ ਸਮਾਜ ਪਾਰਟੀ ਦੀ ਕੇਂਦਰੀ ਤੇ ਸੂਬਾਈ ਲੀਡਰਸ਼ਿਪ ਉਨ੍ਹਾਂ ਨੂੰ ਇਸ ਸੀਟ ਤੋਂ ਚੋਣ ਲੜਨ ਦਾ ਹੁਕਮ ਕਰੇਗੀ ਤਾਂ ਉਹ ਜ਼ਰੂਰ ਇਸ ਹੁਕਮ ਦੀ ਪਾਲਣਾ ਕਰਨਗੇ।

ਕਿੰਡਰ ਗਾਰਟਨ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ



ਸਮਰਾਲਾ (ਸੁਰਜੀਤ ਸਿੰਘ)-ਸਥਾਨਕ ਸ਼ਹਿਰ ਦੇ ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਵਿੱਚ ਦੀਵਾਲੀ, ਬੰਦੀਛੋੜ ਦਿਵਸ ਤੇ ਵਿਸ਼ਵਕਰਮਾ ਦਿਵਸ ਮਨਾਇਆ ਗਿਆ।ਸਕੂਲ ਵਿੱਚ ਵਿਦਿਆਰਥੀਆਂ ਵੱਲੋਂ ਦੀਵਾਲੀ ਮੌਕੇ ਬਹੁਤ ਹੀ ਵਧੀਆ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਬੱਚਿਆਂ ਵੱਲੋਂ ਇਸ ਦਿਵਸ ਨਾਲ ਸੰਬੰਧਤ ਕਵਿਤਾਵਾਂ, ਭਾਸ਼ਣ ਤੇ ਗੀਤ ਵੀ ਪੇਸ਼ ਕੀਤੇ ਗਏ। ਇਸ ਮੌਕੇ ਨਰਸਰੀ ਤੋਂ ਪੰਜਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਡਾਂਸ ਤੇ ਭੰਗੜਾ ਪਾਇਆ। ਇਸ ਮੌਕੇ ਬੱਚਿਆਂ ਵੱਲੋਂ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਦੀਵਿਆਂ ਦੀ ਸਜਾਵਟ, ਕਾਰਡ ਤੇ ਕਾਗਜ਼ ਦੀਆਂ ਲੜੀਆਂ ਬਣਾਈਆਂ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਬੱਚਿਆਂ ਨੂੰ ਦੀਵਾਲੀ ਦੇ ਇਤਿਹਾਸ ਬਾਰੇ ਦੱਸਦਿਆਂ ਕਿਹਾ ਕਿ ਦੀਵਾਲੀ ਦਾ ਤਿਉਹਾਰ ਬੰਬ ਪਟਾਕਿਆਂ ਤੇ ਫਜ਼ੂਲ ਖਰਚ ਨਾ ਕਰਕੇ ਲੋੜਵੰਦਾਂ ਦੀ ਮਦਦ ਕਰਕੇ ਵੀ ਮਨਾਇਆ ਜਾ ਸਕਦਾ ਹੈ ਤੇ ਛੋਟੇ ਬੱਚਿਆਂ ਨੂੰ ਆਪਣੇ ਮਾਤਾ-ਪਿਤਾ ਨਾਲ ਦੀਪਮਾਲਾ ਕਰਨ ਲਈ ਕਿਹਾ।ਅੰਤ ਵਿੱਚ ਸਕੂਲ ਦੇ ਚੇਅਰਮੈਨ ਸ੍ਰ. ਦਲਜੀਤ ਸਿੰਘ ਸ਼ਾਹੀ, ਉੱਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ, ਡਾਇਰੈਕਟਰ ਸਰਬਜੀਤ ਕੌਰ ਤੇ ਪ੍ਰਿੰਸੀਪਲ ਮੈਡਮ ਰਣਜੋਤ ਕੌਰ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੇ ਆਧਿਆਪਕਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ।

ਵਿਵੇਕਾਨੰਦ ਵਰਲਡ ਸਕੂਲ ਵਿਖੇ 'ਵੰਦਨ-ਦੀਵਾਲੀ ਫਿਏਸਟਾ 2026' ਦਾ ਆਯੋਜਨ



ਫਿਰੋਜ਼ਪੁਰ (ਗੁਰਬਚਨ ਸਿੰਘ)

ਵਿਵੇਕਾਨੰਦ ਵਰਲਡ ਸਕੂਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਬਜ਼ੁਰਗਾਂ ਦੇ ਸਤਿਕਾਰ ਤੇ ਪਰਿਵਾਰਕ ਕਦਰਾਂ-ਕੀਮਤਾਂ ਨੂੰ ਸਮਰਪਤ 'ਵੰਦਨ-ਦੀਵਾਲੀ ਫਿਏਸਟਾ 2026' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਲਈ ਕਰਵਾਏ ਗਏ ਇਸ ਵਿਸ਼ੇਸ਼ ਸਮਾਗਮ ਦਾ ਮੁੱਖ ਉਦੇਸ਼ ਬੱਚਿਆਂ ਦੇ ਮਨਾਂ ਵਿੱਚ ਬਜ਼ੁਰਗਾਂ ਪ੍ਰਤੀ ਆਦਰ-ਸਤਿਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ, ਪਰਵਾਰ ਤੇ ਸਮਾਜ ਪ੍ਰਤੀ ਉਨ੍ਹਾਂ ਦੇ ਅਨਮੋਲ ਯੋਗਦਾਨ ਨੂੰ ਯਾਦ ਕਰਨਾ ਤੇ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਤੇ ਸੰਸਕਾਰਾਂ ਨਾਲ ਜੋੜਨਾ ਸੀ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰਭਾ ਭਾਸਕਰ, ਪੈਟਰਨ-ਇਨ-ਚੀਫ਼, ਵਿਵੇਕਾਨੰਦ ਵਰਲਡ ਸਕੂਲ ਨੇ ਸ਼ਿਰਕਤ ਕੀਤੀ।ਡਾ. ਐੱਸ. ਐੱਨ. ਰੁਦਰਾ ਡਾਇਰੈਕਟਰ ਵੀ.ਡਬਲਿਊ.ਐੱਸ. ਵਿਸ਼ੇਸ਼ ਸਨਮਾਨਤ ਮਹਿਮਾਨ ਵਜੋਂ ਹਾਜ਼ਰ ਰਹੇ।ਇਸ ਤੋਂ ਇਲਾਵਾ ਵਿਸ਼ੇਸ਼ ਮਹਿਮਾਨ ਡੌਲੀ ਭਾਸਕਰ ਸੈਕਟਰੀ ਵੀ.ਡਬਲਿਊ.ਐੱਸ., ਪਰਮਵੀਰ ਸ਼ਰਮਾ ਚੀਫ਼ ਐਡਮਿਨਿਸਟ੍ਰੇਟਰ, ਵੀ.ਡਬਲਿਊ.ਐੱਸ. ਤੇ ਮਹਿਮਾ ਕਪੂਰ, ਵਾਈਸ ਪ੍ਰਿੰਸੀਪਲ (ਪ੍ਰਸ਼ਾਸਨ) ਅਤੇ ਸ਼ਿਪਰਾ ਅਰੋੜਾ ਵਾਈਸ ਪ੍ਰਿੰਸੀਪਲ (ਅਕਾਦਮਿਕ) ਸਮੇਤ ਸਕੂਲ ਦੇ ਹੋਰ ਸਟਾਫ਼ ਮੈਂਬਰ ਵੀ ਮੌਜੂਦ ਰਹੇ। ਸਮਾਗਮ ਦੀ ਸ਼ੁਰੂਆਤ ਰਵਾਇਤੀ ਢੰਗ ਨਾਲ ਦੀਪ ਜਗਾਉਣ ਦੀ ਰਸਮ ਨਾਲ ਕੀਤੀ ਗਈ, ਜਿਸ ਉਪਰੰਤ ਵਿਦਿਆਰਥੀਆਂ ਵੱਲੋਂ ਦੀਵਾਲੀ ਦੇ ਤਿਉਹਾਰ ਤੇ ਭਾਰਤੀ ਸੱਭਿਆਚਾਰ ਨੂੰ ਸਮਰਪਤ ਵੱਖ-ਵੱਖ ਰੰਗਾਰੰਗ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।ਇਨ੍ਹਾਂ ਵਿੱਚ 'ਸਰਸਵਤੀ ਵੰਦਨਾ', 'ਰਾਮ ਆਏਂਗੇ' ਤੇ 'ਓ ਮਾਈ ਫ੍ਰੈਂਡ ਗਣੇਸ਼ਾ' ਵਰਗੀਆਂ ਮਨਮੋਹਕ ਪੇਸ਼ਕਾਰੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।ਬੱਚਿਆਂ ਨੇ ਆਪਣੀ ਕਲਾ, ਪ੍ਰਤਿਭਾ ਤੇ ਉਤਸ਼ਾਹ ਨਾਲ ਸਮਾਗਮ ਵਿੱਚ ਖ਼ੂਬ ਰੌਣਕਾਂ ਲਗਾਈਆਂ।ਪ੍ਰੋਗਰਾਮ ਦੇ ਅੰਤ ਵਿੱਚ ਪੰਜਾਬੀ ਲੋਕ ਨਾਚ ਗਿੱਧੇ ਤੇ ਭੰਗੜੇ ਦੀਆਂ ਜੋਸ਼ ਭਰਪੂਰ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਵੱਖ-ਵੱਖ ਗਤੀਵਿਧੀਆਂ ਤੇ ਪੇਸ਼ਕਾਰੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਐੱਸ. ਐੱਨ. ਰੁਦਰਾ ਨੇ ਕਿਹਾ ਕਿ ਦੀਵਾਲੀ ਭਾਰਤ ਦੇ ਪ੍ਰਮੁੱਖ ਤਿਉਹਾਰਾਂ ਵਿੱਚੋਂ ਇੱਕ ਹੈ, ਜਿਸ ਨੂੰ ਦੇਸ਼ ਭਰ ਵਿੱਚ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਦੀਵਾਲੀ ਸਿਰਫ਼ ਦੀਵੇ ਜਗਾਉਣ ਤੇ ਖ਼ੁਸ਼ੀਆਂ ਮਨਾਉਣ ਦਾ ਤਿਉਹਾਰ ਹੀ ਨਹੀਂ, ਸਗੋਂ ਇਹ ਸਾਨੂੰ ਪਰਿਵਾਰਕ ਸਾਂਝ, ਆਪਸੀ ਪਿਆਰ, ਮਰਿਆਦਾ ਤੇ ਵੱਡਿਆਂ ਦੇ ਆਦਰ-ਸਤਿਕਾਰ ਦਾ ਮਹੱਤਵ ਵੀ ਸਮਝਾਉਂਦੀ ਹੈ।'ਵੰਦਨ-ਦੀਵਾਲੀ ਫਿਏਸਟਾ 2026' ਨੇ ਜਿੱਥੇ ਵਿਦਿਆਰਥੀਆਂ ਨੂੰ ਮਨੋਰੰਜਨ ਤੇ ਆਪਣੀ ਪ੍ਰਤਿਭਾ ਦਿਖਾਉਣ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ, ਉੱਥੇ ਹੀ ਬਜ਼ੁਰਗਾਂ ਦੇ ਸਤਿਕਾਰ, ਪਰਿਵਾਰਕ ਏਕਤਾ ਤੇ ਭਾਰਤੀ ਸੰਸਕਾਰਾਂ ਨੂੰ ਸੰਭਾਲ ਕੇ ਰੱਖਣ ਦਾ ਇੱਕ ਸਾਰਥਕ ਸੁਨੇਹਾ ਵੀ ਦਿੱਤਾ। ਇਹ ਮੇਲਾ ਵਿਦਿਆਰਥੀਆਂ ਲਈ ਖ਼ੁਸ਼ੀਆਂ ਤੇ ਯਾਦਾਂ ਨਾਲ ਭਰਿਆ ਇੱਕ ਅਭੁੱਲ ਅਨੁਭਵ ਬਣ ਗਿਆ।

50,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ 'ਚ ਪਨਗ੍ਰੇਨ ਦਾ ਮੈਨੇਜਰ ਤੇ ਇੰਸਪੈਕਟਰ ਗ੍ਰਿਫ਼ਤਾਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਆਪਣੀ ਮੁਹਿੰਮ ਦੌਰਾਨ ਪਨਗ੍ਰੇਨ ਦੇ ਮੈਨੇਜਰ ਮਨਪ੍ਰੀਤ ਸਿੰਘ ਤੇ ਬਰਨਾਲਾ ਮੰਡੀ ਦੀ ਇੰਸਪੈਕਟਰ/ਇੰਚਾਰਜ ਦਵਿੰਦਰ ਕੌਰ ਨੂੰ 50,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਲੱਖੀ ਕਲੋਨੀ, ਬਰਨਾਲਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਮੁਲਜ਼ਮ ਮਨਪ੍ਰੀਤ ਸਿੰਘ, ਮੈਨੇਜਰ ਪਨਗ੍ਰੇਨ ਤੇ ਦਵਿੰਦਰ ਕੌਰ, ਇੰਸਪੈਕਟਰ/ਇੰਚਾਰਜ ਬਰਨਾਲਾ ਮੰਡੀ ਨੇ ਉਸ ਦੇ ਚੌਲ ਸ਼ੈੱਲਰ ਦੀ ਸਮਰੱਥਾ ਅਨੁਸਾਰ ਝੋਨੇ ਦੀ ਅਲਾਟਮੈਂਟ ਵਧਾਉਣ ਬਦਲੇ 50,000 ਰੁਪਏ ਦੀ ਰਿਸ਼ਵਤ ਮੰਗੀ ਹੈ।ਸ਼ਿਕਾਇਤਕਰਤਾ ਨੇ ਮੁਲਜ਼ਮਾਂ ਵੱਲੋਂ ਰਿਸ਼ਵਤ ਮੰਗਣ ਸਬੰਧੀ ਹੋਈ ਗੱਲਬਾਤ ਨੂੰ ਰਿਕਾਰਡ ਕਰ ਲਿਆ ਗਿਆ ਸੀ।ਰਿਸ਼ਵਤ ਦੇਣ ਲਈ ਰਾਜ਼ੀ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਕੋਲ ਪਹੁੰਚ ਕੀਤੀ।ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਨੇ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧੀ ਦੋਵਾਂ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ਪੈਨਸ਼ਨਰਜ਼ ਯੂਨੀਅਨ ਐਸੋਸੀਏਸ਼ਨ ਸਰਕਲ ਫਿਰੋਜ਼ਪੁਰ ਦੀ ਮੀਟਿੰਗ



ਫਿਰੋਜ਼ਪੁਰ (ਗੁਰਬਚਨ ਸਿੰਘ)-ਪੈਨਸ਼ਨਰਜ਼ ਯੂਨੀਅਨ ਐਸੋਸੀਏਸ਼ਨ ਸਰਕਲ ਫਿਰੋਜ਼ਪੁਰ ਦੀ ਮੀਟਿੰਗ ਸਾਥੀ ਸੁਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਸਰਕਾਰ ਦੇ ਅੜੀਅਲ ਰਵੱਈਏ ਤੇ ਚੀਫ ਸਕੱਤਰ ਪੰਜਾਬ ਵੱਲੋਂ 2 ਅਕਤੂਬਰ 2026 ਦੀ ਮੀਟਿੰਗ ਵਿੱਚ ਕੋਈ ਮੰਗ ਨਾ ਮੰਨੇ ਜਾਣ ਦਾ ਸਖਤ ਵਿਰੋਧ ਕੀਤਾ ਗਿਆ।ਉਨ੍ਹਾਂ ਆਖਿਆ ਕਿ ਆ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਬਕ ਸਿਖਾਉਣ ਲਈ 13 ਨਵੰਬਰ ਤੋਂ 19 ਨਵੰਬਰ 2026 ਤੱਕ ਸੰਗਰੂਰ ਵਿਖੇ ਪੱਕਾ ਮੋਰਚੇ ਵਿੱਚ ਫਿਰੋਜ਼ਪੁਰ ਸਰਕਲ ਦੇ ਕਾਮੇ 14 ਨਵੰਬਰ ਨੂੰ ਸੰਗਰੂਰ ਵਿਖੇ ਕਾਫਲੇ ਲੈ ਕੇ ਪੁੱਜਣਗੇ।ਉਨ੍ਹਾਂ ਦੱਸਿਆ ਕਿ 1 ਦਸੰਬਰ 2026 ਤੋਂ 5 ਦਸੰਬਰ ਤੱਕ ਸਾਰੇ ਐੱਮ ਐੱਲ ਏ, ਮੰਤਰੀਆਂ ਦੀਆਂ ਅਰਥੀਆਂ ਫੂਕੀਆਂ ਜਾਣਗੀਆਂ ਤੇ 6 ਦਸੰਬਰ ਨੂੰ ਗੰਦੇ ਨਾਲੇ ਵਿੱਚ ਸਾਰੇ ਐੱਮ ਐੱਲ ਏ, ਮੰਤਰੀਆਂ ਦੇ ਫੁੱਲ ਪਾਏ ਜਾਣਗੇ।13 ਦਸੰਬਰ ਨੂੰ ਸ਼ੰਭੂ ਬਾਰਡਰ ਤੋਂ ਲੈ ਕੇ ਅਟਾਰੀ ਬਾਰਡਰ ਤੱਕ ਮਨੁੱਖੀ ਚੈਨ ਬਣਾ ਕੇ ਵਰਲਡ ਰਿਕਾਰਡ ਬਣਾਇਆ ਜਾਵੇਗਾ।ਪੰਜਾਬ ਸਰਕਾਰ ਵੱਲੋਂ ਮੰਗਾਂ ਨਾ ਮੰਨੇ ਜਾਣ ਤੱਕ ਪਿੰਡਾਂ, ਸ਼ਹਿਰਾਂ ਵਿੱਚ ਲਗਾਤਾਰ ਧਰਨੇ, ਮੁਜ਼ਾਹਰੇ ਤੇ ਝੰਡਾ ਮਾਰਚ ਕੀਤਾ ਜਾਵੇਗਾ।ਇਸ ਮੌਕੇ ਰਾਕੇਸ਼ ਸ਼ਰਮਾ ਸਟੇਟ ਆਗੂ ਨੇ ਦੱਸਿਆ ਕਿ 12 ਨਵੰਬਰ 2026 ਨੂੰ ਸਟੇਟ ਕਮੇਟੀ ਡੈਪੂਟੇਸ਼ਨ ਤੇ ਬਿਜਲੀ ਬੋਰਡ ਮੈਨੇਜਮੈਂਟ ਨੂੰ ਮਿਲਿਆ ਜਾਵੇਗਾ।ਪੰਜਾਬ ਪੱਧਰ ਦੀਆਂ ਮੰਗਾਂ ਤੇ ਬਿਜਲੀ ਬੋਰਡ ਨਾਲ ਸੰਬੰਧਤ ਮੰਗਾਂ ਬਾਰੇ ਗੱਲ ਕੀਤੀ ਜਾਵੇਗੀ।ਮੀਟਿੰਗ ਵਿੱਚ ਸਟੇਟ ਕਮੇਟੀ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸਰਾਂ ਸਮੇਤ ਜਲਾਲਾਬਾਦ ਮੰਡਲ ਵੱਲੋਂ ਨਰੇਸ਼ ਸੇਠੀ, ਬਲਵਿੰਦਰ ਸਿੰਘ ਜ਼ੀਰਾ ਮੰਡਲ ਵੱਲੋਂ ਮੁਖਤਿਆਰ ਸਿੰਘ, ਬਖਸ਼ੀਸ਼ ਸਿੰਘ, ਸਾਧੂ ਸਿੰਘ, ਫਿਰੋਜ਼ਪੁਰ ਸ਼ਹਿਰੀ ਮੰਡਲ ਵੱਲੋਂ ਸ਼ਾਮ ਸਿੰਘ, ਬਿਸ਼ਨ ਸਿੰਘ, ਗੁਰਬਖਸ਼ ਸਿੰਘ ਤੇ ਸਬ ਅਰਬਨ ਮੰਡਲ ਵੱਲੋਂ ਸੁਖਚੈਨ ਲਾਲ ਸ਼ਾਮਲ ਸਨ।

ਸਾਈਂ ਰਾਮ ਕਾਲਜ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



ਸਮਾਣਾ (ਇਕਬਾਲ ਸਿੰਘ ਬੱਲ)-ਸਮਾਣਾ ਦੀ ਸਰਾਂ ਪੱਤੀ ਵਿਖੇ ਸਥਿਤ ਸਾਈਂ ਰਾਮ ਕਾਲਜ ਆਫ਼ ਐਜੂਕੇਸ਼ਨ ਵਿਖੇ ਕਾਲਜ ਦੀ ਸੁੱਖ-ਸ਼ਾਂਤੀ, ਤਰੱਕੀ ਤੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਨੂੰ ਮੁੱਖ ਰੱਖਦਿਆਂ ਸ਼ਰਧਾ ਤੇ ਸਤਿਕਾਰ ਨਾਲ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਇਸ ਮੌਕੇ ਕਾਲਜ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਚਰਨ ਪਵਾਏ ਗਏ ਤੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਤੇ ਪਾਠਾਂ ਰਾਹੀਂ ਸਮੁੱਚੇ ਮਾਹੌਲ ਨੂੰ ਅਧਿਆਤਮਕ ਰੰਗ ਵਿੱਚ ਰੰਗਿਆ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਕਾਲਜ ਦੇ ਐੱਮ. ਡੀ. ਰਜੀਵ ਗਰਗ ਨੇ ਦੱਸਿਆ ਕਿ ਕਾਲਜ ਮੈਨੇਜਮੈਂਟ ਵੱਲੋਂ ਪ੍ਰਮਾਤਮਾ ਦਾ ਓਟ-ਆਸਰਾ ਲੈਂਦਿਆਂ ਸੰਸਥਾ ਦੀ ਸੁਖ-ਸ਼ਾਂਤੀ, ਖ਼ੁਸ਼ਹਾਲੀ ਤੇ ਲਗਾਤਾਰ ਤਰੱਕੀ ਦੇ ਨਾਲ-ਨਾਲ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਮਨੁੱਖ ਨੂੰ ਸੱਚਾਈ, ਨਿਮਰਤਾ, ਸੇਵਾ ਤੇ ਚੰਗੇ ਸੰਸਕਾਰਾਂ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦੀ ਹੈ।ਇਸ ਦੌਰਾਨ ਕਾਲਜ ਦੀ ਪ੍ਰਿੰਸੀਪਲ ਡਾ. ਰਸ਼ਪਾਲ ਕੌਰ ਤੇ ਐੱਮ. ਡੀ. ਰਜੀਵ ਗਰਗ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਅੱਗੇ ਨਤਮਸਤਕ ਹੋ ਕੇ ਕਾਲਜ ਦੀ ਤਰੱਕੀ, ਸਮੁੱਚੇ ਸਟਾਫ਼ ਦੀ ਖ਼ੁਸ਼ਹਾਲੀ ਤੇ ਵਿਦਿਆਰਥੀਆਂ ਦੀ ਚੰਗੀ ਸਿੱਖਿਆ ਤੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ।ਇਸ ਮੌਕੇ ਐੱਮ. ਡੀ. ਰਜੀਵ ਗਰਗ, ਪ੍ਰਿੰਸੀਪਲ ਡਾ. ਰਸ਼ਪਾਲ ਕੌਰ, ਅਮਰੀਕ ਸਿੰਘ, ਰਿਤੇਸ਼ ਗਰਗ, ਪ੍ਰਿਯੰਕਾ ਗਰਗ, ਸਿਮਰਨ ਕੌਰ, ਵਰਿੰਦਾ ਗਰਗ, ਡਾ. ਜਸਪਿੰਦਰ ਕੌਰ, ਮੈਡਮ ਵਰਨ, ਹਰਵਿੰਦਰ ਕੌਰ ਤੋਂ ਇਲਾਵਾ ਕਾਲਜ ਦਾ ਸਮੁੱਚਾ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

ਵਾਰਡ ਨੰਬਰ 15 ਦੀ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਪਾਵਾਂਗੇ : ਰਾਜਿੰਦਰ ਵਿਰਕ

■ ਬਲਦੇਸ਼ ਕੌਰ ਦੇ ਹੱਕ 'ਚ ਜ਼ੋਰਦਾਰ ਚੋਣ ਪ੍ਰਚਾਰ ਮੁਹਿੰਮ ਆਰੰਭੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਦੇ ਹੁਕਮਾਂ ਮੁਤਾਬਕ ਅਸੀਂ ਸਨੌਰ ਹਲਕੇ ਵਿੱਚ ਪੈਂਦੀ ਵਾਰਡ ਨੰਬਰ 15 ਦੀ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਪਾਵਾਂਗੇ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਰਾਜਿੰਦਰ ਸਿੰਘ ਵਿਰਕ ਹਲਕਾ ਸਨੌਰ ਨੇ ਕੀਤਾ ਹੈ।ਇਥੇ ਪਾਰਟੀ ਦੇ ਵਾਰਡ ਤੋਂ ਉਮੀਦਵਾਰ ਬਲਦੇਸ਼ ਕੌਰ ਨੂੰਹ ਜਰਨੈਲ ਸਿੰਘ ਅਲੀਪੁਰ ਸਾਬਕਾ ਐੱਮ ਸੀ ਤੇ ਸਰਪੰਚ ਦੇ ਹੱਕ ਵਿੱਚ ਚੋਣ ਪ੍ਰਚਾਰ ਵਿੱਢਦਿਆਂ ਰਾਜਿੰਦਰ ਸਿੰਘ ਵਿਰਕ ਨੇ ਕਿਹਾ ਕਿ ਜਰਨੈਲ ਸਿੰਘ ਅਲੀਪੁਰ ਦਾ ਪਰਿਵਾਰ ਇਲਾਕੇ ਦਾ ਬਹੁਤ ਹੀ ਨਾਮਵਰ ਪਰਿਵਾਰ ਹੈ ਤੇ ਉਨ੍ਹਾਂ ਦੇ ਪਰਿਵਾਰ ਦਾ ਜੀਅ ਇਸ ਹਲਕੇ ਦੇ ਵਾਰਡ ਤੋਂ ਐੱਮ ਸੀ ਬਣਨ ਦੇ ਨਾਲ ਇਲਾਕੇ ਦੇ ਲੋਕਾਂ ਦੀ ਭਲਾਈ ਤੇ ਤਰੱਕੀ ਹੋਵੇਗੀ ਤੇ ਇਲਾਕੇ ਦਾ ਵਿਕਾਸ ਸੰਭਵ ਹੋਵੇਗਾ।ਉਨ੍ਹਾਂ ਕਿਹਾ ਕਿ ਸ੍ਰ. ਬਾਦਲ ਦੇ ਹੁਕਮਾਂ ਮੁਤਾਬਕ ਤੇ ਲੋਕ ਸਭਾ ਹਲਕਾ ਇੰਚਾਰਜ ਐੱਨ ਕੇ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਅਸੀਂ ਪਾਰਟੀ ਦੀ ਜਿੱਤ ਵਾਸਤੇ ਦਿਨ-ਰਾਤ ਇਕ ਕਰਾਂਗੇ ਤੇ ਇਕ-ਇਕ ਵੋਟਰ ਨੂੰ ਆਪਣੇ ਨਾਲ ਤੋਰਾਂਗੇ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਪਾਰਟੀ ਉਮੀਦਵਾਰ ਦੇ ਹੱਕ ਵਿੱਚ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਪੂਰਨ ਵਿਸ਼ਵਾਸ ਹੈ ਕਿ ਵੱਡੇ ਬਹੁਮਤ ਨਾਲ ਪਾਰਟੀ ਦੀ ਜਿੱਤ ਹੋਵੇਗੀ।ਉਨ੍ਹਾਂ ਕਿਹਾ ਕਿ ਕਿਉਂਕਿ ਹੁਣ ਇਹ ਚੋਣਾਂ ਦੁਬਾਰਾ ਸੁਪਰੀਮ ਕੋਰਟ ਦੇ ਹੁਕਮਾਂ ਮੁਤਾਬਕ ਹੋ ਰਹੀਆਂ ਹਨ ਤੇ ਵਿਸ਼ਵਾਸ ਹੈ ਕਿ ਪੂਰੀ ਪਾਰਦਰਸ਼ਤਾ ਨਾਲ ਇਹ ਚੋਣਾਂ ਹੋਣਗੀਆਂ ਤਾਂ ਹਮੇਸ਼ਾ ਲੋਕਾਂ ਦੇ ਹਰਮਨਪਿਆਰੇ ਉਮੀਦਵਾਰ ਹੀ ਜਿੱਤਣਗੇ।ਇਸ ਮੌਕੇ ਇਲਾਕੇ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਪੰਜਾਬ ਮੰਡੀ ਬੋਰਡ ਨੇ ਮੇਜਰ ਇਨੋਵੇਸ਼ਨ ਐਵਾਰਡ ਜਿੱਤ ਕੇ ਰਚਿਆ ਇਤਿਹਾਸ

■ ਚੇਅਰਮੈਨ ਬਰਸਟ ਨੇ ਚੀਨ ਵਿਖੇ ਕਾਨਫਰੰਸ 'ਚ ਪੁਰਸਕਾਰ ਕੀਤਾ ਪ੍ਰਾਪਤ




ਸਮਾਣਾ (ਗੁਰਪਿਆਰ ਸਿੰਘ ਬੱਲ)

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਨੇ ਅੰਤਰਰਾਸ਼ਟਰੀ ਪੱਧਰ 'ਤੇ ਇੱਕ ਨਵਾਂ ਇਤਿਹਾਸ ਸਿਰਜਿਆ ਹੈ।ਪੰਜਾਬ ਰਾਜ ਖੇਤੀਬਾੜੀ ਮੰਡੀਕਰਨ ਬੋਰਡ ਨੇ ਚੀਨ ਦੇ ਤਿਆਨਜਿਨ ਵਿਖੇ ਆਯੋਜਿਤ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕਿਟਸ (ਡਬਲਿਊ. ਯੂ. ਡਬਲਿਊ. ਐੱਮ.) ਦੀ ਕਾਨਫਰੰਸ ਦੌਰਾਨ ਮੇਜਰ ਇਨੋਵੇਸ਼ਨ ਐਵਾਰਡ ਜਿੱਤਿਆ ਹੈ, ਜਿਸ ਨੂੰ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਪ੍ਰਾਪਤ ਕੀਤਾ ਗਿਆ।ਇਸ ਦੌਰਾਨ ਡਾ. ਜੇ. ਐੱਸ. ਯਾਦਵ ਐੱਮ. ਡੀ. ਨੈਸ਼ਨਲ ਕੌਂਸਲ ਆਫ਼ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡਜ਼ ਤੇ ਡਾਇਰੈਕਟਰ ਡਬਲਿਯੂ. ਯੂ. ਡਬਲਿਯੂ. ਐੱਮ. ਵੀ ਮੌਜੂਦ ਰਹੇ।ਇਹ ਭਾਰਤ ਦੇ ਖੇਤੀਬਾੜੀ ਮੰਡੀਕਰਨ ਖੇਤਰ ਦੇ ਇਤਿਹਾਸ 'ਚ ਇੱਕ ਮੀਲ ਪੱਥਰ ਹੈ।ਇਹ ਪ੍ਰਾਪਤੀ ਪੰਜਾਬ ਲਈ ਵਿਸ਼ਵ ਪੱਧਰ 'ਤੇ ਮਾਣ ਵਾਲੀ ਗੱਲ ਹੈ ਤੇ ਪੰਜਾਬ ਦੇ ਖੇਤੀਬਾੜੀ ਮੰਡੀਕਰਨ ਦੇ ਢਾਂਚੇ ਦਾ ਵਿਸ਼ਵ ਪੱਧਰੀ ਹੋਣਾ ਦਰਸਾਉਂਦੀ ਹੈ।ਇਹ ਪੁਰਸਕਾਰ ਖੇਤੀਬਾੜੀ ਥੋਕ ਮੰਡੀ ਦੇ ਵਿਕਾਸ ਵਿੱਚ ਨਵੀਆਂ ਪਹਿਲਕਦਮੀਆਂ ਲਈ ਪੰਜਾਬ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਨੂੰ ਦਿੱਤਾ ਗਿਆ। ਇਸ ਦੌਰਾਨ ਸ੍ਰ. ਬਰਸਟ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੇ ਇੱਕ ਵਿਸ਼ਾਲ ਖੇਤੀਬਾੜੀ ਮੰਡੀਕਰਨ ਨੈੱਟਵਰਕ ਵਿਕਸਤ ਕੀਤਾ ਹੈ, ਜਿਸ ਵਿੱਚ 158 ਮਾਰਕਿਟ ਕਮੇਟੀਆਂ, 152 ਮੁੱਖ ਯਾਰਡ, 285 ਸਬ-ਯਾਰਡ ਤੇ 1,485 ਸੀਜ਼ਨਲ ਖਰੀਦ ਕੇਂਦਰ ਸ਼ਾਮਲ ਹਨ।ਬੋਰਡ ਨੇ ਇਸ ਵਿਸ਼ਾਲ ਨੈੱਟਵਰਕ ਦੇ ਆਧੁਨਿਕੀਕਰਨ ਤੇ ਕਿਸਾਨਾਂ, ਮੰਡੀ ਨਾਲ ਜੁੜੇ ਲੋਕਾਂ ਲਈ ਇਸ ਦੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਵੱਲ ਕੰਮ ਕੀਤਾ ਹੈ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਕਿਹਾ ਕਿ ਇਹ ਪੰਜਾਬ ਤੇ ਪੂਰੇ ਦੇਸ਼ ਲਈ ਬੇਹੱਦ ਮਾਣ ਵਾਲਾ ਪਲ ਹੈ।ਮੇਜਰ ਇਨੋਵੇਸ਼ਨ ਐਵਾਰਡ ਜਿੱਤਣਾ ਤੇ ਡਬਲਿਊ. ਯੂ. ਡਬਲਿਊ. ਐੱਮ. ਦੇ ਇਤਿਹਾਸ ਵਿੱਚ ਪਹਿਲੀ ਵਾਰ ਇਹ ਅੰਤਰਰਾਸ਼ਟਰੀ ਮਾਨਤਾ ਭਾਰਤ ਦੇ ਨਾਮ ਕਰਨਾ ਇੱਕ ਸ਼ਾਨਦਾਰ ਪ੍ਰਾਪਤੀ ਹੈ।ਉਨ੍ਹਾਂ ਅੰਤਰਰਾਸ਼ਟਰੀ ਜਿਊਰੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਸਮਾਰਟ, ਟਿਕਾਊ ਤੇ ਊਰਜਾ-ਕੁਸ਼ਲ ਥੋਕ ਮੰਡੀਆਂ ਵਿਸ਼ੇ ਅਧੀਨ ਪੰਜਾਬ ਵੱਲੋਂ ਕੀਤੇ ਜਾ ਰਹੇ ਨਵੀਨਤਮ ਯਤਨਾਂ ਨੂੰ ਮਾਨਤਾ ਦਿੱਤੀ ਤੇ ਪ੍ਰਾਪਤ ਹੋਏ ਪ੍ਰਸਤਾਵਾਂ ਵਿੱਚੋਂ ਪੰਜਾਬ ਨੂੰ ਜੇਤੂ ਚੁਣਿਆ।ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਪੁਰਸਕਾਰ ਜਿੱਤਣਾ ਪੂਰੇ ਭਾਰਤ ਲਈ ਮਾਣ ਵਾਲੀ ਗੱਲ ਹੈ।

ਧੂਰੀ ਵਿਕਾਸ ਮੰਚ ਨੇ ਵੰਡੇ ਮੁਫ਼ਤ ਦੀਵੇ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਸ਼ਹਿਰ ਦੀ ਬਿਹਤਰੀ, ਲੋਕਾਂ ਦੇ ਦੁੱਖ-ਦਰਦ ਵੰਡਾਉਣ ਤੇ ਮੰਗਾਂ ਨੂੰ ਪ੍ਰਸ਼ਾਸਨ ਤੱਕ ਪਹੁੰਚਾਉਣ ਲਈ ਵਚਨਬੱਧ ਧੂਰੀ ਵਿਕਾਸ ਮੰਚ (ਰਜਿ:) ਵੱਲੋਂ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਇੱਕ ਸ਼ਲਾਘਾਯੋਗ ਤੇ ਨੇਕ ਉਪਰਾਲਾ ਕਰਦਿਆਂ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਸ਼ਹਿਰ ਦੇ ਮੁੱਖ ਅੱਡੇ ਰੇਲਵੇ ਰੋਡ 'ਤੇ ਆਮ ਲੋਕਾਂ, ਰਾਹਗੀਰਾਂ ਨੂੰ ਮੁਫ਼ਤ ਮਿੱਟੀ ਦੇ ਦੀਵੇ ਵੰਡੇ ਗਏ, ਤਾਂ ਜੋ ਹਰ ਘਰ ਵਿੱਚ ਚਾਨਣ ਦੀਆਂ ਲੋਅ ਨਾਲ ਜਗ ਸਕਣ।ਇਸ ਮੌਕੇ ਮੰਚ ਦੇ ਉੱਪ ਚੇਅਰਮੈਨ ਅਭਿਨਵ ਗੋਇਲ, ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਮਨੋਹਰ ਸਿੰਘ ਸੱਗੂ, ਸਹਾਇਕ ਵਿੱਤ ਸਕੱਤਰ ਮੋਹਿਤ ਜਿੰਦਲ ਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਆਦਿ ਹਾਜ਼ਰ ਸਨ।ਇਸ ਮੌਕੇ ਗੱਲਬਾਤ ਕਰਦਿਆਂ ਮੰਚ ਦੇ ਅਹੁਦੇਦਾਰਾਂ ਨੇ ਆਖਿਆ ਕਿ ਦੀਵਾਲੀ ਦਾ ਤਿਉਹਾਰ ਆਪਸੀ ਸਾਂਝ, ਖ਼ੁਸ਼ੀਆਂ ਤੇ ਰੋਸ਼ਨੀ ਦਾ ਪ੍ਰਤੀਕ ਹੈ। ਅੱਜ ਦੇ ਮਸ਼ੀਨੀ ਯੁੱਗ ਵਿੱਚ ਮਿੱਟੀ ਦੇ ਦੀਵਿਆਂ ਦੀ ਮਹੱਤਤਾ ਨੂੰ ਕਾਇਮ ਰੱਖਣਾ ਤੇ ਸਾਡੇ ਪ੍ਰੰਪਰਿਕ ਸ਼ੋਹਰਤ ਵਾਲੇ ਕਾਰੀਗਰਾਂ ਦੀ ਹੌਸਲਾ ਅਫਜ਼ਾਈ ਕਰਨਾ ਵੀ ਇਸ ਮੁਹਿੰਮ ਦਾ ਮੁੱਖ ਮਨੋਰਥ ਹੈ।ਮੰਚ ਦੇ ਆਗੂਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ ਪ੍ਰਦੂਸ਼ਣ-ਮੁਕਤ ਤੇ ਗਰੀਨ ਦੀਵਾਲੀ ਮਨਾਉਣ, ਤਾਂ ਕਿ ਸਾਡਾ ਵਾਤਾਵਰਨ ਵੀ ਸਾਫ਼-ਸੁਥਰਾ ਰਹਿ ਸਕੇ।

ਮਾਤਾ ਗੁਜਰੀ ਕਾਲਜ ਵਿਖੇ 'ਉਤਸਵ-ਏ-ਦੀਵਾਲੀ' ਸਮਾਗਮ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੇ ਬਾਇਓਟੈਕਨਾਲੋਜੀ ਵਿਭਾਗ ਦੀ ਬਾਇਓਟੈਕਨਾਲੋਜੀ ਸੁਸਾਇਟੀ ਵੱਲੋਂ 'ਉਤਸਵ-ਏ-ਦੀਵਾਲੀ' ਸਿਰਲੇਖ ਹੇਠ ਵਿਸ਼ੇਸ਼ ਦੀਵਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਬਾਇਓਟੈਕਨਾਲੋਜੀ ਵਿਭਾਗ ਤੇ ਫੂਡ ਟੈਕਨਾਲੋਜੀ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਟੀਮ ਵਰਕ ਤੇ ਵਾਤਾਵਰਣ ਪੱਖੀ ਦੀਵਾਲੀ ਮਨਾਉਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਇਸ ਮੌਕੇ ਵਿਦਿਆਰਥੀਆਂ ਦੇ ਚਾਰ ਰਚਨਾਤਮਕ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਰੰਗੋਲੀ ਬਣਾਉਣ, ਪੋਸਟਰ ਬਣਾਉਣ, ਪੇਪਰ ਕਰਾਫਟਿੰਗ ਤੇ ਦੀਵਿਆਂ ਦੀ ਸਜਾਵਟ ਮੁਕਾਬਲੇ ਸ਼ਾਮਲ ਸਨ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਦੀਵਾਲੀ ਦੇ ਤਿਉਹਾਰ ਨੂੰ ਵਾਤਾਵਰਣ-ਅਨੁਕੂਲ ਢੰਗ ਨਾਲ ਮਨਾਉਂਦਿਆਂ ਪਟਾਕਿਆਂ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਤੇ ਵੱਧ ਤੋਂ ਵੱਧ ਪੌਦੇ ਲਗਾ ਕੇ ਵਾਤਾਵਰਣ ਦੀ ਸ਼ੁੱਧਤਾ ਤੇ ਹਰਿਆਵਲ ਨੂੰ ਬਰਕਰਾਰ ਰੱਖਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਮੁਕਾਬਲਿਆਂ ਦੀ ਜੱਜਮੈਂਟ ਦਾ ਕਾਰਜ ਕੈਮਿਸਟਰੀ ਵਿਭਾਗ ਦੇ ਡਾ. ਕੁਲਦੀਪ ਕੌਰ ਤੇ ਖੇਤੀਬਾੜੀ ਵਿਭਾਗ ਦੇ ਡਾ. ਰਜਨੀਸ਼ ਵੱਲੋਂ ਕੀਤਾ ਗਿਆ।ਸਮਾਗਮ ਦੇ ਸਫ਼ਲ ਆਯੋਜਨ ਵਿੱਚ ਬਾਇਓਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਜਗਦੀਸ਼ ਸਿੰਘ ਦੀ ਯੋਗ ਅਗਵਾਈ ਤੇ ਵਿਭਾਗ ਦੇ ਅਧਿਆਪਕਾਂ ਡਾ. ਮੋਨਿਕਾ, ਡਾ. ਸਿੰਮੀ ਗੋਇਲ ਤੇ ਪ੍ਰੋ. ਹਰਮਨਜੋਤ ਕੌਰ ਦੇ ਸਹਿਯੋਗ ਦੀ ਅਹਿਮ ਭੂਮਿਕਾ ਰਹੀ।

ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਮੌਕ ਚੋਣਾਂ ਦਾ ਸਫਲਤਾਪੂਰਵਕ ਆਯੋਜਨ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਫੂਲ ਵਿਖੇ ਛੇਵੀਂ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਮੌਕ ਚੋਣਾਂ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਲੋਕਤੰਤਰੀ ਪ੍ਰਕਿਰਿਆ ਤੇ ਵੋਟ ਦੇ ਮਹੱਤਵ ਤੋਂ ਜਾਣੂ ਕਰਵਾਉਣਾ ਸੀ।ਇਹ ਗਤੀਵਿਧੀ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗਗਨ ਬਾਂਸਲ, ਜਨਰਲ ਸਕੱਤਰ ਸ੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ੍ਰੀਮਤੀ ਗੀਤਾ ਪਿੱਲੇ ਦੀ ਯੋਗ ਅਗਵਾਈ ਹੇਠ ਕਰਵਾਈ ਗਈ।ਚੋਣ ਪ੍ਰਕਿਰਿਆ ਦੀ ਸ਼ੁਰੂਆਤ ਚੋਣਾਂ ਦੇ ਅਧਿਕਾਰਤ ਐਲਾਨ ਨਾਲ ਹੋਈ, ਜਿਸ ਰਾਹੀਂ ਵਿਦਿਆਰਥੀਆਂ ਨੂੰ ਚੋਣ ਦੀ ਮਿਤੀ ਤੇ ਚੋਣ ਪ੍ਰਕਿਰਿਆ ਦੇ ਵੱਖ-ਵੱਖ ਪੜਾਵਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਤੋਂ ਬਾਅਦ ਉਮੀਦਵਾਰਾਂ ਦੀ ਨਾਮਜ਼ਦਗੀ ਦੀ ਪ੍ਰਕਿਰਿਆ ਸ਼ੁਰੂ ਹੋਈ।ਛੇਵੀਂ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀਆਂ-ਆਪਣੀਆਂ ਜਮਾਤਾਂ ਵਿੱਚੋਂ ਲੋਕਤੰਤਰੀ ਢੰਗ ਨਾਲ ਉਮੀਦਵਾਰਾਂ ਦੀ ਚੋਣ ਕੀਤੀ।ਨਾਮਜ਼ਦ ਕੀਤੇ ਗਏ ਉਮੀਦਵਾਰਾਂ ਨੇ ਨਿਰਧਾਰਤ ਨਾਮਜ਼ਦਗੀ ਫਾਰਮ ਭਰ ਕੇ ਜਮ੍ਹਾਂ ਕਰਵਾਏ।ਚੋਣ ਪ੍ਰਚਾਰ ਕਰਵਾਇਆ ਗਿਆ, ਜਿਸ ਦੌਰਾਨ ਉਮੀਦਵਾਰਾਂ ਆਪਣੇ ਵਿਚਾਰ ਤੇ ਯੋਜਨਾਵਾਂ ਵੋਟਰਾਂ ਸਾਹਮਣੇ ਪੇਸ਼ ਕੀਤੀਆਂ ਅਤੇ ਉਨ੍ਹਾਂ ਦਾ ਸਮਰਥਨ ਪ੍ਰਾਪਤ ਕਰਨ ਦੀ ਕੋਸ਼ਿਸ਼ ਕੀਤੀ। ਮੌਕੇ ਚੋਣ ਵੇਲੇ ਵਿਦਿਆਰਥੀਆਂ ਨੇ ਚੋਣ ਕਮਿਸ਼ਨਰ, ਪ੍ਰੀਜ਼ਾਈਡਿੰਗ ਅਫ਼ਸਰ, ਪੋਲਿੰਗ ਅਫ਼ਸਰ ਤੇ ਪੋਲਿੰਗ ਏਜੰਟ ਦੀਆਂ ਭੂਮਿਕਾਵਾਂ ਬਹੁਤ ਹੀ ਉਤਸ਼ਾਹ ਨਾਲ ਨਿਭਾਈਆਂ ਤੇ ਚੋਣ ਪ੍ਰਬੰਧਨ ਦਾ ਵਿਹਾਰਕ ਅਨੁਭਵ ਪ੍ਰਾਪਤ ਕੀਤਾ।ਪੋਲਿੰਗ ਏਜੰਟਾਂ ਨੇ ਉਮੀਦਵਾਰਾਂ ਦੀ ਨੁਮਾਇੰਦਗੀ ਕਰਦਿਆਂ ਵੋਟਿੰਗ ਪ੍ਰਕਿਰਿਆ 'ਤੇ ਨਜ਼ਰ ਰੱਖੀ ਅਤੇ ਪਾਰਦਰਸ਼ਤਾ ਬਣਾਈ ਰੱਖਣ ਵਿੱਚ ਆਪਣੀ ਭੂਮਿਕਾ ਨਿਭਾਈ।ਇਹ ਸਮੁੱਚਾ ਸਮਾਗਮ ਚੋਣ ਕਮੇਟੀ ਤੇ ਅਧਿਆਪਕਾਂ ਦੇ ਸਰਗਰਮ ਸਹਿਯੋਗ ਨਾਲ ਬਹੁਤ ਹੀ ਸੁਚੱਜੇ ਤੇ ਸੁਚਾਰੂ ਢੰਗ ਨਾਲ ਸੰਪੰਨ ਹੋਇਆ।ਸਕੂਲ ਮੈਨੇਜਿੰਗ ਕਮੇਟੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਸਹੀ ਸੇਧ ਦੇਣ ਲਈ ਇਸ ਤਰ੍ਹਾਂ ਦੇ ਪ੍ਰੋਗਰਾਮ ਬਹੁਤ ਕਾਰਗਰ ਸਾਬਿਤ ਹੁੰਦੇ ਹਨ।

ਵਰਲਡ ਯੂਨੀਵਰਸਿਟੀ ਵਿਖੇ ਦੀਵਾਲੀ ਮੇਲਾ ਸੱਭਿਆਚਾਰਕ ਰੰਗਾਂ ਨਾਲ ਮਨਾਇਆ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਵਿਖੇ ਦੀਵਾਲੀ ਮੇਲਾ ਬੜੇ ਉਤਸ਼ਾਹ ਤੇ ਸੱਭਿਆਚਾਰਕ ਰੰਗਾਂ ਨਾਲ ਲਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਆਪਣੀ ਸਿਰਜਣਾਤਮਕਤਾ ਤੇ ਉੱਦਮੀ ਸਮਰੱਥਾ ਦਾ ਪ੍ਰਗਟਾਵਾ ਕੀਤਾ।ਐਡਵੋਕੇਟ ਸ. ਅਮਰਦੀਪ ਸਿੰਘ ਧਾਰਨੀ, ਮੈਂਬਰ ਯੂਨੀਵਰਸਿਟੀ ਟਰੱਸਟ ਤੇ ਪ੍ਰਧਾਨ ਅਕਾਲੀ ਦਲ ਕਾਨੂੰਨੀ ਵਿੰਗ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਵੀ ਹਾਜ਼ਰ ਸਨ।ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਯੂਨੀਵਰਸਿਟੀ ਦੇ ਮਾਹੌਲ ਨੂੰ ਜੀਵੰਤ ਬਣਾਉਂਦੇ ਹਨ ਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਆਪਣੀਆਂ ਰੁਚੀਆਂ ਤੇ ਪ੍ਰਤਿਭਾ ਨਿਖਾਰਨ ਦੇ ਮੌਕੇ ਦਿੰਦੇ ਹਨ।ਮੇਲੇ ਦੇ ਕਨਵੀਨਰ ਡਾ. ਹਰਨੀਤ ਬਿਲਿੰਗ ਮੁਖੀ ਸਿੱਖਿਆ ਵਿਭਾਗ ਨੇ ਇਸ ਉਪਰਾਲੇ ਦੇ ਉਦੇਸ਼ ਸਾਂਝੇ ਕਰਦਿਆਂ ਕਿਹਾ ਕਿ ਇਸ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਆਪਣੀ ਸਿਰਜਣਾਤਮਕ ਤੇ ਉੱਦਮੀ ਸੋਚ ਦੇ ਪ੍ਰਗਟਾਵੇ ਆਰਥੀਆਂ ਵਿੱਚ ਆਤਮ-ਵਿਸ਼ਵਾਸ, ਰਲ਼ ਕੇ ਕੰਮ ਕਰਨ ਦੀ ਭਾਵਨਾ, ਅਗਵਾਈ ਅਤੇ ਪ੍ਰਬੰਧਕੀ ਹੁਨਰ ਪੈਦਾ ਕਰਦੀਆਂ ਹਨ।ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਪ੍ਰਬੰਧਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਪੜ੍ਹਾਈ ਤੋਂ ਇਲਾਵਾ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵੀ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੰਚ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸਿਰਜਣਾਤਮਕਤਾ, ਸੰਚਾਰ ਕਲਾ ਤੇ ਪ੍ਰਬੰਧਕੀ ਹੁਨਰਾਂ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਅੰਤ ਵਿੱਚ ਡਾ. ਰਮਨਦੀਪ ਕੌਰ ਮੁਖੀ ਰਾਜਨੀਤੀ ਵਿਗਿਆਨ ਵਿਭਾਗ ਤੇ ਮੇਲਾ ਕੋਆਰਡੀਨੇਟਰ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਯੂਨੀਵਰਸਿਟੀ ਪ੍ਰਬੰਧਨ, ਵਿਸ਼ੇਸ਼ ਮਹਿਮਾਨ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਇਸ ਉਪਰਾਲੇ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।ਇਹ ਸਮਾਗਮ ਖ਼ੁਸ਼ੀ ਤੇ ਉਤਸ਼ਾਹ ਦੇ ਮਾਹੌਲ ਵਿੱਚ ਸਫਲਤਾਪੂਰਵਕ ਨੇਪਰੇ ਚੜ੍ਹਿਆ।

ਪ੍ਰੋ. ਪ੍ਰੇਮ ਸਿੰਘ ਤੇ ਹਰਿੰਦਰਪਾਲ ਚੰਦੂਮਾਜਰਾ ਅਹੁਦੇਦਾਰਾਂ ਸਮੇਤ ਮੁੜ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

■ ਸੁਖਬੀਰ ਬਾਦਲ ਨੇ ਚੰਦੂਮਾਜਰਾ ਦੇ ਘਰ ਪਹੁੰਚ ਕੇ ਸਾਰਿਆਂ ਨੂੰ ਕੀਤਾ ਸਨਮਾਨ ■ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੂੰ ਹਲਕਾ ਸਨੌਰ ਦਾ ਕੀਤਾ ਇੰਚਾਰਜ ਐਲਾਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਉਸ ਸਮੇਂ ਵੱਡਾ ਰਾਜਸੀ ਝਟਕਾ ਲੱਗਾ, ਜਦੋਂ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਹਲਕਾ ਸਨੌਰ ਤੋਂ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਤੇ ਪੁਨਰ ਸੁਰਜੀਤ ਦੇ ਜ਼ਿਲ੍ਹਾ ਪਟਿਆਲਾ ਦੇ ਆਹੁਦੇਦਾਰ, ਡੈਲੀਗੇਟ ਤੇ ਵਰਕਰ ਆਪਣੇ ਵੱਡੇ ਕਾਫਲੇ ਸਮੇਤ ਮੁੜ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਚੰਦੂਮਾਜਰਾ ਪਰਵਾਰ ਦੀ ਮੁੜ ਘਰ ਵਾਪਸੀ ਤੇ ਪੁਨਰ ਸੁਰਜੀਤ ਦੇ ਅਹੁਦੇਦਾਰਾਂ ਅਤੇ ਡੈਲੀਗੇਟਾਂ ਦਾ ਸਵਾਗਤ ਕੀਤਾ। ਇਥੇ ਸੁਖਬੀਰ ਸਿੰਘ ਬਾਦਲ ਨੇ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੂੰ ਹਲਕਾ ਸਨੌਰ ਦਾ ਇੰਚਾਰਜ ਵੀ ਐਲਾਨ ਕਰ ਦਿੱਤਾ।

ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਵਿਚ ਅਰਾਜਕਤਾ ਦਾ ਮਾਹੌਲ ਹੈ।ਚਾਰੇ ਪਾਸੇ ਲੁੱਟ ਖਸੁੱਟ ਤੇ ਕਤਲੋਗਾਰਤ ਹੋ ਰਹੀ ਹੈ।ਇਕ ਤੋਂ ਬਾਅਦ ਇਕ ਪੇਪਰ ਲੀਕ ਤੋਂ ਬਾਅਦ ਹੁਣ ਪੀ. ਪੀ. ਐੱਸ. ਸੀ. ਵੱਲੋਂ ਲਏ ਗਏ ਪੇਪਰ 'ਤੇ ਵੀ ਸਵਾਲ ਖੜ੍ਹੇ ਹੋਏ ਹਨ।ਉਨ੍ਹਾਂ ਕਾਕਰੋਚ ਪਾਰਟੀ ਨੂੰ ਅਪੀਲ ਕੀਤੀ ਕਿ ਉਹ ਦਿੱਲੀ ਛੱਡ ਕੇ ਪੰਜਾਬ ਵਿੱਚ ਵੀ ਆਉਣ ਤੇ ਇਥੇ ਨੌਜਵਾਨਾਂ ਦੇ ਭਵਿੱਖ ਨਾਲ ਹੋ ਰਹੇ ਖਿਲਵਾੜ ਦੀ ਆਵਾਜ਼ ਵੀ ਬੁਲੰਦ ਕਰਨ।ਸੁਖਬੀਰ ਬਾਦਲ ਨੇ ਸਮੁੱਚੀਆਂ ਬਿਖਰੀਆਂ ਪੰਥਕ ਧਿਰਾਂ ਨੂੰ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਝੰਡੇ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਜ਼ਮੀਨ ਨਾਲ ਜੁੜੇ ਹੋਏ ਆਗੂ ਹਨ ਤੇ ਇਨ੍ਹਾਂ ਦੇ ਆਉਣ ਨਾਲ ਅਕਾਲੀ ਦਲ ਹੋਰ ਮਜ਼ਬੂਤ ਹੋ ਗਿਆ ਹੈ। ਸਿਰਫ ਹਲਕਾ ਸਨੌਰ ਨਹੀਂ ਸਗੋਂ ਲਹਿਰਾਗਾਗਾ ਤੋਂ ਲੈ ਕੇ ਨੰਗਲ ਤੱਕ ਵੱਡੀ ਗਿਣਤੀ ਵਿੱਚ ਅੱਜ ਮੁੜ ਤੋਂ ਅਕਾਲੀ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਜੁਆਇਨ ਕਰ ਲਿਆ ਹੈ।ਉਨ੍ਹਾਂ ਨੇ ਸਾਰਿਆਂ ਦਾ ਸਵਾਗਤ ਕੀਤਾ ਅਤੇ ਇਕਮੁੱਠ ਤੇ ਇਕਜੁੱਟ ਹੋ ਕੇ ਪੰਜਾਬ ਨੂੰ ਬਚਾਉਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ।

ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਥਿਤੀ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਦੀ ਸੱਤਾ 'ਤੇ ਕਾਬਜ਼ ਲੋਕ ਬੇਦਰਦੀ ਨਾਲ ਸੂਬੇ ਨੂੰ ਲੁੱਟ ਰਹੇ ਹਨ ਤੇ ਇਸ ਦਾ ਖਮਿਆਜ਼ਾ ਪੰਜਾਬ ਦੇ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਉਨ੍ਹਾਂ ਸੂਬੇ ਦੀ ਵਿਗੜ ਰਹੀ ਕਾਨੂੰਨ ਵਿਵਸਥਾ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਪੰਜਾਬ ਵਿੱਚ ਲੁੱਟਾਂ-ਖੋਹਾਂ, ਡਕੈਤੀਆਂ ਤੇ ਹੋਰ ਅਪਰਾਧਿਕ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।ਲੋਕਾਂ ਦੇ ਮਨਾਂ ਵਿੱਚ ਸੁਰੱਖਿਆ ਦੀ ਭਾਵਨਾ ਖ਼ਤਮ ਹੋ ਰਹੀ ਹੈ ਤੇ ਅਪਰਾਧੀਆਂ ਵਿੱਚ ਕਾਨੂੰਨ ਦਾ ਕੋਈ ਡਰ ਦਿਖਾਈ ਨਹੀਂ ਦੇ ਰਿਹਾ।ਸਰਕਾਰ ਇਸ ਗੰਭੀਰ ਸੰਕਟ ਨੂੰ ਰੋਕਣ ਵਿੱਚ ਨਾਕਾਮ ਸਾਬਿਤ ਹੋ ਰਹੀ ਹੈ।ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਸਨੌਰ ਦੀ ਸਮੁੱਚੀ ਟੀਮ ਸਨੌਰ ਸੀਟ ਨੂੰ ਜਿੱਤ ਕੇ ਪਾਰਟੀ ਪ੍ਰਧਾਨ ਦੀ ਝੋਲੀ ਵਿੱਚ ਪਾਏਗੀ।ਇਸ ਮੌਕੇ ਮਹੇਸ਼ਇੰਦਰ ਸਿੰਘ ਗਰੇਵਾਲ, ਅਰਵਿੰਦ ਖੰਨਾ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਰਨੈਲ ਸਿੰਘ ਕਰਤਾਰਪੁਰ, ਜਸਮੇਰ ਸਿੰਘ ਲਾਛੜੂ, ਇੰਦਰਮੋਹਨ ਸਿੰਘ ਬਜਾਜ, ਜਗਮੀਤ ਸਿੰਘ ਹਰਿਆਊ, ਅਮਰਿੰਦਰ ਸਿੰਘ ਬਜਾਜ, ਅਮਿਤ ਸਿੰਘ ਰਾਠੀ, ਅਮਰਜੀਤ ਸਿੰਘ ਪੰਜਰਥ, ਕੁਲਦੀਪ ਸਿੰਘ ਨੱਸੂਪੁਰ, ਹਰਦੇਵ ਸਿੰਘ ਹਰਪਾਲਪੁਰ, ਰਣਬੀਰ ਪੂਨੀਆ, ਕੁਲਦੀਪ ਸਿੰਘ ਤਰਖਾਨਮਾਜਰਾ, ਸੁਖਬੀਰ ਸਿੰਘ ਅਬਲੋਵਾਲ, ਐਡਵੋਕੇਟ ਮੂਸਾ ਖਾਨ, ਪਰਵਿੰਦਰ ਸਿੰਘ ਗਿੱਲ, ਪਲਵਿੰਦਰ ਰਿੰਕੂ, ਜਸਵਿੰਦਰਪਾਲ ਸਿੰਘ ਚੱਢਾ, ਕੈ. ਖੁਸ਼ਵੰਤ ਸਿੰਘ, ਤਜਿੰਦਰਪਾਲ ਸਿੰਘ ਸੰਧੂ, ਸ਼ੇਰ ਸਿੰਘ ਪੰਜੇਟਾ, ਮਹਿੰਦਰ ਸਿੰਘ ਪੰਜੇਟਾ, ਗੁਲਜਾਰ ਸਿੰਘ ਭੁੰਨਰਹੇੜੀ, ਇੰਦਰਮਾਨ ਸਿੰਘ ਭੁੰਨਰਹੇੜੀ, ਕੁੰਦਨ ਸਿੰਘ ਨਾਗਰਾ, ਲਾਲੀ ਮਹਿਮੂਦਪੁਰ, ਅਮਿਤ ਟਿਵਾਣਾ, ਯਸ਼ਪਾਲ ਖੰਨਾ, ਰੈਬੀ ਚੱਢਾ, ਮਹਿੰਦਰ ਕੌਰ, ਗੁਰਵਿੰਦਰ ਸਿੰਘ ਸ਼ਕਤੀਮਾਨ, ਲਾਡੀ ਪੰਜੌਲਾ, ਪ੍ਰੀਤਮ ਸਿੰਘ ਸਨੌਰ, ਗੁਰਜੀਤ ਸਿੰਘ ਉਪਲੀ, ਗੁਰਦੀਪ ਸਿੰਘ ਸ਼ੇਖੂਪੁਰ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

ਹੈਰੀਟੇਜ ਪਬਲਿਕ ਸਕੂਲ 'ਚ ਦੀਵਾਲੀ ਮੇਲੇ ਦੀਆਂ ਲੱਗੀਆਂ ਰੌਣਕਾਂ



ਭਵਾਨੀਗੜ੍ਹ (ਰਾਜ ਖੁਰਮੀ)-ਦੀਵਾਲੀ ਦੇ ਤਿਉਹਾਰ ਦੀਆਂ ਖ਼ੁਸ਼ੀਆਂ ਤੇ ਰੌਣਕਾਂ ਉਸ ਸਮੇਂ ਹੋਰ ਵੀ ਵਧ ਗਈਆਂ, ਜਦੋਂ ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਵਿਖੇ ਦੀਵਾਲੀ ਮੇਲੇ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਮੇਲੇ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ, ਮਨੋਰੰਜਕ ਖੇਡਾਂ ਤੇ ਆਪਣੇ ਹੱਥੀਂ ਤਿਆਰ ਕੀਤੀਆਂ ਕਲਾਕ੍ਰਿਤਾਂ ਰਾਹੀਂ ਆਪਣੀ ਕਲਾ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦਾ ਸਮੁੱਚਾ ਮਾਹੌਲ ਤਿਉਹਾਰੀ ਰੰਗਾਂ ਵਿੱਚ ਰੰਗਿਆ ਨਜ਼ਰ ਆਇਆ।ਮੇਲੇ ਦੌਰਾਨ ਛੋਟੇ ਬੱਚਿਆਂ ਲਈ ਕਮਾਂਡੋ ਨੈੱਟ, ਜੰਪਿੰਗ ਜੈਕ, ਟਰੈਂਪੋਲਿਨ, ਲੈਡਰ ਬ੍ਰਿਜ ਤੇ ਮਿੱਕੀ ਹਾਊਸ ਵਰਗੀਆਂ ਮਨੋਰੰਜਕ ਗਤੀਵਿਧੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।ਇਸ ਤੋਂ ਇਲਾਵਾ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਬੋਤਲ ਬਾਊਂਸ ਸਟੈਂਡ ਐਂਡ ਵਿਨ, ਸਪਲੈਸ਼ ਐਂਡ ਵਿਨ, ਦੀਆ ਡਬਲ ਧਮਾਕਾ, ਰੋਲ ਦਿ ਬਾਲ ਇਨ ਟਾਇਰ, ਕਲਰ ਬਲਾਸਟ ਤੇ ਤੰਬੋਲਾ ਵਰਗੀਆਂ ਦਿਲਚਸਪ ਖੇਡਾਂ ਦੇ ਸਟਾਲ ਲਗਾਏ ਗਏ, ਜਿਨ੍ਹਾਂ ਦਾ ਬੱਚਿਆਂ ਨੇ ਖ਼ੂਬ ਆਨੰਦ ਮਾਣਿਆ।ਮੇਲੇ ਵਿੱਚ ਖਾਣ-ਪੀਣ ਦੇ ਸਟਾਲ ਵੀ ਖਿੱਚ ਦਾ ਕੇਂਦਰ ਬਣੇ ਰਹੇ।ਮੇਲੇ ਦਾ ਸਭ ਤੋਂ ਦਿਲਚਸਪ ਪੱਖ 'ਸਟੂਡੈਂਟ ਕ੍ਰਾਫਟ ਬਾਜ਼ਾਰ' ਰਿਹਾ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਤਿਆਰ ਕੀਤੀਆਂ ਵੱਖ-ਵੱਖ ਸਜਾਵਟੀ ਤੇ ਰਚਨਾਤਮਕ ਵਸਤਾਂ ਦੀ ਪ੍ਰਦਰਸ਼ਨੀ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਵਿਕਰੀ ਵੀ ਕੀਤੀ। ਇਸ ਮੌਕੇ ਸਕੂਲ ਪ੍ਰਬੰਧਕ ਅਨਿਲ ਮਿੱਤਲ, ਆਸ਼ਿਮਾ ਮਿੱਤਲ ਤੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਪੱਖੀ ਦੀਵਾਲੀ ਮਨਾਉਣ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਤਿਉਹਾਰਾਂ ਦੀਆਂ ਖ਼ੁਸ਼ੀਆਂ ਕੁਦਰਤ ਦੀ ਸੰਭਾਲ ਨਾਲ ਜੁੜੀਆਂ ਹੋਣੀਆਂ ਚਾਹੀਦੀਆਂ ਹਨ।ਉਨ੍ਹਾਂ ਬੱਚਿਆਂ ਨੂੰ ਪਟਾਕਿਆਂ ਤੋਂ ਦੂਰ ਰਹਿਣ, ਮੋਮਬੱਤੀਆਂ ਦੀ ਬਜਾਏ ਮਿੱਟੀ ਦੇ ਦੀਵੇ ਜਗਾਉਣ, ਐੱਲ.ਈ.ਡੀ. ਲਾਈਟਾਂ ਦੀ ਵਰਤੋਂ ਕਰਨ ਤੇ ਆਰਗੈਨਿਕ ਰੰਗੋਲੀ ਬਣਾਉਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਨੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

ਦੀਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਬਰਨਾਲਾ ਵਿਸ਼ੇਸ਼ ਸਪਲੀਮੈਂਟ

ਦੀਵਾਲੀ ਅਤੇ ਬੰਦੀ ਛੋੜ ਦਿਵਸ
ਦੀਆਂ ਲੱਖ ਲੱਖ ਮੁਬਾਰਕਾਂ



Colonizer Shashikant Chopra



Colonizer
Deepak Soni Bansal
Aastha Enclave Barnala



ਸਮੂਹ ਸ਼ਹਿਰ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

ਕੌਂਸਲਰ ਕੁਲਦੀਪ ਕੁਮਾਰ ਧਰਮਾ
ਸੀਨੀਅਰ ਆਪ ਆਗੂ ਬਰਨਾਲਾ

98776-01000
MARS Immigration Solutions
A CANADIAN COMPANY
RCIC CRIC
STUDY VISA | VISITOR VISA | PR | OPEN WORK PERMIT | SPOUSE VISA
RAKESH KUMAR SINGLA
(MD)
89686-01000
72986-01000
marsimmigrationbnl
marsimmigrationbnl@gmail.com
www.marsimmigrationsolutions.com
Near PRTC Workshop, Shop No. 40, 16 Acre Barnala

ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜਦਿਵਸ ਦੀਆਂ ਲੱਖ ਲੱਖ ਮੁਬਾਰਕਾਂ



ਵਰਿੰਦਰ ਕੁਮਾਰ ਹੈਪੀ
ਠੇਕੇਦਾਰ ਬਰਨਾਲਾ



ਰੌਬੀ ਜਿੰਦਲ
ਠੇਕੇਦਾਰ ਬਰਨਾਲਾ



ਦੀਵਾਲੀ ਅਤੇ ਬੰਦੀ ਛੋੜ ਦਿਵਸ
ਦੀਆਂ ਲੱਖ ਲੱਖ ਮੁਬਾਰਕਾਂ



ਚੇਅਰਮੈਨ ਵਿਜੇ ਕੁਮਾਰ
ਇੰਡਸਟਰੀ ਚੈਂਬਰ ਬਰਨਾਲਾ


ਦੀਵਾਲੀ ਅਤੇ ਬੰਦੀ ਛੋੜ ਦਿਵਸ
ਦੀਆਂ ਲੱਖ ਲੱਖ ਮੁਬਾਰਕਾਂ



ਗੁਰਦਰਸ਼ਨ ਸਿੰਘ ਬਰਾੜ (ਸਾਬਕਾ ਸਰਪੰਚ)
ਸੀਨੀਅਰ ਭਾਜਪਾ ਆਗੂ ਜ਼ਿਲ੍ਹਾ ਬਰਨਾਲਾ



Social Activist Sachin Sood
Prominent Businessman Barnala





ਸਟੈਂਡਰਡ ਐਗਰੀਕਲਚਰ ਇੰਡਸਟਰੀਜ਼
ਸਟੈਂਡਰਡ ਚੌਂਕ ਬਰਨਾਲਾ, ਪੰਜਾਬ (148101.)
ਸੰਪਰਕ: 8288898292, 9878304530.
www.standardagro.in

ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ

ਐਮ.ਡੀ. ਪਿਆਰਾ ਲਾਲ ਰਾਏਸਰ (98155-55815) ਰਾਹੁਲ ਸਿੰਗਲਾ (98766-00000)



ਅਗਰਵਾਲ ਗਰੈਂਡ
ਸਰਕਾਰ ਤੋਂ ਮਾਨਤਾ ਪ੍ਰਾਪਤ ਧਨੌਲਾ ਰੋਡ ਬਰਨਾਲਾ ਵਿਖੇ ਸ਼ਾਨਦਾਰ ਕਲੋਨੀ
ਮੋ: 98880-15837
ਪਲਾਟ ਖਰੀਦਣ ਲਈ ਸੰਪਰਕ ਕਰੋ।



ਦੀਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਬਰਨਾਲਾ ਵਿਸ਼ੇਸ਼ ਸਪਲੀਮੈਂਟ



ਬ੍ਰਹਮਲੀਨ ਸੰਤ ਲਛਮਣ ਦਾਸ ਜੀ ਮੌੜਾਂ ਵਾਲੇ

ਮੈਂ ਆਪਣੇ ਪਿਤਾ ਗੁਰੂ ਜੀ ਦੇ ਅਸ਼ੀਰਵਾਦ ਨਾਲ ਉਹਨਾਂ ਦੇ ਦਿਖਾਏ ਰਾਸ਼ਤੇ ਉੱਪਰ ਚੱਲਣ ਦੀ ਭਰਪੂਰ ਕੋਸ਼ਿਸ ਕਰਦਾ ਰਿਹਾ ਹਾਂ ਅਤੇ ਕਰਦਾ ਰਹਾਂਗਾ। ਪਿਤਾ ਜੀ ਦੇ ਆਸ਼ੀਰਵਾਦ ਅਤੇ ਦੋਸਤਾ ਮਿੱਤਰਾਂ ਵੱਲੋਂ ਦਿੱਤੇ ਅਥਾਹ ਪਿਆਰ ਦਾ ਸਦਾ ਰਿਣੀ ਰਹਾਂਗਾ।

ਵੱਲੋਂ : ਰਜਿੰਦਰ ਸਿੰਘ ਬਰਾੜ (ਪ੍ਰੈਜੀਡੈਂਟ ਬਰਨਾਲਾ ਜਰਨਲਿਸਟ ਐਸੋਸੀਏਸ਼ਨ ਬਰਨਾਲਾ)



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਗੁਰਮੀਤ ਸਿੰਘ ਮੀਤ ਹੇਅਰ
ਐਮ.ਪੀ. ਸੰਗਰੂਰ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਰਾਜਿੰਦਰ ਗੁਪਤਾ
ਮੈਂਬਰ ਰਾਜ ਸਭਾ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਕੁਲਦੀਪ ਸਿੰਘ ਕਾਲਾ ਢਿੱਲੋਂ
ਐਮ.ਐਲ.ਏ. ਬਰਨਾਲਾ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਹਰਪ੍ਰੀਤ ਸਿੰਘ
ਡੀ.ਸੀ. ਬਰਨਾਲਾ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਸਰਫ਼ਰਾਜ ਆਲਮ
ਐਸ.ਐਸ.ਪੀ. ਬਰਨਾਲਾ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਸ: ਪਰਮਿੰਦਰ ਸਿੰਘ ਬਰਾੜ
ਡੀ.ਐਸ.ਪੀ. ਵਿਜੀਲੈਂਸ ਰੇਂਜ ਪਟਿਆਲਾ



ਰਜਿੰਦਰ ਸਿੰਘ ਬਰਾੜ
99156-36333

ਧੰਨਵਾਦ

ਦੀਵਾਲੀ ਅਤੇ ਬੰਦੀ ਛੋੜ ਦਿਵਸ 'ਤੇ ਬਰਨਾਲਾ ਵਿਸ਼ੇਸ ਸਪਲੀਮੈਂਟ ਪ੍ਰਕਾਸ਼ਿਤ ਕਰਨ 'ਚ ਸਹਿਯੋਗ ਦੇਣ ਵਾਲੇ ਸਮੂਹ ਦੋਸਤਾਂ ਮਿੱਤਰਾਂ ਦਾ ਧੰਨਵਾਦ ਕਰਦਾ ਹਾਂ

E-mail : rajindersinghbrar41@gmail.com



ਰਾਕੇਸ਼ ਕੁਮਾਰ ਨੀਟਾ
ਪੱਤਰਕਾਰ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਸੁਸੀ ਕਾਂਤ ਚੋਪੜਾ
ਕਲੈਨਾਈਜਰ ਅਤੇ ਸਮਾਜ ਸੇਵੀ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਦੀਪਕ ਸੋਨੀ
ਐਮ.ਡੀ. ਆਸਰਾ ਇਨਕਲੇਵ ਬਰਨਾਲਾ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਰਛਵਿੰਦਰ ਸਿੰਘ ਚਹਿਲ
ਸਮਾਜ ਸੇਵੀ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਸਚਿਨ ਸੂਦ
ਐਡੋ ਕਲੋਨਾਈਜ਼ਰ ਅਤੇ ਸੁਰਾਬ ਕਾਰੋਬਾਰੀ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਪਿਆਰਾ ਲਾਲ ਰਾਏਸਰੀਆ
ਸਮਾਜ ਸੇਵੀ ਬਰਨਾਲਾ



ਸੰਦੇਸ਼ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ
ਸ਼ਿਵ ਸਿੰਗਲਾ
ਜਰਨਲ ਸੈਕਟਰੀ ਐਸ.ਡੀ. ਸਭਾ ਬਰਨਾਲਾ

ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ

ਸੱਤਿਆਨੰਦ ਹਲਵਾਈ ਐਂਡ ਕੈਟਰਜ਼
99154-68935







ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ
100 ਪ੍ਰਤੀਸ਼ਤ ਸ਼ੁੱਧ ਦੁੱਧ ਲੈਣ ਲਈ ਸੰਪਰਕ ਕਰੋ।

ਗੋਪਾਲਾ ਡੇਅਰੀ ਫਾਰਮ
ਨੇੜੇ ਡਾਕਟਰ ਪ੍ਰਦੀਪ ਹਸਪਤਾਲ, ਹੰਡਿਆਇਆ ਰੋਡ ਬਰਨਾਲਾ



ਕ੍ਰਿਸ਼ਨ ਚੰਦ ਰਿੰਕੂ

ਰਾਕੇਸ਼ ਗੋਇਲ ਗੋਲੂ

ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ



ਐਡਵੋਕੇਟ ਧੀਰਜ ਕੁਮਾਰ
ਬਾਰ ਐਸੋਸੀਏਸ਼ਨ ਬਰਨਾਲਾ



ਹੈਪੀ ਠੇਕੇਦਾਰ
ਸਮਾਜ ਸੇਵੀ



ਰੌਬੀ ਠੇਕੇਦਾਰ
ਸਮਾਜ ਸੇਵੀ



ਯਾਦਵਿੰਦਰ ਸਿੰਘ ਬਿੱਟੂ ਦੀਵਾਨਾ
ਪ੍ਰਧਾਨ ਸ਼੍ਰ:ਅ:ਦਲ ਬਰਨਾਲਾ



ਕੁਲਵਿੰਦਰ ਸਿੰਘ ਬਿੱਟੂ
ਪ੍ਰਧਾਨ ਆਈਲੈਟਸ ਅਤੇ ਇੰਮੀਗ੍ਰੇਸ਼ਨ ਐਸੋ: ਬਰਨਾਲਾ



ਚੇਅਰਮੈਨ ਵਿਜੇ ਕੁਮਾਰ
ਇੰਡਸਟਰੀ ਚੈਂਬਰ ਬਰਨਾਲਾ

ਵਿੱਕੀ 90562-24200

HAPPY DIWALI

ਸੇਖਾ ਆਟੋ ਪਾਰਟਸ

ਇੱਥੇ ਈ-ਰਿਕਸ਼ਾ ਦਾ ਸਾਰਾ ਸਪੇਅਰ ਪਾਰਟਸ ਹੋਲਸੇਲ ਰੇਟਾਂ ਤੇ ਬਜ਼ਾਰ ਨਾਲੋਂ ਸਸਤਾ ਅਤੇ ਵਧੀਆ ਕੁਆਲਿਟੀ ਦਾ ਮਿਲਦਾ ਹੈ
ਰਿਪੇਅਰ ਦਾ ਕੰਮ ਤਸੱਲੀ ਬਖਸ਼ ਕੀਤਾ ਜਾਂਦਾ ਹੈ।

ਜੰਡਾ ਵਾਲਾ ਰੋਡ, ਨੇੜੇ ਛੋਟੀ ਮਾਤਾ ਰਾਣੀ ਮੰਦਰ, ਬਰਨਾਲਾ



MARYLAND RESORTS

98720-07765 98155-00388
98787-70907 73475-23201

HAPPY DIWALI



NH-7, Dhanaula Road, Barnala - 148101 (Pb.)

ਗੁਰੂ ਗੋਬਿੰਦ ਸਿੰਘ ਕਾਲਜ, ਬਰਨਾਲਾ

(ਨਰਸਿੰਗ/ਐਜੂਕੇਸ਼ਨ)

ANM | GNM | B.Sc(N) | B.Sc(N) Post Basic | E.T.T | B Ed

ਗੁਰਸੇਵਕ ਨਗਰ, ਧਨੌਲਾ ਰੋਡ, ਬਰਨਾਲਾ

M.92170-00070,99150-00421,92166-50021

PLAYWAY TO +2

62835-02544, 62801-62608

ADMISSIONS OPEN



YS GENXT
Most Trusted Pre School in Punjab

YS SCHOOL
Accredited to Finland Education

Tandon International School

Discover the potential within

Admissions Open

Playway & Kindergarten

PLAY-BASED LEARNING | CREATIVE EXPLORATION | CONFIDENCE & COMMUNICATION | SPORTS & PHYSICAL GROWTH | NURTURING CARE

BARNALA | 91052-91052, 87914-87917 | info@tandonschool.com | www.tandonschool.com

ਦਾਖ਼ਲਾ ਸ਼ੁਰੂ
ਸੈਸ਼ਨ 2025-26




ਪੰਜਾਬੀ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ
Run by :- S.D. Sabha (Regd.) Barnala

ਐੱਸ.ਐੱਸ.ਡੀ. ਕਾਲਜ

ਨੇੜੇ ਤਰਕਸ਼ੀਲ ਚੌਂਕ, ਸੰਘੇੜਾ ਰੋਡ, ਬਰਨਾਲਾ

ssdcollegebarnala.com | ssdclg@gmail.com

AICTE Approval for B.Sc, BBA Course



B.Sc. Medical/Non-Medical | BBA | B.A.
BCA | B.Com | M.A. History |
M.A. Punjabi | M.Sc.-IT | PGDCA | M.Com

+1 & +2 Medical, Non-Medical, Commerce & Arts

CONTACT : OFFICE : 98759-80038, 98759-80039, 98759-80040, PRINCIPAL : 98149-27887

ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ



ਅਨਿਲ ਬਾਂਸਲ ਸੇਠੀ
ਸੂਬਾ ਸਕੱਤਰ ਪੰਜਾਬ ਰਾਈਸ ਮਿੱਲਰਜ਼ ਐਸੋਸੀਏਸ਼ਨ



ਬੋਨੀ ਬਾਂਸਲ
ਪ੍ਰਧਾਨ ਸੈਲਰ ਐਸੋਸੀਏਸ਼ਨ ਧਨੌਲਾ



ਮੋਹਿਤ ਸਿੰਗਲਾ
ਪ੍ਰਧਾਨ ਸੈਲਰ ਐਸੋਸੀਏਸ਼ਨ ਧਨੌਲਾ ਦਿਹਾਤੀ

ਧਨੌਲਾ ਅਤੇ ਦਿਹਾਤੀ ਰਾਈਸ ਮਿੱਲਰ ਐਸੋਸੀਏਸ਼ਨ ਧਨੌਲਾ

STANDARD
An ISO 9001:2008 Certified Co.





MODEL- TSC 513

MODEL- DI 460

ਸਟੈਂਡਰਡ ਕਾਰਪੋਰੇਸ਼ਨ ਇੰਡੀਆ ਲਿਮੀਟਡ
ਸਟੈਂਡਰਡ ਚੌਂਕ, ਬਰਨਾਲਾ
ਖਰੀਦਣ/ਡੀਲਰਸ਼ੀਪ ਲਈ ਸੰਪਰਕ :- 98883-94533, 98882-08733

ਬਲਕਾਰ

www.balkarcombines.com



ਹੰਡਿਆਇਆ ਚੌਂਕ, ਬਰਨਾਲਾ

98880-96465, 98880-96065

ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਮੌਕੇ ਮੋਗਾ ਵਿਸ਼ੇਸ਼ ਅੰਕ



ਡਾ. ਸ਼ਾਮ ਸੁੰਦਰ ਗਰਗ
ਚੇਅਰਮੈਨ

ਸੰਦੇਸ਼

ਰੌਸ਼ਨੀ ਦੇ ਇਸ ਸੁੰਦਰ ਤਿਉਹਾਰ 'ਤੇ, ਤੁਹਾਡੀ ਜ਼ਿੰਦਗੀ ਦੀਵੇ ਵਾਂਗ ਚਮਕਦਾਰ ਅਤੇ ਰਾਤ ਦੇ ਅਸਮਾਨ ਵਿੱਚ ਆਤਿਸ਼ਬਾਜ਼ੀ ਵਾਂਗ ਚਮਕਦਾਰ ਹੋਵੇ। ਲਕਸ਼ਮੀ ਅਤੇ ਗਣੇਸ਼ ਦਾ ਆਸ਼ੀਰਵਾਦ ਤੁਹਾਨੂੰ ਸਾਲ ਭਰ ਸਫਲਤਾ, ਸਿਹਤ ਅਤੇ ਖੁਸ਼ਹਾਲੀ ਲੈ ਕੇ ਆਵੇ



ਡਾ. ਸੀਮਾਂਤ ਗਰਗ
ਭਾਜਪਾ ਮੈਡੀਕਲ ਸੈਲ ਸੂਬਾ ਪ੍ਰਧਾਨ



ਜੱਥੇ. ਬੂਟਾ ਸਿੰਘ ਰਣਸੀਂਹ
ਪ੍ਰਧਾਨ ਯੂਨਾਈਟਡ ਅਕਾਲੀ ਦਲ

ਸੰਦੇਸ਼

ਯੂਨਾਈਟਡ ਅਕਾਲੀ ਦਲ ਵੱਲੋਂ ਸਮੁੱਚੇ ਪੰਜਾਬ ਵਾਸੀਆਂ ਨੂੰ ਜਿੱਥੇ ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਾ ਹਾਂ, ਉੱਥੇ ਹੀ ਆਸ ਕਰਦਾ ਹਾਂ ਕਿ ਤੁਸੀਂ ਇਹ ਤਿਉਹਾਰ ਵਿਚ ਫਜ਼ੂਲ ਖਰਚੀ ਦੀ ਬਜਾਏ ਸਾਦਗੀ ਨਾਲ ਇਹ ਤਿਉਹਾਰ ਵਿਚ ਖੁਸ਼ੀਆਂ ਸਾਂਝੀਆਂ ਕਰੋ ਅਤੇ ਪੰਜਾਬ ਨੂੰ ਖੁਸ਼ਹਾਲ ਬਣਾਉਣ ਲਈ ਉਸਾਰੂ ਸੋਚ ਵਾਲੇ ਲੀਡਰਾਂ ਨੂੰ ਅੱਗੇ ਲੈ ਕੇ ਆਓ।




ਗੁਰਚਰਨ ਸਿੰਘ ਬਜਾਜ
ਚੇਅਰਮੈਨ ਫਰੀਦ ਆਟੋ ਮੋਬਾਇਲ

ਸੰਦੇਸ਼

ਰੋਸ਼ਨੀ ਦੇ ਇਸ ਸੁੰਦਰ ਤਿਉਹਾਰ 'ਤੇ, ਤੁਹਾਡੀ ਜ਼ਿੰਦਗੀ ਦੀਵੇ ਵਾਂਗ ਚਮਕਦਾਰ ਅਤੇ ਰਾਤ ਦੇ ਅਸਮਾਨ ਵਿੱਚ ਆਤਿਸ਼ਬਾਜ਼ੀ ਵਾਂਗ ਚਮਕਦਾਰ ਹੋਵੇ। ਲਕਸ਼ਮੀ ਅਤੇ ਗਣੇਸ਼ ਦਾ ਆਸ਼ੀਰਵਾਦ ਤੁਹਾਨੂੰ ਸਾਲ ਭਰ ਸਫਲਤਾ, ਸਿਹਤ ਅਤੇ ਖੁਸ਼ਹਾਲੀ ਲੈ ਕੇ ਆਵੇ



ਦਵਿੰਦਰ ਸਿੰਘ ਬਜਾਜ
ਮੈਨੇਜਿੰਗ ਡਾਇਰੈਕਟਰ ਫਰੀਦ ਆਟੋ ਮੋਬਾਇਲ



ਮੋਹਨ ਲਾਲ ਸੇਠੀ
ਸੂਬਾ ਆਗੂ

ਸੰਦੇਸ਼

ਰੌਸ਼ਨੀਆਂ ਦਾ ਤਿਉਹਾਰ ਤੁਹਾਡੇ ਜੀਵਨ ਵਿੱਚ ਬੇਅੰਤ ਖੁਸ਼ੀ, ਸ਼ਾਂਤੀ ਅਤੇ ਖੁਸ਼ਹਾਲੀ ਲੈ ਕੇ ਆਵੇ। ਤੁਹਾਡਾ ਦਿਲ ਨਿੱਘ, ਪਿਆਰ ਅਤੇ ਉਮੀਦ ਨਾਲ ਭਰ ਜਾਵੇ। ਇਸ ਦੀਵਾਲੀ ਨੂੰ ਪਰਿਵਾਰ ਅਤੇ ਦੋਸਤਾਂ ਨਾਲ ਨਵੇਂ ਮੌਕਿਆਂ, ਚੰਗੀ ਕਿਸਮਤ ਅਤੇ ਪਿਆਰੀਆਂ ਯਾਦਾਂ ਦੀ ਸ਼ੁਰੂਆਤ ਨਾਲ ਮਨਾਓ।



ਅਨਿਲ ਬਾਂਸਲ
ਸਾਬਕਾ ਸੀਨੀ. ਡਿਪਟੀ ਮੇਅਰ



ਹਰਜਿੰਦਰ ਸਿੰਘ ਬਰਸਟ
ਚੇਅਰਮੈਨ ਪੰਜਾਬ ਮੰਡੀ ਬੋਰਡ

ਸੰਦੇਸ਼

ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੁੱਚੇ ਪੰਜਾਬ ਅਤੇ ਦੇਸ਼ ਵਾਸੀਆਂ ਨੂੰ ਬਹੁਤ ਬਹੁਤ ਸ਼ੁਭਕਾਮਨਾਵਾਂ। ਅਸੀਂ ਪੰਜਾਬ ਦੇ ਕਿਸਾਨਾਂ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਪੰਜਾਬ ਸਰਕਾਰ ਕਿਸਾਨਾਂ ਦਾ ਮੰਡੀਆਂ 'ਚੋਂ ਦਾਣਾ ਦਾਣਾ ਖ਼ਰੀਦਣ ਲਈ ਵਚਨਬੱਧ ਹੈ। ਇਸ ਲਈ ਕਿਸਾਨ ਕਿਸੇ ਗੱਲ ਤੋਂ ਘਬਰਾਉਣ ਨਾ ਅਤੇ ਓਨੀ ਦੇਰ ਤੱਕ ਖ਼ਰੀਦ ਵੀ ਨਿਰੰਤਰ ਚੱਲਦੀ ਰਹੇਗੀ, ਜਿੰਨੀ ਦੇਰ ਤੱਕ ਕਿਸਾਨਾਂ ਦੀ ਫਸਲ ਮੰਡੀ 'ਚ ਆਵੇਗੀ।



ਹਰਜਿੰਦਰ ਸਿੰਘ ਚੇਅਰਮੈਨ
ਮਾਰਕੀਟ ਕਮੇਟੀ ਮੋਗਾ

ਸੰਦੇਸ਼

ਦੇਸ਼ ਵਿਦੇਸ਼ ਵਿੱਚ ਵੱਸਦੇ ਸਮੂਹ ਖੱਤਰੀ ਭਾਈਚਾਰੇ ਨੂੰ ਖੱਤਰੀ ਸਭਾ ਮੋਗਾ ਵੱਲੋਂ ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆਂ ਲੱਖ ਲੱਖ ਵਧਾਈਆਂ। ਮੈਂ ਆਸ ਕਰਦਾ ਹਾਂ ਕਿ ਸਮੁੱਚਾ ਖੱਤਰਾ ਭਾਈਚਾਰਾ ਆਪਣੇ ਸਾਥੀਆਂ ਨੂੰ ਨਾਲ ਲੈ ਕੇ ਉਨ੍ਹਾਂ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਵੇਗਾ।



ਵਿਜੈ ਧੀਰ ਐਡਵੋਕੇਟ

ਸੰਦੇਸ਼

ਦੀਵਾਲੀ, ਬੰਦੀ ਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੁੱਚੀ ਲੋਕਾਈ ਨੂੰ ਬਹੁਤ ਬਹੁਤ ਸ਼ੁਭਕਾਮਨਾਵਾਂ। ਅੱਜ ਦੇ ਦਿਨ 'ਤੇ ਮੈਂ ਜਿੱਥੇ ਸਮੁੱਚੇ ਕਿਰਤੀਆਂ ਨੂੰ ਵਧਾਈ ਦਿੰਦਾ ਹਾਂ, ਉੱਥੇ ਹੀ ਸਰਕਾਰਾਂ ਤੋਂ ਇਹ ਅਪੀਲ ਕਰਦਾ ਹਾਂ ਕਿ ਪੜ੍ਹੀ ਲਿਖੀ ਬੇਰੋਜ਼ਗਾਰ ਨੌਜਵਾਨੀ ਨੂੰ ਕੁਰਾਹੇ ਪੈਣ ਤੋਂ ਬਚਾਉਣ ਲਈ ਉਨ੍ਹਾਂ ਲਈ 'ਬਨੇਗਾ' ਕਾਨੂੰਨ ਬਣਾ ਕੇ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਗਾਰੰਟੀ ਦਿੱਤੀ ਜਾਵੇ ਅਤੇ ਰੋਜ਼ਗਾਰ ਨਾ ਮਿਲਣ ਦੀ ਸੂਰਤ ਵਿਚ ਉਨ੍ਹਾਂ ਨੂੰ ਬੇਰੋਜ਼ਗਾਰੀ ਭੱਤਾ ਦਿੱਤਾ ਜਾਵੇ।



ਕਾਮਰੇਡ ਜਗਰੂਪ ਸਲਾਹਕਾਰ
ਕੌਮੀ ਰੋਜ਼ਗਾਰ ਚੇਤਨਾ



ਮਹੇਸ਼ਇੰਦਰ ਸਿੰਘ
ਨਿਹਾਲ ਸਿੰਘ ਵਾਲਾ

ਸੰਦੇਸ਼

ਵਿਸ਼ਵਕਰਮਾ ਦਿਵਸ ਦੀਆਂ ਸਮੁੱਚੀ ਕਿਰਤੀ ਜਮਾਤ ਨੂੰ ਬਹੁਤ ਬਹੁਤ ਸ਼ੁਭਕਾਮਨਾਵਾਂ ਦਿੰਦੇ ਹੋਏ ਇਹ ਆਸ ਕਰਦੇ ਹਾਂ ਕਿ ਕਿਰਤੀਆਂ ਵੱਲੋਂ ਪਹਿਲਾਂ ਵੀ ਦੇਸ਼ ਅਤੇ ਪੰਜਾਬ ਦੀ ਤਰੱਕੀ ਲਈ ਆਪਣੇ ਰਾਹੀਂ ਕੀਤੇ ਜਾ ਰਹੇ ਬੇਮਿਸਾਲ ਕੰਮਾਂ ਕਾਰਨ ਦੇਸ਼ ਵਿਚ ਹੀ ਨਹੀਂ, ਸਗੋਂ ਵਿਦੇਸ਼ਾਂ ਵਿਚ ਵੀ ਭਾਰਤ ਦੇ ਕਿਰਤੀਆਂ ਦੀ ਵੱਖਰੀ ਪਹਿਚਾਣ ਹੈ। ਇਸ ਦਿਨ 'ਤੇ ਮੈਂ ਆਪ ਸਭ ਨੂੰ ਉਸਾਰੂ ਸੋਚ ਰੱਖ ਕੇ ਕਿਰਤ ਕਰਨ ਦੀ ਅਪੀਲ ਕਰਦਾ ਹਾਂ।



ਐਡਵੋਕੇਟ ਧਰਮਪਾਲ ਸਿੰਘ
ਨਿਹਾਲ ਸਿੰਘ ਵਾਲਾ



ਪੱਤਰਕਾਰ ਸੁਰਿੰਦਰਪਾਲ ਸਿੰਘ



ਪੱਤਰਕਾਰ ਸੁਰਿੰਦਰ ਮਾਨ



ਪੱਤਰਕਾਰ ਵਿਪਨ ਓਕਾਰਾ



ਪੱਤਰਕਾਰ ਨਵਦੀਪ ਮਹੇਸਰੀ



ਪੱਤਰਕਾਰ ਗੋਪੀ ਰਾਉਕੇ



ਪੱਤਰਕਾਰ ਦਲੀਪ ਕੁਮਾਰ



ਪੱਤਰਕਾਰ ਅਮਜਦ ਖ਼ਾਨ



ਪੱਤਰਕਾਰ ਜਸਪਾਲ ਬੱਬੀ



ਪੱਤਰਕਾਰ ਸਰਬਜੀਤ ਰੌਲੀ



ਪੱਤਰਕਾਰ ਗੁਰਤੇਜ ਬੱਬੀ



ਪੱਤਰਕਾਰ ਹਰਜੀਤ ਸਿੰਘ



ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ



ਹਰਦੇਵ ਸਿੰਘ ਕੌਂਸਲ
ਕੌਮੀ ਪ੍ਰਧਾਨ



ਗੁਰਵਿੰਦਰ ਸਿੰਘ
ਪੰਜਾਬ ਪ੍ਰਧਾਨ



ਗਿਆਨੀ ਅਮਰ ਸਿੰਘ
ਕੌਮੀ ਜੀਨੀਅਰ ਮੀਤ ਪ੍ਰਧਾਨ



ਜਗਸੀਰ ਸਿੰਘ
ਕੌਮੀ ਜਨਰਲ ਸਕੱਤਰ



ਚਰਨਜੀਤ ਸਿੰਘ ਝੰਡੇਆਣਾ
ਗਲੋਬਲ ਕਮੇਟੀ ਮੈਂਬਰ

ਦੇਸ਼ ਵਾਸੀਆਂ ਨੂੰ ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆਂ ਲੱਖ ਲੱਖ ਵਧਾਈਆਂ



ਕੁਲਵੰਤ ਸਿੰਘ ਰਾਮਗੜ੍ਹੀਆ
ਮੀਤ ਪ੍ਰਧਾਨ ਪੰਜਾਬ

ਦੀਵਾਲੀ, ਬੰਦੀਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆਂ ਲੱਖ ਲੱਖ ਵਧਾਈਆਂ

ਮੈਂ ਉਨ੍ਹਾਂ ਸਾਰੇ ਸਹਿਯੋਗੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਨੇ ਅਦਾਰਾ 'ਨਵਾਂ ਜ਼ਮਾਨਾ' ਨੂੰ ਸਪਲੀਮੈਂਟ ਰਾਹੀਂ ਵਿੱਤੀ ਸਹਿਯੋਗ ਦਿੱਤਾ ਹੈ। ਮੈਂ ਆਸ ਕਰਦਾ ਹਾਂ ਕਿ ਆਪ ਸਭ ਇਸੇ ਤਰ੍ਹਾਂ ਹੀ ਸਹਿਯੋਗ ਦਿੰਦੇ ਰਹੋਗੇ।

ਆਓ ਦੀਵਾਲੀ 'ਤੇ ਪ੍ਰਣ ਲਈਏ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਵੱਖ-ਵੱਖ ਰੰਗਾਂ ਦੀਆਂ ਮਨਮੋਹਕ ਰੰਗੋਲੀਆਂ ਬਣਾਈਆਂ ਗਈਆਂ ਅਤੇ ਆਪਣੇ ਕਲਾਸ ਰੂਮਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ ਗਿਆ।ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਡਾਂਸ ਪੇਸ਼ਕਾਰੀਆਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਨਵਜੋਤੀ ਨੇ ਸਾਰੇ ਵਿਦਿਆਰਥੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ।ਉਨ੍ਹਾਂ ਨੇ ਬੱਚਿਆਂ ਨੂੰ ਬੰਦੀ ਛੋੜ ਦਿਵਸ ਦੀ ਇਤਿਹਾਸਕ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਦਿਹਾੜਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਈ ਅਤੇ ਉਨ੍ਹਾਂ ਵੱਲੋਂ 52 ਰਾਜਿਆਂ ਨੂੰ ਵੀ ਰਿਹਾਅ ਕਰਵਾਉਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਉਨ੍ਹਾਂ ਨੇ ਬੱਚਿਆਂ ਨੂੰ ਦੀਵਾਲੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਆਪਸੀ ਪਿਆਰ, ਸਾਂਝ, ਖੁਸ਼ੀਆਂ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਐਮ. ਡੀ. ਤਜਿੰਦਰ ਸਿੰਘ, ਸਕੱਤਰ ਸਰਦਾਰ ਬਨਵੀਰ ਸਿੰਘ, ਮੈਨੇਜਮੈਂਟ ਕਮੇਟੀ ਮੈਂਬਰ ਸੰਗੀਤ ਕੌਰ ਅਤੇ ਸਮੂਹ ਸਟਾਫ ਵੱਲੋਂ ਵੀ ਸਾਰੇ ਵਿਦਿਆਰਥੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ।ਉਨ੍ਹਾਂ ਨੇ ਬੱਚਿਆਂ ਦੀਆਂ ਰਚਨਾਤਮਕ ਗਤੀਵਿਧੀਆਂ ਅਤੇ ਸ਼ਾਨਦਾਰ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

ਕਲਾਸੀਫਾਈਡ ਇਸ਼ਤਿਹਾਰ

Change of Name

I, Ravinder Mahajan S/O Chuni Lal Gupta R/O 2137, Gali No.2,Sharifpura, Amritsar,Punjab have changed my name from Ravinder Mahajan to Ravinder Kumar.Concerned note.

I, Ashish S/o Anil Kumar R/o H.No. 407/A, VPO Bajwara, Distt. Hoshiarpur Punjab 146023, have changed my name from Ashish to Ashish Mahey. Mahey is my surname and my given name Ashish. Concerned note.

I, Manmeet Singh S/o Jaspinder Singh R/o Dhurian, PO Dahoorian, Distt. Amritsar, Punjab- 143102 have changed my name from Manmeet Singh to Singh is my surname and Manmeet is my given name.

I, Paramjeet Kaur w/o Fariyad Singh R/o H. No. 1138, Guru Amardas Colony, Chhehrata, Amritsar have changed my name from Paramjeet Kaur to Paramjit Kaur.

I, Fariad Singh S/o Mohinder Singh, R/o H. No. 1138, Guru Amardas Colony, Chhehrata, Amritsar have changed my name to Fariyad Singh.

I Surinder Singh S/O Gurdev Singh R/O Vpo Saidoke Teh Baba Bakala Amritsar Have Changed My Name From Surinder Singh To Given Name Surinder Surname Singh

I Zakir Hussain S/o Nazir Mohammad R/o 208, Near Railway Station Chomon PO Adampur Distt. Jalandhar 144103 Punjab. Inform that my given name is Zakir and surname is Hussain.

I, Ass Kaur D/o Amarjit Singh R/o VPO. Bholath, Distt. Kapurthala-144622, Punjab have changed my name from Ass Kaur to Aas Kaur. All Please Note.

I, Tarlok Singh S/o Piara Singh R/o Village Bamuwal, Po. Muddowal, Distt. Kapurthala-144802, Punjab have changed my name from Tarlok Singh to Singh Tarlok (Surname as Singh) All Please Note.

ਆਮ ਸੂਚਨਾ

ਤਸਦੀਕ ਕੀਤਾ ਜਾਂਦਾ ਹੈ ਕਿ ਉਪ ਮੰਡਲ ਦਫ਼ਤਰ ਅਜਨਾਲਾ ਵਿਚ ਚੱਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 3003372865, ਜੋ ਕਿ ਸ੍ਰੀ ਹਜਾਰਾ ਸਿੰਘ ਪੁੱਤਰ ਮੂਲਾ ਸਿੰਘ ਪਿੰਡ ਧਾਰੀਵਾਲ ਕਲੇਰ ਦੇ ਨਾਂਅ 'ਤੇ ਚਲਦਾ ਹੈ, ਨੂੰ ਸ੍ਰੀ ਸ਼ਾਮ ਸਿੰਘ/ਗੁਰਸੇਵਕ ਸਿੰਘ ਪੁੱਤਰ ਮੰਗਲ ਸਿੰਘ ਪਿੰਡ ਧਾਰੀਵਾਲ ਕਲੇਰ ਦੇ ਨਾਂਅ 'ਤੇ ਬਦਲੀ ਕਰਾਉਣ ਲਈ ਬੇਨਤੀ ਪੱਤਰ ਦਿੱਤਾ ਹੈ। ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਫ਼ਤਰ ਅਜਨਾਲਾ ਵਿਖੇ ਉਪ ਮੰਡਲ ਅਫਸਰ ਨੂੰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰਬਰ ਏ ਪੀ 50-1962 ਐੱਲ, ਜੋ ਕਿ ਫੁੰਮਨ ਸਿੰਘ ਪੁੱਤਰ ਦੀਵਾਨ ਸਿੰਘ ਦੇ ਨਾਂਅ 'ਤੇ ਪਿੰਡ ਸਲੋਪੁਰ ਵਿਚ ਚੱਲ ਰਿਹਾ ਹੈ, ਜਿਸ ਨੂੰ ਬਲਜੀਤ ਸਿੰਘ ਪੁੱਤਰ ਮੁੱਖਤੂਰ ਸਿੰਘ ਨੇ ਆਪਣੇ ਨਾਂਅ 'ਤੇ ਬਦਲੀ ਕਰਨ ਲਈ ਐਪਲੀਕੇਸ਼ਨ ਦਫ਼ਤਰ ਪੀ ਐੱਸ ਪੀ ਸੀ ਐੱਲ ਕਾਹਨੂੰਵਾਨ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 7 ਦਿਨਾਂ ਦੇ ਅੰਦਰ-ਅੰਦਰ ਐੱਸ ਡੀ ਓ, ਪੀ ਐੱਸ ਪੀ ਸੀ ਐੱਲ ਕਾਹਨੂੰਵਾਨ ਨੂੰ ਪੇਸ਼ ਕਰੇ। ਬਾਅਦ ਵਿਚ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਕੁਨੈਕਸ਼ਨ ਅਰਜ਼ੀ ਕਰਤਾ ਦੇ ਨਾਂਅ 'ਤੇ ਬਦਲੀ ਕਰ ਦਿੱਤਾ ਜਾਵੇਗਾ।

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਨਾਂਅ ਦੀ ਬਦਲੀ

ਮੈਂ, ਜੋ ਪਹਿਲਾਂ ਪ੍ਰੀਤੀ ਪੁੱਤਰੀ ਸ੍ਰੀ ਗਿਆਨ ਚੰਦ, ਪਤਨੀ ਸ੍ਰੀ ਗੁਰਵਿੰਦਰ ਸਿੰਘ, ਵਾਸੀ ਮਕਾਨ ਨੰਬਰ 109, ਯੂਨੀਵਰਸਿਟੀ ਇਨਕਲੇਵ, ਫੇਜ਼-1, ਜੀ.ਐਨ.ਡੀ.ਯੂ. ਰੀਜਨਲ ਕੈਂਪਸ, ਲੱਧੇਵਾਲੀ ਰੋਡ, ਜਲੰਧਰ, ਪੰਜਾਬ-144007, ਵਜੋਂ ਜਾਣੀ ਜਾਂਦੀ ਸੀ, ਨੇ ਆਪਣਾ ਨਾਮ ਬਦਲ ਕੇ ਪ੍ਰੀਤੀ ਕੌਰ ਰੱਖ ਲਿਆ ਹੈ ਅਤੇ ਹੁਣ ਤੋਂ ਮੈਂ ਇਸੇ ਨਾਮ ਨਾਲ ਜਾਣੀ ਜਾਵਾਂਗੀ।

ਮੈਂ, ਜੋ ਪਹਿਲਾਂ ਰਾਕੇਸ਼ ਕੁਮਾਰ ਪੁੱਤਰ ਸ੍ਰੀ ਸੁੱਚਾ ਰਾਮ, ਵਾਸੀ ਮਕਾਨ ਨੰਬਰ 54, ਪਿੰਡ ਅਤੇ ਡਾਕਖਾਨਾ ਤੱਲਣ, ਜ਼ਿਲ੍ਹਾ ਜਲੰਧਰ, ਪਿੰਨ ਕੋਡ 144101, ਪੰਜਾਬ ਵਜੋਂ ਜਾਣਿਆ ਜਾਂਦਾ ਸੀ, ਨੇ ਆਪਣਾ ਨਾਮ ਬਦਲ ਕੇ ਰਾਕੇਸ਼ ਕੁਮਾਰ ਚਾਹਲ ਰੱਖ ਲਿਆ ਹੈ ਅਤੇ ਹੁਣ ਤੋਂ ਮੈਂ ਇਸੇ ਨਾਮ ਨਾਲ ਜਾਣਿਆ ਜਾਵਾਂਗਾ।

ਮੈਂ, ਜੋ ਪਹਿਲਾਂ ਮੋਨਿਕਾ ਪਤਨੀ ਸ੍ਰੀ ਰਾਕੇਸ਼ ਕੁਮਾਰ ਚਾਹਲ, ਵਾਸੀ ਮਕਾਨ ਨੰਬਰ 54, ਪਿੰਡ ਅਤੇ ਡਾਕਖਾਨਾ ਤੱਲਣ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ, ਪੰਜਾਬ-144101 ਵਜੋਂ ਜਾਣੀ ਜਾਂਦੀ ਸੀ, ਨੇ ਆਪਣਾ ਨਾਮ ਬਦਲ ਕੇ ਮੋਨਿਕਾ ਚਾਹਲ ਰੱਖ ਲਿਆ ਹੈ ਅਤੇ ਹੁਣ ਤੋਂ ਮੈਂ ਇਸੇ ਨਾਮ ਨਾਲ ਜਾਣੀ ਜਾਵਾਂਗੀ।

ਮੈਂ ਰਮਨ ਪੁੱਤਰ ਵਿਜੈ ਕੁਮਾਰ ਵਾਸੀ ਗਲੀ ਨੰਬਰ 2, ਭਰਵਾਈਂ ਰੋਡ, ਭਵਾਨੀ ਨਗਰ, ਹੁਸ਼ਿਆਰਪੁਰ ਆਪਣਾ ਨਾਂਅ ਬਦਲ ਕੇ ਰਮਨ ਸਿੰਘ ਕਰਨਾ ਚਾਹੁੰਦਾ ਹਾਂ। ਰਮਨ ਅਤੇ ਰਮਨ ਸਿੰਘ ਇਕ ਹੀ ਵਿਅਕਤੀ ਦੇ ਨਾਂਅ ਹਨ।

ਬੇਦਖਲੀ ਨੋਟਿਸ

ਮੈਂ ਮਨਜੀਤ ਕੌਰ ਪਤਨੀ ਗੁਰਦਿਆਲ ਸਿੰਘ ਵਾਸੀ ਮਕਾਨ ਨੰਬਰ-356, ਗੁਰੂ ਨਾਨਕ ਨਗਰ , ਕਪੂਰਥਲਾ , ਪੰਜਾਬ ਦੀ ਰਹਿਣ ਵਾਲੀ ਹਾਂ ਤੇ ਇਹ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗਰਪ੍ਰੀਤ ਸਿੰਘ ਅਤੇ ਨੂੰਹ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਰਜੀ ਕਰਦੇ ਰਹਿੰਦੇ ਹਨ ਇਸ ਲਈ ਮੈਂ ਇਹਨਾਂ ਦੋਨਾਂ ਨੂੰ ਆਪਣੀ ਤਮਾਮ ਚਲ-ਅਚਲ ਜਾਇਦਾਦ ਚੋਂ ਬੇਦਖਲ ਕਰਦੀ ਹਾਂ। ਅੱਜ ਤੋ ਬਾਦ ਅਗਰ ਕੋਈ ਇਹਨਾ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਜਾਂ ਮੇਰੇ ਪਰਿਵਾਰ ਦੇ ਕਿਸੇ ਮੈਂਬਰ ਦੀ ਦੀ ਕੋਈ ਜਿੰਮੇਵਾਰੀ ਨਹੀ ਹੋਵੇਗੀ।

ਮੈਂ, ਰਜਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ 1122/1, ਸੁਲਤਾਨਵਿੰਡ ਪਿੰਡ, ਨੇੜੇ ਭੋਲਾ ਕਰਿਆਨਾ ਸਟੋਰ, ਪੱਤੀ ਬਹਿਣੀਵਾਲ, ਵਾਰਡ ਨੰ. 6, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ (ਵਿਸ਼ਾਲ), ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਅਤੇ ਮੇਰੇ ਪਰਿਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਦੇਸਾ ਸਿੰਘ ਪੁੱਤਰ ਚਰਨ ਸਿੰਘ ਵਾਸੀ ਮਕਾਨ ਨੰ: ਜੀ-2/157, ਗੰਡਾ ਸਿੰਘ ਵਾਲਾ, ਮਜੀਠਾ ਰੋਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵਿੰਦਰ ਸਿੰਘ ਅਤੇ ਇਸ ਦੀ ਪਤਨੀ ਕੁਲਵੰਤ ਕੌਰ ਅਤੇ ਇਨ੍ਹਾਂ ਦੇ ਬੱਚੇ ਖੁਸ਼ੀ, ਅਭੀਜੀਤ ਸਿੰਘ, ਅੰਮ੍ਰਿਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ, ਕਰਨੈਲ ਸਿੰਘ ਪੁੱਤਰ ਹਜਾਰਾ ਸਿੰਘ ਵਾਸੀ ਮਕਾਨ ਨੰ. 363, ਇੰਦਰਾ ਪਾਰਕ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ ਅਤੇ ਉਸਦੀ ਪਤਨੀ ਨਵਜੋਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

PUBLIC NOTICE

I Manjinder Singh (8903-5814-6261) S/o Surinder Singh R/o H.no 27, Street No 7, Amar Nagar, Gulab Devi Hospital Road, Jalandhar-144008. I have Lost my Sale deed No. 7211 Dated 02-02-2001 at Near Gulab Devi Hospital Road Market, Jalandhar On Dt. 07-10-2026. If anyone found above said sale deed or have any objection with regard to the above said deed, kindly contact Advocate Mr. Vikas Sood. M. No. 98140 94356 District courts Jalandhar within 14 days from the date of publication." Thereafter no claim Shell be considered.

PUBLIC NOTICE

I, Gursajan Bedi son of Shri Iqbal Singh, Resident of H. No. 2331A, Block C, Ranjeet Avenue, Tehsil and District Amritsar declare that my wife, Smt. Priya Darshni daughter of Shri Girdhari Lal Sharma is recorded as owner in possession of the Property i.e. (a) area measuring 56 Kanals 4 Marlas 1 Sarsahi, situated at Rakba Heon, Tehsil Banga and District Shahib Bhagat Singh Nagar as per Sale Deed dated 24.06.2025 bearing document no. 2025-26/112/1/759 registered on 24.06.2025 and, (b) Property i.e. area measuring 10 Kanals 9 Marlas 5 Sarsahi, situated at Rakba Heon, Tehsil Banga and District Shahib Bhagat Singh Nagar as per Sale Deed dated 24.06.2025 bearing document no. 2025-26/112/1/758 registered on 24.06.2025 and, (c) Property i.e. area measuring 3 Kanals 6 Marlas 3 Sarsahi, situated at Rakba Heon, Tehsil Banga and District Shahib Bhagat Singh Nagar as per Sale Deed dated 08.08.2025 bearing document no. 2025-26/112/1/1098 registered on 08.08.2025 and the said three deeds has been lost and report in this regard has been lodged vide General Diary No. 018 dated 07.11.2026 in Police Station Ranjit Avenue, Amritsar. Now, we want to Mortgage the above said Property with Canara Bank, Baba Bakala Sahib Branch, District Amritsar. If any person has any objection or interest with regard to equitable mortgage of above said Property or is having any Claim/Knowledge of above said Document allege to have been lost, he may approach and file objection within 7 days before undersigned. There after bank will allow Loan against equitable mortgage of said Property considering the above said previous Registry to be lost and not deposited with any bank, private agency or person as security and thereafter, later on bank will not entertain any Claim/Objection in this regard. Anybody dealing in any manner regarding the property mentioned in lost Old Registry shall be responsible of his own. If anybody/borrower find/get the lost Old Registry, the same will have to deposit to the Canara Bank, Regional Office, Amritsar.

COURT NOTICE

(U/o 5 Rule 20 CPC)
In The Court of Sh. Amit Thind
Additional Principal Judge Family Court, Ludhiana

Next Date, Purpose of case, Orders and Judgments as well as other case information is available on http://ecourts.gov.in

CASE NO. HMA/883/2026
CNR No. PBLD01-007962-2026
Next Date:- 27-01-2027

Mandeep Singh Vs. Simran Kaur
Publication Issued To:
Simran Kaur
Spouse: of Mandeep Singh
R/o H.O.8511 St.No.15 Guru Angad Colony Backside ATI Ludhiana

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 27-01-2027 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law. Given under my hand and the seal of the Court, this 05-11-2026.

Additional Principal Judge Family Court Ludhiana

COURT NOTICE

(U/o 5 Rule 20 CPC)
In The Court of
Ms. Manmohanpreet Kaur
Civil Judge (Junior Division), Jalandhar
CNR No. PBJL02-004624-2025
Next Date:- 27-11-2026
CS/2856/2025
Gb Public School
Vs. Tejwinder Singh

Suit for grant of decree for recovery of Rs.14791/- alongwith interest as prayed for.

Publication Issued To:

Def No. 1 Tejwinder Singh R/o Village Vijola, Post Office Thirkiwal, District Kapurthala

Def No. 2 Inderjit Kuar W/o Tejwinder Singh R/o Village Vijola, Post office Thirkiwal, District Kapurthala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 27-11-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Junior Division), Jalandhar
Dated, this day of 04-11-2026

CRIMINAL COURTS, LUDHIANA

In the Court of Sh. Manav Garg
Judicial Magistrate - 1st Class Ludhiana
CNR No. PBLD03-031622-2024
COMA/9184/2024
Peshi 25-11-2026

Publication Notice For Proclamation Under Section 82 CR.PC
M/S Kitty Industries Vs Mahendra
Complaint R/W Sec- 138 of N.I ACT
Notice To 1. Mahendra Sukh Sagar Colony, Begu Road, Sirsa-125055

Whereas it has been in proved to the satisfaction of the Court that You, the accused above named cannot be served in the ordinary way of service. Hence, this proclamation under section 82 CRPC is hereby issued against you with a direction that you should appear personally before the court on 25-11-2026 at 10.00 a.m. or within 30 days from the date of publication of this proclamation.

Take notice that, in default of your part to appear as directed above, the above said case will be heard and determined as per law, in your absence.

Given under my hand and the seal of the Court, this FOR DETAILS LOGIN TO https://highcourtchd.gov.in/?trs-district_notice&district=ludhiana

Judicial Magistrate 1st Class Ludhiana

VALLABH STEELS LIMITED

Regd. Office: G.T. Road, Village Pawa, Sahnewal, Ludhiana- 141 120
CIN: L27109PB1980PLC004327
Tel.: +91-161-2511413, Fax:+91-161-2511414
E-mail: fin.ho@vallabhgroup.com
website: www.vallabhsteelsltd.in

ਕੰਪਨੀ ਨੋਟਿਸ

ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 29 ਨਾਲ ਪੜ੍ਹੇ ਜਾਂਦੇ ਰੈਗੂਲੇਸ਼ਨ 47 ਦੀ ਪਾਲਣਾ ਹਿੱਤ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਕੰਪਨੀ ਦੇ ਬੋਰਡ ਦੇ ਡਾਇਰੈਕਟਰਾਂ ਦੀ ਇੱਕ ਮੀਟਿੰਗ ਕੰਪਨੀ ਦੇ ਰਜਿਸਟਰਡ ਦਫਤਰ ਜੀ ਟੀ ਰੋਡ, ਪਿੰਡ ਪਵਾ, ਸਾਹਨੇਵਾਲ, ਲੁਧਿਆਣਾ ਵਿਖੇ ਸ਼ਨੀਵਾਰ 14 ਨਵੰਬਰ 2026 ਨੂੰ ਹੋ ਰਹੀ ਹੈ, ਜਿਸ 'ਚ 30 ਸਤੰਬਰ, 2026 ਨੂੰ ਖਤਮ ਹੋਈ ਤਿਮਾਹੀ ਅਤੇ ਖਤਮ ਹੋਏ ਸਾਲ ਦੇ ਅਣਪੜਤਾਲੇ ਨਤੀਜਿਆਂ ਨੂੰ ਰਿਕਾਰਡ 'ਚ ਲੈਣਾ ਅਤੇ ਵਿਚਾਰ ਕਰਨਾ ਹੈ। ਇਹ ਜਾਣਕਾਰੀ ਕੰਪਨੀ ਦੀ ਵੈੱਬਸਾਈਟ www.vallabhsteelsltd.in ਅਤੇ ਸਟਾਕ ਐਕਸਚੇਂਜ ਦੀ ਵੈੱਬਸਾਈਟ www.bseindia.com 'ਤੇ ਪ੍ਰਾਪਤ ਕੀਤੀ ਜਾ ਸਕਦੀ ਹੈ।

ਵਾਸਤੇ ਵੱਲਭ ਸਟੀਲਜ਼ ਲਿਮਟਿਡ
ਸਹੀ/-
ਮਿਤੀ : 07-11-2026 (ਚਰਨਜੀਤ ਕੌਰ)
ਸਥਾਨ : ਲੁਧਿਆਣਾ ਕੰਪਨੀ ਸਕੱਤਰ

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁ. ਫਿਰੋਜ਼ਪੁਰ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟੀਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ **30.11.2026** ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

ਨਿਵਿਦਾ ਪ੍ਰਕਾਰ	ਖੁਲ੍ਹਾ	ਨਿਵਿਦਾ ਅਨੁਭਾਗ	ਕੰਮ	ਬੋਲੀ ਪ੍ਰਣਾਲੀ	ਸਿੰਗਲ
ਨਿਵਿਦਾ ਅਪਲੋਡ ਕਰਨ ਦੀ ਮਿਤੀ	05.11.26	ਬੋਲੀ ਸ਼ੁਰੂ ਦੀ ਮਿਤੀ	16.11.26	ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ	30.11.2026/ 15:00 ਵਜੇ

ਲ.ਨੰ.	ਨਿਵਿਦਾ ਨੰਬਰ	ਨਿਵਿਦਾ ਦਾ ਵੇਰਵਾ		
1.	200-2026-27-DEN-TRACK-FZR	ਫਿਰੋਜ਼ਪੁਰ ਡਵੀਜ਼ਨ ਵਿਚ ਬੀਸੀਐਮ ਦੇ ਨਾਲ, ਕੰਮ ਤੋਂ ਪਹਿਲੇ, ਕੰਮ ਦੇ ਦੌਰਾਨ ਅਤੇ ਕੰਮ ਦੇ ਬਾਅਦ ਕੀਤੀ ਜਾਣ ਵਾਲੀ ਵਖ-ਵਖ ਟ੍ਰੈਕ ਸਬੰਧੀ ਗਤੀਵਿਧੀਆਂ।		
	ਵਿਗਿਆਪਨ ਮੁੱਲ (ਰੁ.)	ਬਿਆਨਾ ਰਾਸ਼ੀ (ਰੁ)	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	₹3,99,68,362.82	₹7,99,400/-	60 ਦਿਨ	12 ਮਹੀਨੇ
	ਸਮਾਨ ਨੇਚਰ ਦਾ ਕੰਮ: "CTR/TRR/TFR/TTR ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, (raising of track) ਡੀਪ ਸਕ੍ਰੀਨਿੰਗ, ਟ੍ਰੈਕ ਦੇ ਤਣਾਅਮੁਕਤ ਕਰਨਾ, ਟ੍ਰੈਕ ਰਖਰਖਾਅ ਮਸ਼ੀਨਾਂ (ਜਿਵੇਂ ਟੈਮਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ) ਦੇ ਲਈ ਪਹਿਲਾ ਅਤੇ ਬਾਅਦ ਦਾ ਕੰਮ ਅਤੇ ਟੀ-28 ਦੁਆਰਾ ਟੀਟੀਆਰ ਦਾ ਕੰਮ ਸ਼ਾਮਲ ਹੈ।"			

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰਬਰ : 200-2026-27-DEN-TRACK-FZR ਤਾਰੀਕ : 06.11.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3908/2026

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜ਼ਪੁਰ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟੀਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ **30.11.2026 ਦੁਪਹਿਰ15:00 ਵਜੇ ਤਕ** ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

ਨਿਵਿਦਾ ਪ੍ਰਕਾਰ	ਨਿਵਿਦਾ ਅਨੁਭਾਗ	ਪੈਕੇਟ ਪ੍ਰਣਾਲੀ
ਖੁਲ੍ਹਾ	ਕੰਮ	ਸਿੰਗਲ ਪੈਕੇਟ ਪ੍ਰਣਾਲੀ
ਨਿਵਿਦਾ ਅਪਲੋਡ ਕਰਨ ਦੀ ਮਿਤੀ	ਬੋਲੀ ਸ਼ੁਰੂ ਦੀ ਮਿਤੀ	ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ
05.11.2026	16.11.2026	30.11.2026 15:00 ਵਜੇ

ਲੜੀ ਨੰਬਰ	ਨਿਵਿਦਾ ਨੰਬਰ, ਮਿਤੀ	ਨਿਵਿਦਾ ਦਾ ਵੇਰਵਾ			
1	202-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਕੋਟਕਪੂਰਾ ਦੇ ਤਹਿਤ (09 ਨਗ) ਫਿਰੋਜ਼ਪੁਰ ਡਵੀਜਨ ਵਿਚ ਨਾਨ-ਇੰਟਰਲਾਕ ਲੇਵਲ ਕ੍ਰਾਸਿੰਗ ਗੇਟਾਂ (TVU 10,000 ਤੋਂ 20,000 ਦੇ ਵਿਚ) ਤੇ ਗੇਟ ਸਿਗਨਲਿੰਗ ਦੇ ਲਈ 09 ਲੇਵਲ ਕ੍ਰਾਸਿੰਗ ਤੇ ਰਿਲੇ ਹਟ ਦਾ ਪ੍ਰਬੰਧ (ਪ੍ਰੀਕਾਸਟ)।			
		ਵਿਗਿਆਪਨ ਮੂਲ (ਰੁ.)	ਬਿਆਨਾ ਰਾਸ਼ੀ (ਰੁ.)	ਆਫਰ ਦੀ ਵੈਲੇਡਿਟੀ	ਸਮਾਪਤੀ ਦਾ ਸਮਾਂ
		1,17,12,647.73	2,34,300.00	60 ਦਿਨ	12 ਮਹੀਨੇ
		ਸਮਾਨ ਨੇਚਰ ਦਾ ਕੰਮ: "ਪ੍ਰੀ-ਕਾਸਟ PSC/RCC ਪੈਨਲਾਂ ਨਾਲ ਬਣਿਆ ਕੋਈ ਵੀ ਸੰਰਚਨਾਤਮਕ ਕੰਮ।"			
2	203-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਫਿਰੋਜ਼ਪੁਰ ਦੇ ਤਹਿਤ 01, ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਜਲਾਲਾਬਾਦ ਦੇ ਤਹਿਤ 04 ਅਤੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਲੋਹਿਯਾਂ ਖਾਸ ਦੇ ਤਹਿਤ 04, ਕੁਲ 09 ਰਿਲੇ ਹਟ ਤੇ ਫਿਰੋਜ਼ਪੁਰ ਡਵੀਜਨ ਦੇ ਤਹਿਤ (10,000 ਤੋਂ 20,000 ਦੇ ਵਿਚ ਟੀਵੀਯੂ ਵਾਲੇ) 09 ਨਾਨ-ਇੰਟਰਲਾਕ ਲੇਵਲ ਕ੍ਰਾਸਿੰਗ ਗੇਟਾਂ ਤੇ ਗੇਟ ਸਿਗਨਲਿੰਗ ਦੇ ਲਈ 'ਰਿਲੇ ਹਟ' (ਪ੍ਰੀਕਾਸਟ) ਦਾ ਪ੍ਰਾਵਧਾਨ।			
		ਵਿਗਿਆਪਨ ਮੂਲ (ਰੁ.)	ਬਿਆਨਾ ਰਾਸ਼ੀ (ਰੁ.)	ਆਫਰ ਦੀ ਵੈਲੇਡਿਟੀ	ਸਮਾਪਤੀ ਦਾ ਸਮਾਂ
		1,17,12,647.73	2,34,300.00	60 ਦਿਨ	12 ਮਹੀਨੇ
		ਸਮਾਨ ਨੇਚਰ ਦਾ ਕੰਮ: "ਪ੍ਰੀ-ਕਾਸਟ PSC/RCC ਪੈਨਲਾਂ ਨਾਲ ਬਣਿਆ ਕੋਈ ਵੀ ਸੰਰਚਨਾਤਮਕ ਕੰਮ।"			
3	204-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਜਲਾਲਾਬਾਦ ਦੇ ਤਹਿਤ 02, ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਲੋਹਿਯਾਂ ਖਾਸ ਦੇ ਤਹਿਤ 07, ਕੁਲ 09 ਲੇਵਲ ਕ੍ਰਾਸਿੰਗ ਤੇ ਇੰਟਰਲਾਕਿੰਗ ਦਾ ਕੰਮ (ਪ੍ਰੀਕਾਸਟ)। ਇਹ ਕੰਮ ਕੁਲ 74 ਲੇਵਲ ਕ੍ਰਾਸਿੰਗ (ਫਿਰੋਜ਼ਪੁਰ ਡਵੀਜਨ ਵਿਚ 55 ਮਾਨਵਯੁਕਤ ਲੇਵਲ ਕ੍ਰਾਸਿੰਗ ਗੇਟ ਅਤੇ JAT ਡਵੀਜਨ ਵਿਚ 19 ਲੇਵਲ ਕ੍ਰਾਸਿੰਗ ਗੇਟ) ਦੀ ਇੰਟਰਲਾਕਿੰਗ ਨਾਲ ਸਬੰਧਿਤ ਹੈ।			
		ਵਿਗਿਆਪਨ ਮੂਲ (ਰੁ.)	ਬਿਆਨਾ ਰਾਸ਼ੀ (ਰੁ.)	ਆਫਰ ਦੀ ਵੈਲੇਡਿਟੀ	ਸਮਾਪਤੀ ਦਾ ਸਮਾਂ
		1,10,08,753.09	2,20,200.00	60 ਦਿਨ	12 ਮਹੀਨੇ
		ਸਮਾਨ ਨੇਚਰ ਦਾ ਕੰਮ: "ਪ੍ਰੀ-ਕਾਸਟ PSC/RCC ਪੈਨਲਾਂ ਨਾਲ ਬਣਿਆ ਕੋਈ ਵੀ ਸੰਰਚਨਾਤਮਕ ਕੰਮ।"			
4	205-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਆਉਣ ਵਾਲੇ 12 ਲੇਵਲ ਕ੍ਰਾਸਿੰਗ ਤੇ ਇੰਟਰਲਾਕਿੰਗ ਦਾ ਕੰਮ ਕੀਤਾ ਜਾਣਾ ਹੈ ਇਸ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਜਗਰਾਂਵ ਦੇ ਤਹਿਤ 04 ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਕੋਟਕਪੂਰਾ ਦੇ ਤਹਿਤ 05 ਅਤੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਫਿਰੋਜ਼ਪੁਰ ਦੇ ਤਹਿਤ 03 ਲੇਵਲ ਕ੍ਰਾਸਿੰਗ ਸ਼ਾਮਲ ਹੈ। ਇਹ ਕੰਮ ਕੁਲ 74 ਲੇਵਲ ਕ੍ਰਾਸਿੰਗ (ਫਿਰੋਜ਼ਪੁਰ ਡਵੀਜਨ ਦੇ 55 ਮਾਨਵਯੁਕਤ ਲੇਵਲ ਕ੍ਰਾਸਿੰਗ ਗੇਟ ਅਤੇJAT ਡਵੀਜਨ ਦੇ 19 ਲੇਵਲ ਕ੍ਰਾਸਿੰਗ ਗੇਟ) ਦੀ ਇੰਟਰਲਾਕਿੰਗ ਪ੍ਰੋਜੈਕਟ ਦਾ ਹਿੱਸਾ ਹੈ (ਪ੍ਰੀਕਾਸਟ)।			
		ਵਿਗਿਆਪਨ ਮੂਲ (ਰੁ.)	ਬਿਆਨਾ ਰਾਸ਼ੀ (ਰੁ.)	ਆਫਰ ਦੀ ਵੈਲੇਡਿਟੀ	ਸਮਾਪਤੀ ਦਾ ਸਮਾਂ
		1,46,78,210.05	2,93,600.00	60 ਦਿਨ	12 ਮਹੀਨੇ
		ਸਮਾਨ ਨੇਚਰ ਦਾ ਕੰਮ: "ਪ੍ਰੀ-ਕਾਸਟ PSC/RCC ਪੈਨਲਾਂ ਨਾਲ ਬਣਿਆ ਕੋਈ ਵੀ ਸੰਰਚਨਾਤਮਕ ਕੰਮ।"			

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਨੰ.: 202, 203, 204 & 205-2026-27-DEN-HQ-FZR ਤਾਰੀਕ : 06.11.2026
3907/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਤਰਨ ਤਾਰਨ 'ਚ ਰੈਲੀ 13 ਨੂੰ

ਸਰਾਏ ਅਮਾਨਤ ਖਾਂ (ਮੱਖਣ ਮਨੋਜ)- ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਵਿੱਚ ਹਲਕਾ ਪੱਧਰ 'ਤੇ ਸ਼ੁਰੂ ਕੀਤੀ 'ਮਾਵਾਂ ਧੀਆਂ ਦੀ ਲਲਕਾਰ' ਮੁਹਿੰਮ ਤਹਿਤ 13 ਨਵੰਬਰ ਨੂੰ



ਹਲਕਾ ਤਰਨ ਤਾਰਨ ਵਿੱਚ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਇਹ ਰੈਲੀ *ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਹਲਕਾ ਇੰਚਾਰਜ ਬੀਬੀ ਕੰਚਨਪ੍ਰੀਤ ਕੌਰ ਦੀ ਅਗਵਾਈ ਵਿੱਚ ਅੱਡਾ ਝਬਾਲ ਸਟਾਰ ਪੈਲੇਸ ਵਿੱਚ ਹੋਵੇਗੀ।ਇਸ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਝਬਾਲ ਵਿਖੇ ਅਕਾਲੀ ਆਗੂ ਅਮਰਿੰਦਰ ਸਿੰਘ ਮਾਨਕ ਦੇ ਗ੍ਰਹਿ ਵਿਖੇ ਵਰਕਰਾਂ ਦੀ ਵੱਡੀ ਮੀਟਿੰਗ ਹੋਈ।ਮੀਟਿੰਗ ਵਿੱਚ 13 ਨਵੰਬਰ ਦੀ ਰੈਲੀ ਨੂੰ ਕਾਮਯਾਬ ਕਰਨ ਲਈ ਵਰਕਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਸਮੇਂ ਇਕੱਤਰ ਅਕਾਲੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਬੀਬੀ ਕੰਚਨਪ੍ਰੀਤ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਜੰਗਲ ਰਾਜ ਬਣਾ ਦਿੱਤਾ ਹੈ, ਜਿਸ ਕਰਕੇ ਇਸ ਵਾਰ ਪੰਜਾਬ ਦੇ ਬਹਾਦਰ ਲੋਕ ਇਹਨਾਂ ਦਾ ਬਿਸਤਰਾ ਗੋਲ ਕਰ ਦੇਣ ਲਈ ਕਾਹਲੇ ਹਨ।ਉਨ੍ਹਾਂ ਕਿਹਾ ਕਿ ਇੱਕ ਪਾਸੇ ਆਮ ਆਦਮੀ ਪਾਰਟੀ ਦੇ ਲੀਡਰ ਧੀਆਂ-ਭੈਣਾਂ ਦੇ ਸਤਿਕਾਰ ਦੀ ਗੱਲ ਕਰਦੇ ਹਨ, ਦੂਜੇ ਪਾਸੇ ਧੀਆਂ ਸਮਾਨ ਔਰਤਾਂ ਖ਼ਿਲਾਫ਼ ਭੱਦੀ ਸ਼ਬਦਾਵਲੀ ਵਰਤ ਰਹੇ ਹਨ।ਉਨ੍ਹਾਂ ਸਮੂਹ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਵਾਰ ਹਲਕੇ ਵਿੱਚੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਦਾ ਪੂਰੀ ਤਰ੍ਹਾਂ ਸਫਾਇਆ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਵੋਟਾਂ ਪਾਉਣ।

ਏ ਜੀ ਆਈ ਨੇ ਰਵਾਇਤੀ ਢੰਗ ਨਾਲ ਮਨਾਈ ਦੀਵਾਲੀ

ਜਲੰਧਰ (ਰਾਜੇਸ਼ ਥਾਪਾ) ਏ ਜੀ ਆਈ ਇਨਫਰਾ ਲਿਮਟਿਡ ਵੱਲੋਂ 66 ਫੁੱਟ ਰੋਡ ਜਲੰਧਰ ਸਥਿਤ ਅਰਬਾਨਾ ਦੇ ਵਿਸ਼ਾਲ ਅਤੇ ਬਹੁਤ ਹੀ ਸੁੰਦਰ ਢੰਗ ਨਾਲ ਸਜਾਏ ਗਏ ਮੈਦਾਨ ਵਿੱਚ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਪੂਰੇ ਮੈਦਾਨ ਨੂੰ ਮਿੱਟੀ ਦੇ ਦੀਵਿਆਂ, ਫੁੱਲਾਂ ਅਤੇ ਰੰਗ-ਬਿਰੰਗੀਆਂ ਲਾਈਟਾਂ ਨਾਲ ਸਜਾਇਆ ਗਿਆ ਸੀ। ਚਾਰੇ ਪਾਸੇ ਖੁਸ਼ੀ ਅਤੇ ਤਿਉਹਾਰ ਦਾ ਬਹੁਤ ਹੀ ਸੁੰਦਰ ਮਾਹੌਲ ਦਿਖਾਈ ਦੇ ਰਿਹਾ ਸੀ। ਰੀਅਲ ਅਸਟੇਟ ਅਤੇ ਇਨਫਰਾਸਟਰੱਕਚਰ ਦੇ ਖੇਤਰ ਦੀ ਪ੍ਰਮੁੱਖ ਕੰਪਨੀ ਏ ਜੀ ਆਈ ਇਨਫਰਾ ਲਿਮਟਿਡ ਵੱਲੋਂ ਕਰਵਾਏ ਗਏ ਇਸ ਵਿਸ਼ਾਲ ਦੀਵਾਲੀ ਸਮਾਗਮ ਵਿੱਚ ਏ ਜੀ ਆਈ ਦੀਆਂ ਵੱਖ-ਵੱਖ ਰਿਹਾਇਸ਼ੀ ਸੋਸਾਇਟੀਆਂ ਦੇ ਹਜ਼ਾਰਾਂ ਪਰਵਾਰਾਂ ਨੇ ਆਪਣੇ ਬੱਚਿਆਂ ਅਤੇ ਪਰਵਾਰਕ ਮੈਂਬਰਾਂ ਸਮੇਤ ਸ਼ਿਰਕਤ ਕੀਤੀ। ਏ ਜੀ ਆਈ ਦੀਆਂ ਸਾਰੀਆਂ ਰਿਹਾਇਸ਼ੀ ਸੋਸਾਇਟੀਆਂ, ਜਿਨ੍ਹਾਂ ਵਿੱਚ ਜਲੰਧਰ ਹਾਈਟਸ-1, 2 ਅਤੇ 3, ਸਮਾਰਟ ਹੋਮਜ਼, ਮੈਕਸੀਮਾ ਅਤੇ ਸਕਾਈ ਗਾਰਡਨ ਸ਼ਾਮਲ ਹਨ, ਰੰਗ-ਬਿਰੰਗੀਆਂ ਲਾਈਟਾਂ ਨਾਲ ਜਗਮਗਾ ਰਹੀਆਂ ਸਨ। ਹਰ ਪਾਸੇ ਫੈਲੀ ਰੌਸ਼ਨੀ ਨੇ ਪੂਰੇ ਇਲਾਕੇ ਨੂੰ ਬੇਹੱਦ ਖ਼ੂਬਸੂਰਤ ਬਣਾ ਦਿੱਤਾ ਸੀ।ਅਰਬਾਨਾ ਦੇ ਗਲਾਸ ਹਾਊਸ ਵਿੱਚ ਮੁੱਖ ਸਮਾਗਮ ਵਾਲੀ ਥਾਂ ਨੂੰ ਵੀ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ। ਫੁੱਲਾਂ, ਰੌਸ਼ਨੀਆਂ ਅਤੇ ਰਵਾਇਤੀ ਸਜਾਵਟ ਨੇ ਪੂਰੇ ਸਥਾਨ ਨੂੰ ਮਨਮੋਹਕ ਬਣਾ ਦਿੱਤਾ। ਤੰਬੋਲਾ ਵੀ ਕਰਵਾਇਆ ਗਿਆ। ਇਸ ਤੋਂ ਇਲਾਵਾ ਖਾਣ-ਪੀਣ ਦੇ ਕਈ ਸਟਾਲ ਵੀ ਲਗਾਏ ਗਏ ਸਨ। ਏ ਜੀ ਆਈ ਇਨਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਆਪਣੇ ਪਰਵਾਰ ਸਮੇਤ ਇਸ ਸਮਾਗਮ ਵਿੱਚ ਸ਼ਾਮਲ ਹੋਏ। ਉਨ੍ਹਾਂ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਤਰ੍ਹਾਂ ਇਹ ਪੂਰਾ ਸਮਾਗਮ ਖੁਸ਼ੀਆਂ, ਰੌਸ਼ਨੀਆਂ ਅਤੇ ਸੁੰਦਰ ਯਾਦਾਂ ਨਾਲ ਸੰਪੰਨ ਹੋਇਆ।



ਐੱਲ ਪੀ ਯੂ ਨੂੰ ਗਲੋਬਲ ਰੈਂਕਿੰਗ 'ਚ ਮਹੱਤਵਪੂਰਨ ਥਾਂ ਹਾਸਲ

ਜਲੰਧਰ (ਸ਼ੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ ਕਿਊਐਸ ਵਰਲਡ ਯੂਨੀਵਰਸਿਟੀ ਰੈਂਕਿੰਗਜ਼: ਏਸ਼ੀਆ 2027 ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ। ਯੂਨੀਵਰਸਿਟੀ ਏਸ਼ੀਆ ਵਿੱਚ 154ਵੇਂ ਸਥਾਨ 'ਤੇ ਪਹੁੰਚ ਗਈ ਹੈ, ਜੋ ਕਿ 187ਵੇਂ ਸਥਾਨ ਤੋਂ 33 ਸਥਾਨ ਉੱਪਰ ਹੈ। ਭਾਰਤ ਵਿੱਚ ਯੂਨੀਵਰਸਿਟੀ ਸਰਕਾਰੀ ਅਤੇ ਨਿੱਜੀ ਸੰਸਥਾਵਾਂ ਸਮੇਤ ਕੁੱਲ ਮਿਲਾ ਕੇ 12ਵੇਂ ਸਥਾਨ 'ਤੇ ਹੈ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ ਦੂਜੇ ਸਥਾਨ 'ਤੇ ਹੈ। ਇਸ ਨੇ ਆਈਆਈਟੀ ਬੀਐਚਯੂ ਵਾਰਾਣਸੀ, ਆਈਆਈਟੀ ਹੈਦਰਾਬਾਦ, ਆਈਆਈਟੀ ਇੰਦੌਰ, ਆਈਆਈਟੀ ਗਾਂਧੀਨਗਰ, ਆਈਆਈਟੀ ਧਨਬਾਦ, ਆਈਆਈਟੀ ਭੁਵਨੇਸ਼ਵਰ, ਆਈਆਈਟੀ ਪਟਨਾ, ਆਈਆਈਟੀ ਮੰਡੀ, ਆਈਆਈਟੀ ਰੋਪੜ, ਆਈਆਈਟੀ ਜੋਧਪੁਰ, ਅਤੇ ਸਾਰੇ ਐਨਆਈਟੀ ਨੂੰ ਪਛਾੜ ਦਿੱਤਾ ਹੈ, ਜੋ ਅੰਤਰਰਾਸ਼ਟਰੀ ਪੱਧਰ 'ਤੇ ਇਸ ਦੀ ਵਧ ਰਹੀ ਅਕਾਦਮਿਕ ਅਤੇ ਖੋਜ ਉੱਤਮਤਾ ਨੂੰ ਦਰਸਾਉਂਦਾ ਹੈ। ਖੋਜ ਦੇ ਖੇਤਰ ਵਿੱਚ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ? ?ਕਰਦੇ ਹੋਏ, ਐਲਪੀਯੂ ਨੇ ਇੰਟਰਨੈਸ਼ਨਲ ਰਿਸਰਚ ਨੈੱਟਵਰਕ ਲਈ ਏਸ਼ੀਆ ਵਿੱਚ 15ਵਾਂ ਅਤੇ ਭਾਰਤ ਵਿੱਚ ਕੁੱਲ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਇਸ ਤੋਂ ਇਲਾਵਾ, ਐਲਪੀਯੂ ਰਿਸਰਚ ਇਨਵਾਇਰਮੈਂਟ ਦੇ ਮਾਮਲੇ ਵਿੱਚ ਭਾਰਤ ਦੀ ਨੰਬਰ 1 ਪ੍ਰਾਈਵੇਟ ਯੂਨੀਵਰਸਿਟੀ ਬਣ ਗਈ ਹੈ। ਰਿਸਰਚ ਕੁਆਲਿਟੀ ਦੇ ਮਾਮਲੇ ਵਿੱਚ ਐਲਪੀਯੂ ਨੇ ਭਾਰਤ ਵਿੱਚ ਚੌਥਾ ਅਤੇ ਵਿਸ਼ਵ ਪੱਧਰ 'ਤੇ 161ਵਾਂ ਸਥਾਨ ਪ੍ਰਾਪਤ ਕੀਤਾ ਹੈ, ਜਦੋਂ ਕਿ ਇੰਟਰਨੈਸ਼ਨਲ ਆਉਟਲੁੱਕ ਦੇ ਮਾਮਲੇ ਵਿੱਚ, ਐਲਪੀਯੂ ਭਾਰਤ ਵਿੱਚ 9ਵਾਂ ਸਥਾਨ ਪ੍ਰਾਪਤ ਕਰਦਾ ਹੈ। ਡਾ. ਅਸ਼ੋਕ ਕੁਮਾਰ ਮਿੱਤਲ ਸੰਸਦ ਮੈਂਬਰ (ਰਾਜ ਸਭਾ) ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਸੰਸਥਾਪਕ ਚਾਂਸਲਰ ਨੇ ਕਿਹਾ, ਕਿਊਐਸ ਵਰਲਡ ਯੂਨੀਵਰਸਿਟੀ ਰੈਂਕਿੰਗਜ਼: ਏਸ਼ੀਆ: 2027 ਵਿੱਚ ਐਲਪੀਯੂ ਦੀ ਪ੍ਰਾਪਤੀ ਦਰਸਾਉਂਦੀ ਹੈ ਕਿ ਕਿਵੇਂ ਭਾਰਤੀ ਉੱਚ ਸਿੱਖਿਆ ਸੰਸਥਾਵਾਂ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਬਣਾ ਰਹੀਆਂ ਹਨ।

ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਥਿੰਦ ਨੇ ਹਰੀ ਦੀਵਾਲੀ ਮਨਾਉਣ ਦੀ ਕੀਤੀ ਅਪੀਲ

ਸ਼ਾਹਕੋਟ (ਅਮਨਦੀਪ ਸੈਦਪੁਰੀ)- 'ਰੌਸ਼ਨੀਆ ਦੇ ਤਿਉਹਾਰ ਦੀਵਾਲੀ 'ਤੇ ਪਰਮਾਤਮਾ ਹਰ ਘਰ ਵਿੱਚ ਰੌਸ਼ਨੀ ਤੇ ਖੁਸ਼ਹਾਲੀ ਬਖਸ਼ੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ ਨੇ ਕੀਤਾ। ਸ਼ਨੀਵਾਰ ਨੂੰ ਉਹ ਨਗਰ ਪੰਚਾਇਤ ਦਫਤਰ ਸ਼ਾਹਕੋਟ ਵਿਖੇ ਨਗਰ ਪੰਚਾਇਤ ਦੇ ਦਫ਼ਤਰੀ ਮੁਲਾਜ਼ਮਾਂ ਅਤੇ ਸਫਾਈ ਕਰਮਚਾਰੀਆਂ ਨੂੰ ਦਿਵਾਲੀ ਦੀਆਂ ਮੁਬਾਰਕਾਂ ਦੇਣ ਲਈ ਉਚੇਚੇ ਤੌਰ 'ਤੇ ਪਹੁੰਚੇ ਸਨ। ਉਹਨਾਂ ਮੁਲਾਜ਼ਮਾਂ ਨੂੰ ਤੋਹਫੇ ਦੇਣ ਮੌਕੇ ਹਰੀ ਦੀਵਾਲੀ ਮਨਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੀਪ ਸਿੰਘ ਸੋਨੂੰ ਕੰਗ ਪੀਏ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਪਵਨ ਅੱਗਰਵਾਲ ਸਾਬਕਾ ਪ੍ਰਧਾਨ ਕੱਚਾ ਆੜ੍ਹਤੀਆ ਐਸੋਸੀਏਸ਼ਨ, ਟਿੰਪੀ ਕੁਮਰਾ, ਸੋਨੂੰ ਮਿੱਤਲ, ਰਾਜੇਸ਼ ਗੁਪਤਾ ਆਦਿ ਮੌਜੂਦ ਸਨ।



ਸਾਰਿਆਂ ਨੂੰ ਰਲ-ਮਿਲ ਕੇ ਗਰੀਨ ਦਿਵਾਲੀ ਮਨਾਉਣ ਦਾ ਸੱਦਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਉੱਘੇ ਸਮਾਜ ਸੇਵਕ ਅਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ, ਮਾਰਕੀਟ ਕਮੇਟੀ ਮਜੀਠਾ ਦੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ, ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗੁਮਟਾਲਾ, ਸਮਾਜ ਸੇਵੀ ਆਗੂ ਹੀਰਾ ਸਿੰਘ ਵਡਾਲਾ ਜੌਹਲ, ਮਾਰਕੀਟ ਕਮੇਟੀ ਮਹਿਤਾ ਦੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ, ਸੰਧੂ ਹਸਪਤਾਲ ਡੱਡੂਵਾਲਾ ਦੇ ਸੰਚਾਲਕ ਡਾਕਟਰ ਤੇਜਪਾਲ ਸਿੰਘ ਸੰਧੂ ਅਤੇ ਸਰਪੰਚ ਸਵਿੰਦਰ ਸਿੰਘ ਛਿੰਦ ਚਾਟੀਵਿੰਡ ਲਹਿਲ ਨੇ ਕਿਹਾ ਕਿ ਅੱਜ ਪ੍ਰਦੂਸ਼ਣ ਨੇ ਸਾਨੂੰ ਸਾਰੇ ਪਾਸਿਆਂ ਤੋਂ ਘੇਰਿਆ ਹੋਇਆ ਹੈ। ਇਸ ਲਈ ਜ਼ਿਆਦਾ ਸ਼ੋਰ ਤੇ ਧੂੰਏਂ ਵਾਲੇ ਪਟਾਕੇ ਚਲਾਉਣ ਤੋਂ ਸਾਨੂੰ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਪ੍ਰਦੂਸ਼ਣ ਮੁਕਤ ਦੀਵਾਲੀ ਭਾਵ ਗਰੀਨ ਦਿਵਾਲੀ ਮਨਾਉਣ ਨੂੰ ਤਰਜੀਹ ਦੇਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਵਾਰ ਮਿਲ ਕੇ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਬਿਮਾਰੀਆਂ ਨੂੰ ਦੂਰ ਭਜਾਉਣ ਦੇ ਮੰਤਵ ਨਾਲ ਗਰੀਨ ਦੀਵਾਲੀ ਮਨਾਈਏ ਅਤੇ ਵੱਧ ਤੋਂ ਵੱਧ ਰੁੱਖ ਲਗਾ ਕੇ ਪ੍ਰਦੂਸ਼ਣ ਨੂੰ ਠੱਲ੍ਹ ਪਾਈਏ।

ਰੰਧਾਵਾ ਨੇ ਕੋਹਾਲੀ ਤੇ ਦੋਲੇਵਾਲ ਦੇ ਵਸਨੀਕਾਂ ਨੂੰ ਪ੍ਰਾਪਰਟੀ ਕਾਰਡ ਵੰਡੇ



ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਸਰਕਾਰ ਵੱਲੋਂ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਪਿੰਡ ਕੋਹਾਲੀ ਅਤੇ ਦੋਲੇਵਾਲ ਦੇ ਵਸਨੀਕਾਂ ਨੂੰ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਮੌਕੇ ਲਾਭਪਾਤਰੀਆਂ ਵਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਇਸ ਉਪਰਾਲੇ ਲਈ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਇਸ ਉਪਰਾਲੇ ਨਾਲ ਲੋੜਵੰਦ ਲੋਕਾਂ ਨੂੰ ਘਰਾਂ ਦੇ ਸਿੱਧੇ ਮਾਲਕਾਨਾ ਹੱਕ ਅਤੇ ਪੱਕੀ ਰਜਿਸਟਰੀ ਦਾ ਅਧਿਕਾਰ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਦਾ ਮੁੱਖ ਮੰਤਵ ਲਾਲ ਲਕੀਰ ਅੰਦਰ ਰਹਿੰਦੇ ਪੰਜਾਬ ਦੇ ਹਰੇਕ ਯੋਗ ਪਰਿਵਾਰ ਨੂੰ ਆਪਣੇ ਘਰ ਦੀ ਮਾਲਕੀ ਦੇ ਹੱਕ ਦਿਵਾਉਣਾ ਹੈ ਅਤੇ ਇਸ ਦਿਸ਼ਾ ਵਿਚ ਇਹ ਸਕੀਮ ਮੀਲ ਪੱਥਰ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਬਹੁਤ ਸਾਰੇ ਪਰਿਵਾਰ ਦਹਾਕਿਆਂ ਤੋਂ ਲਾਲ ਡੋਰੇ ਅੰਦਰ ਰਹਿ ਰਹੇ ਹਨ ਜਿਨ੍ਹਾਂ ਕੋਲ ਮਾਲਕੀ ਦਾ ਰਸਮੀ ਰਿਕਾਰਡ ਨਾ ਹੋਣ ਕਰਕੇ ਆਪਣੀ ਜ਼ਿੰਦਗੀ ਵਿਚ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਇਸ ਸਕੀਮ ਨੇ ਅਜਿਹੀਆਂ ਸਾਰੀਆਂ ਸਮੱਸਿਆਵਾਂ ਦਾ ਜੜ੍ਹੋਂ ਹੱਲ ਕਰ ਦਿੱਤਾ ਹੈ। ਇਸ ਦੌਰਾਨ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਮਾਲਕੀ ਦੇ ਦਸਤਾਵੇਜ਼ ਮਿਲਣ ਨਾਲ ਉਨ੍ਹਾਂ ਦੇ ਹੱਕ ਅਤੇ ਸਨਮਾਨ ਨੂੰ ਨਵੀਂ ਮਜ਼ਬੂਤੀ ਮਿਲੀ ਹੈ ਜੋ ਭਵਿੱਖ ਵਿਚ ਉਨ੍ਹਾਂ ਦੀ ਚਹੁੰਮੁਖੀ ਤਰੱਕੀ ਵਿਚ ਵੱਡਮੁਲਾ ਯੋਗਦਾਨ ਪਾਵੇਗੀ।

ਰਮਨਦੀਪ ਕੌਰ ਸ਼ੇਰੋਂ ਵੱਲੋਂ ਡੋਰ-ਟੂ-ਡੋਰ ਲੋਕ-ਰਾਬਤਾ ਮੁਹਿੰਮ ਜਾਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸ਼ੇਰੋਂ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਡੋਰ-ਟੂ-ਡੋਰ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਹ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕਰ ਰਹੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੁਸ਼ਕਿਲਾਂ ਸੁਣ ਰਹੇ ਹਨ।



ਗੱਲਬਾਤ ਦੌਰਾਨ ਬੀਬਾ ਰਮਨਦੀਪ ਕੌਰ ਸ਼ੇਰੋਂ ਨੇ ਕਿਹਾ ਕਿ ਡੋਰ- ਟੂ-ਡੋਰ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣਾ, ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਹਿਯੋਗ ਨਾਲ ਵਰਕਰਾਂ ਵਿੱਚ ਨਵਾਂ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਹਲਕਾ ਸ੍ਰੀ ਖਡੂਰ ਸਾਹਿਬ ਦੇ ਕਈ ਪਿੰਡਾਂ ਵਿੱਚ ਇਸਤਰੀ ਅਕਾਲੀ ਦਲ ਦੀਆਂ ਵਰਕਰ ਮਿਲਣੀਆਂ ਵੀ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਦੇ ਨਾਲ-ਨਾਲ ਡੋਰ-ਟੂ-ਡੋਰ ਮੁਹਿੰਮ ਨੂੰ ਵੀ ਜਾਰੀ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਣਾ ਹੀ ਇਸ ਮੁਹਿੰਮ ਦਾ ਮੁੱਖ ਉਦੇਸ਼ ਹੈ।

ਬੰਦੀ ਛੋੜ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਧਾਰੀਵਾਲ, (ਮਨਦੀਪ ਵਿੱਕੀ)- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ, ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਸ਼੍ਰੀਮਤੀ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸਰਦਾਰ ਹਰਤਾਜ ਸਿੰਘ ਸਿੱਧੂ ਦੀ ਸਾਂਝੀ ਅਗਵਾਈ ਹੇਠ ਬੰਦੀ ਛੋੜ ਦਿਵਸ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਰਾਜਦੀਪ ਕੌਰ ਵੱਲੋਂ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵਸ ਦੀ ਇਤਿਹਾਸਕ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਬੰਦੀ ਛੋੜ ਦਿਵਸ ਸਿੱਖ ਇਤਿਹਾਸ ਦਾ ਇੱਕ ਮਹਾਨ ਅਤੇ ਪ੍ਰੇਰਨਾਦਾਇਕ ਦਿਹਾੜਾ ਹੈ।ਇਹ ਦਿਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਹੋਣ ਅਤੇ ਆਪਣੇ ਨਾਲ 52 ਰਾਜਿਆਂ ਨੂੰ ਵੀ ਆਜ਼ਾਦ ਕਰਵਾਉਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਇਹ ਦਿਹਾੜਾ ਸਾਨੂੰ ਸੱਚਾਈ, ਨਿਆਂ, ਮਨੁੱਖਤਾ, ਆਪਸੀ ਪਿਆਰ ਅਤੇ ਦੂਜਿਆਂ ਦੀ ਆਜ਼ਾਦੀ ਲਈ ਖੜ੍ਹੇ ਹੋਣ ਦੀ ਪ੍ਰੇਰਨਾ ਦਿੰਦਾ ਹੈ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਬੰਦੀ ਛੋੜ ਦਿਵਸ ਸਾਨੂੰ ਨਿਡਰਤਾ, ਕੁਰਬਾਨੀ ਅਤੇ ਮਨੁੱਖਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੰਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਦਿਹਾੜੇ ਮਨਾਉਣ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ ਅਤੇ ਗੌਰਵਮਈ ਇਤਿਹਾਸ ਨਾਲ ਜੋੜਨਾ ਹੈ।ਉਨ੍ਹਾਂ ਨੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਹਮੇਸ਼ਾ ਸੱਚਾਈ ਤੇ ਨੇਕੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰਿੰਸੀਪਲ ਸਰਦਾਰ ਹਰਤਾਜ ਸਿੰਘ ਸਿੱਧੂ ਨੇ ਇਤਿਹਾਸਕਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸਿੱਖਾਂ ਦੇ ਛੇਵੇਂ ਗੁਰੂ ਸਨ।ਉਨ੍ਹਾਂ ਨੇ ਸਿੱਖ ਕੌਮ ਨੂੰ ਧਾਰਮਿਕ ਅਜ਼ਾਦੀ, ਨਿਆਂ ਅਤੇ ਜ਼ੁਲਮ ਦੇ ਵਿਰੁੱਧ ਡਟ ਕੇ ਖੜ੍ਹੇ ਹੋਣ ਦੀ ਪ੍ਰੇਰਨਾ ਦਿੱਤੀ। ਗੁਰੂ ਸਾਹਿਬ ਜੀ ਨੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕਰਕੇ ਸਿੱਖ ਕੌਮ ਨੂੰ ਇਹ ਸੰਦੇਸ਼ ਦਿੱਤਾ ਕਿ ਮਨੁੱਖ ਨੂੰ ਅਧਿਆਤਮਿਕ ਤੌਰ ਤੇ ਮਜ਼ਬੂਤ ਹੋਣ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣੀਆਂ ਵੀ ਆਉਣੀਆਂ ਚਾਹੀਦੀਆਂ ਹਨ।



ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਪੱਟੀ,(ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸ੍ਰੀ ਗੁਰੂ ਹਰਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪੱਟੀ ਦੇ ਬੱਚਿਆਂ ਵੱਲੋਂ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੁਸਾਇਟੀ ਵੱਲੋਂ ਗੁਰਦੁਆਰਾ ਭੱਠ ਸਾਹਿਬ ਵਿਖੇ ਬਾਬਾ ਬਿਧੀ ਚੰਦ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਕਰਵਾਏ ਗਏ ਦਸਤਾਰ, ਦੁਮਾਲਾ, ਕੈਲੀਗ੍ਰਾਫੀ ਅਤੇ ਪੇਂਟਿੰਗ ਮੁਕਾਬਲਿਆਂ ਵਿੱਚ ਸ਼ਮੂਲੀਅਤ ਕੀਤੀ ਗਈ, ਜਿਸ ਵਿੱਚ ਸਕੂਲ ਦੇ 61 ਬੱਚੇ ਸ਼ਾਮਿਲ ਹੋਏ।ਦਸਤਾਰ ਮੁਕਾਬਲੇ ਦੇ ਸੀਨੀਅਰ ਵਰਗ ਵਿੱਚੋਂ ਨੌਵੀਂ ਕਲਾਸ ਦੇ ਵਿਦਿਆਰਥੀ ਗੁਰਇਕਬਾਲ ਸਿੰਘ ਵੱਲੋਂ ਪਹਿਲਾ ਸਥਾਨ, ਦਸਤਾਰ ਮੁਕਾਬਲੇ ਦੇ ਜੂਨੀਅਰ ਵਰਗ ਵਿੱਚੋਂ ਹਰਸ਼ਦੀਪ ਸਿੰਘ ਅਤੇ ਗੁਰਵੰਸ਼ਪ੍ਰੀਤ ਸਿੰਘ ਵੱਲੋਂ ਪਹਿਲਾ ਸਥਾਨ ਅਤੇ ਪ੍ਰਭਨੂਰ ਸਿੰਘ ਵੱਲੋਂ ਤੀਸਰਾ ਸਥਾਨ ਪ੍ਰਾਪਤ ਕੀਤਾ ਗਿਆ। ਇਸੇ ਤਰ੍ਹਾਂ ਦੁਮਾਲਾ ਮੁਕਾਬਲੇ ਵਿੱਚ ਅਰਸ਼ਵੀਰ ਕੌਰ ਨੇ ਪਹਿਲਾ ਸਥਾਨ ਅਤੇ ਗੁਰਸ਼ਾਨ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਪੇਂਟਿੰਗ ਅਤੇ ਕੈਲੀਗ੍ਰਾਫੀ ਮੁਕਾਬਲਿਆਂ ਵਿੱਚ ਜੈਦੀਪ ਸਿੰਘ ਵੱਲੋਂ ਪਹਿਲਾ ਸਥਾਨ ਅਤੇ ਪੂਰਵੀ ਬੱਤਰਾ ਵੱਲੋਂ ਤੀਸਰਾ ਸਥਾਨ ਪ੍ਰਾਪਤ ਕੀਤਾ ਗਿਆ। ਜੇਤੂ ਬੱਚਿਆਂ ਨੂੰ ਦਸਤਾਰਾਂ ਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਬਾਕੀ ਬੱਚਿਆਂ ਨੂੰ ਮੈਡਲ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਸਕੂਲ ਦੇ ਪ੍ਰਿੰਸੀਪਲ ਮੈਡਮ ਜਸਬੀਰ ਕੌਰ ਸੈਣੀ ਨੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਦਸਤਾਰ ਦੀ ਮਹੱਤਤਾ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਦਸਤਾਰ ਸਿੱਖ ਦੀ ਵੱਖਰੀ ਪਛਾਣ ਹੈ।



ਪਟਾਕਿਆਂ ਦੀ ਬਜਾਏ ਦੀਵੇ ਜਗਾ ਕੇ ਮਨਾਈਏ ਰੌਸ਼ਨੀਆਂ ਦਾ ਤਿਉਹਾਰ : ਭਾਟੀਆ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) : ਦੀਵਾਲੀ ਰੌਸ਼ਨੀਆਂ ਅਤੇ ਖੁਸ਼ੀਆਂ ਦਾ ਤਿਉਹਾਰ ਹੈ।ਇਸ ਤਿਉਹਾਰ ਨੂੰ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਉਣ ਦੇ ਨਾਲ-ਨਾਲ ਵਾਤਾਵਰਨ ਦੀ ਸੰਭਾਲ ਕਰਨਾ ਵੀ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਇਸ ਮੌਕੇ ਸਕੂਲ ਦੇ ਐੱਮ ਡੀ ਇੰਦਰਜੀਤ ਸਿੰਘ ਭਾਟੀਆ ਅਤੇ ਸਕੂਲ ਦੇ ਪ੍ਰਿੰਸੀਪਲ ਸਵਲੀਨ ਭਾਟੀਆ ਨੇ ਸ਼ਹਿਰ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ ਦੀਵਾਲੀ ਪ੍ਰਦੂਸ਼ਣ ਰਹਿਤ ਮਨਾਉਣ ਨੂੰ ਤਰਜੀਹ ਦੇਣ ਅਤੇ ਪਟਾਕਿਆਂ ਦੀ ਵਰਤੋਂ ਤੋਂ ਗੁਰੇਜ਼ ਕਰਨ।ਉਨ੍ਹਾਂ ਕਿਹਾ ਕਿ ਦੀਵਾਲੀ ਮਨਾਉਣ ਦਾ ਅਸਲ ਮਕਸਦ ਆਪਸੀ ਪਿਆਰ, ਭਾਈਚਾਰਕ ਸਾਂਝ ਅਤੇ ਖੁਸ਼ੀਆਂ ਵੰਡਣਾ ਹੈ, ਨਾ ਕਿ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਨਾ।ਸਾਨੂੰ ਪਟਾਕੇ ਚਲਾਉਣ ਦੀ ਬਜਾਏ ਆਪਣੇ ਘਰਾਂ ਵਿੱਚ ਦੀਵੇ ਅਤੇ ਮੋਮਬੱਤੀਆਂ ਜਗਾ ਕੇ ਇਸ ਪਵਿੱਤਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ।ਉਨ੍ਹਾਂ ਸ਼ਹਿਰ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੀ ਪ੍ਰਦੂਸ਼ਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕਰਨ।ਆਓ, ਇਸ ਦੀਵਾਲੀ ਤੇ ਸਾਰੇ ਮਿਲ ਕੇ ਪ੍ਰਣ ਕਰੀਏ ਕਿ ਅਸੀਂ ਸਾਫ਼-ਸੁਥਰੇ ਵਾਤਾਵਰਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਵਾਂਗੇ।



ਆਯੁਰਵੇਦ ਦੀ ਮਹਾਨ ਵਿਰਾਸਤ ਨੂੰ ਅਪਣਾਉਣ ਦਾ ਸੰਦੇਸ਼ : ਡਾ. ਹਰੀਸ਼ ਭਾਟੀਆ

ਅੱਡਾ ਸਰਾਂ (ਜਸਵੀਰ ਕਾਜਲ)- ਭਾਰਤੀ ਸੰਸਕ੍ਰਿਤੀ ਵਿੱਚ ਸਿਹਤ ਨੂੰ ਮਨੁੱਖੀ ਜੀਵਨ ਦਾ ਸਭ ਤੋਂ ਅਨਮੋਲ ਖਜ਼ਾਨਾ ਮੰਨਿਆ ਗਿਆ ਹੈ। ਸਾਡੇ ਪੁਰਾਤਨ ਰਿਸ਼ੀ-ਮੁਨੀਆਂ ਨੇ ਸਿਹਤਮੰਦ ਜੀਵਨ ਜਿਊਣ ਲਈ ਜੋ ਗਿਆਨ ਅਤੇ ਜੀਵਨ-ਸ਼ੈਲੀ ਸੰਸਾਰ ਨੂੰ ਦਿੱਤੀ, ਉਸ ਦਾ ਨਾਂ ਹੈ 'ਆਯੁਰਵੇਦ'। ਇਸ ਮਹਾਨ ਚਿਕਿਤਸਾ ਪ੍ਰਣਾਲੀ ਦੇ ਪ੍ਰਵਰਤਕ ਭਗਵਾਨ ਧਨਵੰਤਰੀ ਦੀ ਯਾਦ ਵਿੱਚ ਹਰ ਸਾਲ ਧਨਵੰਤਰੀ ਜਯੰਤੀ ਮਨਾਈ ਜਾਂਦੀ ਹੈ। ਭਗਵਾਨ ਧਨਵੰਤਰੀ ਨੂੰ ਆਯੁਰਵੇਦ ਦਾ ਦੇਵਤਾ ਅਤੇ ਦੇਵਤਿਆਂ ਦਾ ਵੈਦ ਮੰਨਿਆ ਜਾਂਦਾ ਹੈ। ਪੌਰਾਣਿਕ ਮਾਨਤਾ ਅਨੁਸਾਰ ਸਮੁੰਦਰ ਮੰਥਨ ਸਮੇਂ ਭਗਵਾਨ ਧਨਵੰਤਰੀ ਅੰਮ੍ਰਿਤ ਕਲਸ਼ ਅਤੇ ਆਯੁਰਵੇਦ ਦੇ ਗਿਆਨ ਨਾਲ ਪ੍ਰਗਟ ਹੋਏ ਸਨ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਮਨੁੱਖੀ ਜੀਵਨ ਵਿੱਚ ਸਿਹਤ, ਸੰਤੁਲਨ ਅਤੇ ਕੁਦਰਤ ਨਾਲ ਤਾਲਮੇਲ ਕਿੰਨਾ ਮਹੱਤਵਪੂਰਨ ਹੈ।ਆਯੁਰਵੇਦ ਸਿਰਫ਼ ਬਿਮਾਰੀਆਂ ਦਾ ਇਲਾਜ ਕਰਨ ਵਾਲੀ ਪ੍ਰਣਾਲੀ ਨਹੀਂ, ਸਗੋਂ ਸਿਹਤਮੰਦ ਜੀਵਨ ਜਿਊਣ ਦੀ ਕਲਾ ਅਤੇ ਵਿਗਿਆਨ ਹੈ। ਆਯੁਰਵੇਦ ਦਾ ਮੁੱਖ ਉਦੇਸ਼ ਦੋ ਗੱਲਾਂ 'ਤੇ ਆਧਾਰਿਤ ਹੈ-ਸਿਹਤਮੰਦ ਵਿਅਕਤੀ ਦੀ ਸਿਹਤ ਦੀ ਰੱਖਿਆ ਕਰਨਾ ਅਤੇ ਬਿਮਾਰ ਵਿਅਕਤੀ ਦੇ ਰੋਗਾਂ ਨੂੰ ਦੂਰ ਕਰਨਾ।ਅੱਜ ਦੇ ਸਮੇਂ ਵਿੱਚ ਇਹ ਸਿਧਾਂਤ ਹੋਰ ਵੀ ਮਹੱਤਵਪੂਰਨ ਹੋ ਜਾਂਦਾ ਹੈ, ਕਿਉਂਕਿ ਬਦਲਦੀ ਜੀਵਨ-ਸ਼ੈਲੀ, ਗਲਤ ਖਾਣ-ਪੀਣ, ਸਰੀਰਕ ਮਿਹਨਤ ਦੀ ਘਾਟ, ਮਾਨਸਿਕ ਤਣਾਅ ਅਤੇ ਨੀਂਦ ਦੀ ਕਮੀ ਕਾਰਨ ਸ਼ੂਗਰ, ਬਲੱਡ ਪ੍ਰੈਸ਼ਰ, ਮੋਟਾਪਾ, ਦਿਲ ਦੀਆਂ ਬਿਮਾਰੀਆਂ ਅਤੇ ਪਾਚਨ ਪ੍ਰਣਾਲੀ ਨਾਲ ਸਬੰਧਤ ਸਮੱਸਿਆਵਾਂ ਤੇਜ਼ੀ ਨਾਲ ਵਧ ਰਹੀਆਂ ਹਨ।ਆਯੁਰਵੇਦ ਸਾਨੂੰ ਬਿਮਾਰੀ ਹੋਣ ਤੋਂ ਪਹਿਲਾਂ ਹੀ ਸਿਹਤ ਦੀ ਸੰਭਾਲ ਕਰਨ ਦੀ ਸਿੱਖਿਆ ਦਿੰਦਾ ਹੈ। ਇਸ ਲਈ ਦਿਨਚਰਿਆ ਅਤੇ ਰਿਤੂਚਰਿਆ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ। ਸਵੇਰੇ ਜਲਦੀ ਉੱਠਣਾ, ਨਿਯਮਿਤ ਕਸਰਤ ਅਤੇ ਯੋਗ ਕਰਨਾ, ਸੰਤੁਲਿਤ ਭੋਜਨ ਖਾਣਾ, ਸਮੇਂ ਸਿਰ ਸੌਣਾ ਅਤੇ ਮਾਨਸਿਕ ਤਣਾਅ ਤੋਂ ਬਚਣਾ ਸਿਹਤਮੰਦ ਜੀਵਨ ਦੇ ਅਹਿਮ ਅੰਗ ਹਨ।ਇਸੇ ਤਰ੍ਹਾਂ ਮੌਸਮ ਦੇ ਬਦਲਾਅ ਅਨੁਸਾਰ ਖਾਣ-ਪੀਣ ਅਤੇ ਰਹਿਣ-ਸਹਿਣ ਵਿੱਚ ਤਬਦੀਲੀ ਕਰਨਾ ਵੀ ਜ਼ਰੂਰੀ ਹੈ। ਸਰਦੀ, ਗਰਮੀ ਅਤੇ ਬਰਸਾਤ ਦੇ ਮੌਸਮ ਵਿੱਚ ਸਰੀਰ ਦੀਆਂ ਲੋੜਾਂ ਵੱਖ-ਵੱਖ ਹੁੰਦੀਆਂ ਹਨ। ਇਸ ਲਈ ਕੁਦਰਤ ਦੇ ਅਨੁਕੂਲ ਜੀਵਨ-ਸ਼ੈਲੀ ਅਪਣਾਉਣੀ ਚਾਹੀਦੀ ਹੈ।ਆਯੁਰਵੇਦ ਵਿੱਚ ਭੋਜਨ ਨੂੰ ਸਿਹਤ ਦਾ ਮੁੱਖ ਆਧਾਰ ਮੰਨਿਆ ਗਿਆ ਹੈ। ਸਹੀ ਮਾਤਰਾ ਵਿੱਚ, ਸਹੀ ਸਮੇਂ ਅਤੇ ਸਹੀ ਤਰੀਕੇ ਨਾਲ ਖਾਧਾ ਗਿਆ ਭੋਜਨ ਸਰੀਰ ਨੂੰ ਪੋਸ਼ਣ ਪ੍ਰਦਾਨ ਕਰਦਾ ਹੈ। ਸਾਨੂੰ ਆਪਣੀ ਰੋਜ਼ਾਨਾ ਖੁਰਾਕ ਵਿੱਚ ਤਾਜ਼ੀਆਂ ਸਬਜ਼ੀਆਂ, ਮੌਸਮੀ ਫਲ, ਦਾਲਾਂ, ਸਾਬਤ ਅਨਾਜ ਅਤੇ ਲੋੜ ਅਨੁਸਾਰ ਦੁੱਧ ਤੇ ਹੋਰ ਪੌਸ਼ਟਿਕ ਪਦਾਰਥ ਸ਼ਾਮਲ ਕਰਨੇ ਚਾਹੀਦੇ ਹਨ। ਬਹੁਤ ਜ਼ਿਆਦਾ ਤਲੀਆਂ ਹੋਈਆਂ ਚੀਜ਼ਾਂ, ਜੰਕ ਫੂਡ, ਵਾਧੂ ਖੰਡ ਅਤੇ ਪੈਕ ਕੀਤੇ ਭੋਜਨ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।ਅੱਜ ਪੂਰੀ ਦੁਨੀਆ ਵਿੱਚ ਕੁਦਰਤੀ ਜੀਵਨ-ਸ਼ੈਲੀ, ਯੋਗ, ਧਿਆਨ ਅਤੇ ਰੋਕਥਾਮ ਵਾਲੀ ਸਿਹਤ ਸੰਭਾਲ ਪ੍ਰਤੀ ਰੁਚੀ ਵਧ ਰਹੀ ਹੈ। ਆਯੁਰਵੇਦ ਆਪਣੇ ਸੰਪੂਰਨ ਸਿਹਤ ਦ੍ਰਿਸ਼ਟੀਕੋਣ ਕਾਰਨ ਵਿਸ਼ਵ ਪੱਧਰ 'ਤੇ ਆਪਣੀ ਵਿਸ਼ੇਸ਼ ਪਛਾਣ ਬਣਾ ਰਿਹਾ ਹੈ। ਪਰ ਸਾਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਆਯੁਰਵੇਦ ਦਾ ਸਹੀ ਲਾਭ ਲੈਣ ਲਈ ਯੋਗ ਆਯੁਰਵੈਦਿਕ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।ਧਨਵੰਤਰੀ ਜਯੰਤੀ ਸਿਰਫ਼ ਇੱਕ ਧਾਰਮਿਕ ਦਿਹਾੜਾ ਨਹੀਂ, ਸਗੋਂ ਸਿਹਤ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਦਾ ਮੌਕਾ ਹੈ।



ਸ਼ਹੀਦ ਬਾਬਾ ਦੀਪ ਸਿੰਘ ਪਬਲਿਕ ਹਾਈ ਸਕੂਲ ਵਿਖੇ ਬੰਦੀ ਛੋੜ ਦਿਵਸ ਮਨਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਬੰਦੀ ਛੋੜ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਲਈ ਬੰਦੀ ਛੋੜ ਦਿਵਸ ਦੇ ਇਤਿਹਾਸ ਅਤੇ ਮਹੱਤਵ ਨਾਲ ਸੰਬੰਧਿਤ ਚਾਰਟ ਮੇਕਿੰਗ ਅਤੇ ਦੀਵਾ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਬੱਚਿਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਕਲਾ ਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ।

ਸਵੇਰ ਦੀ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਬੰਦੀ ਛੋੜ ਦਿਵਸ ਦੇ ਇਤਿਹਾਸ ਅਤੇ ਇਸ ਨਾਲ ਜੁੜੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਇਸ ਮੌਕੇ ਗੁਰਬਾਣੀ ਕੀਰਤਨ, ਕਵਿਤਾਵਾਂ, ਕਵੀਸ਼ਰੀ ਅਤੇ ਭਾਸ਼ਣਾਂ ਰਾਹੀਂ ਇਸ ਪਵਿੱਤਰ ਦਿਹਾੜੇ ਦੀ ਮਹੱਤਤਾ ਨੂੰ ਬਿਆਨ ਕੀਤਾ ਗਿਆ। ਬੱਚਿਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ, ਸਿਧਾਂਤਾਂ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਉਜਾਗਰ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਬੰਦੀ ਛੋੜ ਦਿਵਸ ਸਾਨੂੰ ਹੱਕ, ਸੱਚ, ਨਿਆਂ ਅਤੇ ਦੂਜਿਆਂ ਦੀ ਆਜ਼ਾਦੀ ਲਈ ਖੜ੍ਹੇ ਹੋਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਹੋਰ ਹਾਜ਼ਰ ਸ਼ਖ਼ਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ,ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਸਮੇਤ ਸਮੂਹ ਸਕੂਲ ਸਟਾਫ਼ ਮੌਜੂਦ ਸੀ।

ਸੰਤ ਬਾਬਾ ਆਸਾ ਸਿੰਘ ਕੋਹਾਲੀ ਵਾਲਿਆਂ ਦੀ 18ਵੀਂ ਬਰਸੀ ਮੌਕੇ ਸਾਲਾਨਾ ਗੁਰਮਤਿ ਸਮਾਗਮ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਸੰਤ ਬਾਬਾ ਆਸਾ ਸਿੰਘ ਕੋਹਾਲੀ ਵਾਲਿਆਂ ਦੀ 18ਵੀਂ ਬਰਸੀ ਮੌਕੇ ਉਨ੍ਹਾਂ ਦੇ ਤਪ ਅਸਥਾਨ ਪਿੰਡ ਕੋਹਾਲੀ ਵਿਖੇ ਸਾਲਾਨਾ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਅਤੇ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰੂ ਸਾਹਿਬਾਨ ਦੇ ਉਪਦੇਸ਼ਾਂ ਨੂੰ ਜੀਵਨ ਵਿੱਚ ਅਪਨਾਉਣ ਦੀ ਪ੍ਰੇਰਨਾ ਦਿੱਤੀ।ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਲਵਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਭਾਈ ਪਲਵਿੰਦਰ ਸਿੰਘ ਖਾਸਾ ਅਤੇ ਭਾਈ ਕਸ਼ਮੀਰ ਸਿੰਘ ਰੜਾਲਾ ਦੇ ਕਵੀਸ਼ਰੀ ਜਥਿਆਂ ਨੇ ਸਿੰਘ ਸੂਰਮਿਆਂ ਦੀਆਂ ਲਾਸਾਨੀ ਕੁਰਬਾਨੀਆਂ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਪ੍ਰਸੰਗ ਸੁਣਾ ਕੇ ਸੰਗਤਾਂ ਵਿੱਚ ਜੋਸ਼ ਅਤੇ ਸਿੱਖੀ ਜਜ਼ਬਾ ਭਰਿਆ।ਸਮਾਗਮ ਦੌਰਾਨ ਮੁੱਖ ਸੇਵਾਦਾਰ ਭਾਈ ਬਲਵਿੰਦਰ ਸਿੰਘ ਕੋਹਾਲੀ ਵੱਲੋਂ ਪਹੁੰਚੇ ਧਾਰਮਿਕ ਜਥਿਆਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਾਈ ਸੁਵਿੰਦਰ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਬਿਕਰਮਜੀਤ ਸਿੰਘ, ਮਾਸਟਰ ਸਤਪਾਲ ਸਿੰਘ ਵੇਰਕਾ, ਭਾਈ ਜਗਦੀਸ਼ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਤਰਸੇਮ ਸਿੰਘ ਭੁੱਲਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।



ਡਾ. ਇੰਦਰ ਪਾਲ ਨੇ ਸਤਿਸੰਗ 'ਚ ਭਰੀ ਹਾਜ਼ਰੀ

ਛੇਹਰਟਾ, (ਮਨੋਜ ਕੁਮਾਰ) : ਮੂਲ ਨਿਵਾਸੀ ਮੁਕਤੀ ਮੋਰਚਾ ਤੇ ਆਟੋ ਰਿਕਸ਼ਾ ਯੂਨੀਅਨ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਅਮਨ ਵਾਲਮੀਕਿ ਦੀ ਅਗਵਾਈ ਹੇਠ ਸਤਿਸੰਗ ਕਰਵਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ.ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰ ਪਾਲ ਵੀ ਨਤਮਸਤਕ ਹੋਏ ਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਹਿਬ ਸਿੰਘ, ਪਵਨ ਦਰਾਵਿੜ, ਵਿਜੈ, ਦੀਪਕ ਕਲਿਆਣ, ਓਮ ਪ੍ਰਕਾਸ਼ ਗੱਬਰ, ਸ਼ਕਤੀ ਕਲਿਆਣ, ਸੋਨੀ ਭੱਟੀ ਤੇ ਯੂਨੀਅਨ ਦੇ ਵੱਡੀ ਗਿਣਤੀ ਵਿਚ ਵਰਕਰ ਹਾਜ਼ਰ ਸਨ।



ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਬੰਦੀ ਛੋੜ ਦਿਵਸ ਤੇ ਦੀਵਾਲੀ ਮਨਾਈ



ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਪ੍ਰਸ਼ਾਸਕ ਨਿਮਰਤਾ ਕੌਰ ਵਿਸ਼ੇਸ਼ ਤੌਰ 'ਤੇ ਅਸੈਂਬਲੀ ਵਿੱਚ ਹਾਜ਼ਰ ਹੋਏ। ਅਸੈਂਬਲੀ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ।ਇਸ ਮੌਕੇ ਨੌਵੀਂ ਜਮਾਤ ਦੀ ਵਿਦਿਆਰਥਣ ਹਰਲੀਨ ਕੌਰ ਨੇ ਆਪਣੇ ਭਾਸ਼ਣ ਰਾਹੀਂ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੇ ਇਤਿਹਾਸਕ ਤੇ ਧਾਰਮਿਕ ਮਹੱਤਵ ਬਾਰੇ ਜਾਣੂ ਕਰਵਾਇਆ। ਛੇਵੀਂ ਜਮਾਤ ਦੀ ਵਿਦਿਆਰਥਣ ਗੁੰਜਨ ਨੇ ਆਪਣੀ ਕਵਿਤਾ ਰਾਹੀਂ ਤਿਉਹਾਰ ਦੀ ਖ਼ੁਸ਼ੀ ਨੂੰ ਬਿਆਨ ਕੀਤਾ। ਵਿਦਿਆਰਥੀਆਂ ਦੀ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ। ਪ੍ਰਾਇਮਰੀ ਵਿੰਗ ਦੇ ਬੱਚਿਆਂ ਵਿਚਕਾਰ ਦੀਵਾ ਅਤੇ ਮੋਮਬੱਤੀ ਡੈਕੋਰੇਸ਼ਨ ਮੁਕਾਬਲਾ ਕਰਵਾਇਆ ਗਿਆ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਥਾਲੀ ਡੈਕੋਰੇਸ਼ਨ ਅਤੇ ਜਵੈਲਰੀ ਮੇਕਿੰਗ ਦੇ ਮੁਕਾਬਲੇ ਕਰਵਾਏ ਗਏ। ਇਸ ਤੋਂ ਇਲਾਵਾ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਅੰਤਰ-ਹਾਊਸ ਰੰਗੋਲੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਲਾਲਾ ਲਾਜਪਤ ਰਾਏ ਹਾਊਸ ਨੇ ਪਹਿਲਾ, ਸ਼ਹੀਦ ਊਧਮ ਸਿੰਘ ਹਾਊਸ ਨੇ ਦੂਜਾ ਅਤੇ ਭਗਤ ਸਿੰਘ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕਲਾਸ ਰੂਮ ਡੈਕੋਰੇਸ਼ਨ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਨਿਮਰਤਾ ਕੌਰ ਨੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ

ਲੋਕ ਦੀਵਾਲੀ ਦੇ ਤਿਉਹਾਰ ਨੂੰ ਸ਼ਾਂਤਮਈ ਤਰੀਕੇ ਨਾਲ ਮਨਾਉਣ : ਐੱਸ ਐੱਚ ਓ

ਕਪੂਰਥਲਾ (ਮਨਜੀਤ ਮਾਨ)- ਲੋਕਾਂ ਪ੍ਰਦੂਸ਼ਿਤ ਰਹਿਤ ਤੇ ਗ੍ਰੀਨ ਦੀਵਾਲੀ ਮਨਾਉਣ ਤੇ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਸ਼ਾਂਤਮਈ ਢੰਗ ਨਾਲ ਮਨਾਉਣ। ਅੱਜ ਇਥੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਥਾਣਾ ਸਦਰ ਕਪੂਰਥਲਾ ਦੇ ਮੁਖੀ ਐਸ ਐਚ ਓ ਮੇਜਰ ਸਿੰਘ ਨੇ ਕਿਹਾ ਕਿ ਲੋਕ ਜ਼ਿਆਦਾ ਆਵਾਜ਼ ਵਾਲੇ ਪਟਾਕੇ ਵਜਾਉਣ ਤੋਂ ਗੁਰੇਜ਼ ਕਰਨ ਜਿਸ ਨਾਲ ਵਾਤਾਵਰਨ ਪ੍ਰਦੂਸ਼ਿਤ ਹੋ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕ ਆਪਣੇ ਘਰਾਂ ਵਿੱਚ ਹੀ ਆਪਣੇ ਪਰਵਾਰਾਂ ਨਾਲ ਦੀਵਾਲੀ ਦਾ ਤਿਉਹਾਰ ਮਨਾਉਣ। ਐਸ ਐਚ ਓ ਨੇ ਕਿਹਾ ਕਿ ਹੁੱਲੜਬਾਜ਼ੀ ਕਰਨ ਵਾਲੇ ਮਾੜੇ ਅਨਸਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਹੁੱਲੜਬਾਜ਼ਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੋ ਵੀ ਇਲਾਕੇ ਵਿੱਚ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰੇਗਾ ਉਸ ਖਿਲਾਫ ਕਾਨੂੰਨੀ ਕਾਰਵਾਈ ਕਰਕੇ ਜੇਲ੍ਹ ਵਿੱਚ ਡੱਕਿਆ ਜਾਵੇਗਾ।



ਚੌਧਰੀ ਤਰਲੋਚਨ ਸਿੰਘ ਸੂੰਢ ਦੀ ਬਰਸੀ ਮਨਾਈ



ਬੰਗਾ (ਅਵਤਾਰ ਕਲੇਰ)- ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ ਦੀ ਪਹਿਲੀ ਬਰਸੀ ਉਹਨਾਂ ਦੇ ਗ੍ਰਹਿ ਬੰਗਾ ਵਿਖੇ ਮਨਾਈ ਗਈ। ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਕਾਂਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ ਅਜੇ ਮੰਗੂਪੁਰ, ਅੰਗਦ ਸਿੰਘ ਸਾਬਕਾ ਵਿਧਾਇਕ ਨਵਾਂ ਸ਼ਹਿਰ, ਹੁਸਨ ਸਿੰਘ ਘੁੰਮਣ, ਰਾਜਾ ਅਟਵਾਲ, ਸੋਹਣ ਸਿੰਘ ਭਿੰਡਰ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂੰਢ ਪਰਵਾਰ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਕੁਰਬਾਨੀਆਂ ਦਿੱਤੀਆਂ। ਚੌਧਰੀ ਜਗਤ ਰਾਮ ਸੂੰਢ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੂੰ ਅੱਤਵਾਦੀਆਂ ਨੇ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ। ਉਹਨਾਂ ਦੀ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਚੌਧਰੀ ਤਰਲੋਚਨ ਸਿੰਘ ਸੂੰਢ ਦੋ ਵਾਰ ਬੰਗਾ ਹਲਕੇ ਤੋਂ ਵਿਧਾਇਕ ਬਣੇ। ਚੌਧਰੀ ਤਰਲੋਚਨ ਸਿੰਘ ਸੂੰਢ ਬੀਤੇ ਸਾਲ ਤਰਨਤਾਰਨ ਵਿਖੇ ਪਾਰਟੀ ਦਾ ਪ੍ਰਚਾਰ ਕਰਦਿਆਂ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਉਹਨਾਂ ਦੀ ਪਹਿਲੀ ਬਰਸੀ ਮਨਾਈ ਗਈ। ਇਸ ਮੌਕੇ ਬੀਬੀ ਮੀਨਾ ਸੂੰਢ,ਕੁਲਵਰਨ ਸਿੰਘ ਥਾਂਦੀਆਂ, ਰਾਮਦਾਸ ਸਿੰਘ, ਹਰਬੰਤ ਸਿੰਘ ਮਕਸੂਦਪੁਰ, ਐਡਵੋਕੇਟ ਅਮਨਦੀਪ ਗੁਰੂ, ਅਮਰਜੀਤ ਸਿੰਘ ਕਲਸੀ, ਰਜਿੰਦਰ ਸ਼ਰਮਾ, ਡਾ ਨਛੱਤਰ ਪਾਲ, ਕਮਲਜੀਤ ਬੰਗਾ, ਰੂਪ ਲਾਲ ਚੇਤਾ, ਸੋਖੀ ਰਾਮ ਬੱਜੋਂ, ਰੇਸ਼ਮ ਸਿੰਘ ਘੁੰਮਣ, ਅਮਨਦੀਪ ਸਿੰਘ ਮੇਹਲੀ, ਸਤਨਾਮ ਸਿੰਘ ਵਾਲੀਆਂ, ਗੁਰਦੀਪ ਸਿੰਘ ਖੋਥੜਾਂ ਤੋਂ ਇਲਾਵਾ ਪਾਰਟੀ ਵਰਕਰ ਹਾਜ਼ਰ ਸਨ।

ਲੋਕ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ : ਜਗਦੀਸ਼ ਸੋਈ

ਦਸੂਹਾ (ਕਰਨੈਲ ਮਾਂਗਟ)- ਦਸੂਹਾ ਇਲਾਕੇ ਦੇ ਉੱਘੇ ਸਮਾਜ ਤੇ ਦਸੂਹਾ ਗੈਸ ਏਜੰਸੀ ਦੇ ਮਾਲਕ ਜਗਦੀਸ਼ ਸਿੰਘ ਸੋਈ ਨੇ ਲੋਕਾਂ ਨੂੰ ਪ੍ਰਦੂਸ਼ਣ ਰਹਿਤ ਤੇ ਸੁਰੱਖਿਅਤ ਦਿਵਾਲੀ ਮਨਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਦੀਵਾਲੀ ਰੋਸ਼ਨੀਆ, ਖੁਸ਼ੀਆਂ ਤੇ ਆਪਸੀ ਭਾਈਚਾਰਕ ਸਾਂਝ ਦਾ ਤਿਉਹਾਰ ਹੈ। ਇਸ ਪਵਿੱਤਰ ਪਿਆਰ ਨੂੰ ਮਨਾਉਂਦੇ ਸਮੇਂ ਸਾਨੂੰ ਵਾਤਾਵਰਨ ਦੀ ਸੰਭਾਲ ਪਤੀ ਆਪਣੀ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ ਹੈ। ਉਨਾਂ ਕਿਹਾ ਕਿ ਪਟਾਕਿਆਂ ਕਾਰਨ ਪੈਦਾ ਹੋਣ ਵਾਲਾ ਧੂੰਆਂ ਤੇ ਸ਼ੋਰ ਨਾ ਸਿਰਫ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਦਾ ਹੈ ਸਗੋਂ ਬੱਚਿਆਂ, ਬਜ਼ੁਰਗਾਂ ਅਤੇ ਸਾਹ ਦੀਆਂ ਬਿਮਾਰੀਆਂ ਲਈ ਵੀ ਪਰੇਸ਼ਾਨੀਆਂ ਪੈਦਾ ਕਰਦਾ ਹੈ। ਪਸ਼ੂਆਂ ਪੰਛੀਆਂ ਲਈ ਵੀ ਹਾਨੀਕਾਰਕ ਸਾਬਤ ਹੁੰਦਾ ਹੈ। ਸਾਨੂੰ ਪਟਾਕਿਆਂ ਦੀ ਬਜਾਇ ਮਿੱਟੀ ਦੇ ਦੀਵੇ ਜਗਾ ਕੇ ਆਪਣੇ ਘਰਾਂ ਨੂੰ ਰੋਸ਼ਨ ਕਰਕੇ ਦਿਵਾਲੀ ਮਨਾਉਣ ਦੀ ਤਰਜੀਹ ਦੇਣੀ ਚਾਹੀਦੀ ਹੈ। ਕਿਉਂਕਿ ਚੀਨ ਤੋਂ ਆਉਣ ਵਾਲੀਆਂ ਰੰਗ ਬਿਰੰਗੀਆਂ ਬਿਜਲੀ ਦੀਆਂ ਲੜੀਆਂ ਅਤੇ ਸਜਾਵਟੀ ਸਮਾਨ ਨੇ ਸਵਦੇਸ਼ੀ ਅਤੇ ਮਿੱਟੀ ਤੋਂ ਤਿਆਰ ਕਰਨ ਵਾਲੇ ਦੀਵੇ ਦੀ ਲੋਅ ਨੂੰ ਮੱਧਮ ਕਰ ਦਿੱਤਾ ਹੈ। ਜਿਸ ਕਾਰਨ ਮਿੱਟੀ ਦੇ ਭਾਂਡੇ ਬਣਾਉਣ ਵਾਲ ਭਾਈਚਾਰੇ ਦੇ ਲੋਕਾਂ ਨੂੰ ਆਪਣੇ ਧੰਦੇ ਛੱਡ ਕੇ ਹੋਰ ਰੁਜ਼ਗਾਰ ਦੀ ਭਾਲ ਕਰਨੀ ਪੈ ਰਹੀ ਹੈ।



ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਦੀਵਾਲੀ ਮੌਕੇ ਰੰਗੋਲੀ ਮੁਕਾਬਲੇ

ਗੁਰਾਇਆ (ਬਿੰਦਰ ਸੁਮਨ)- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠ ਕਾਲਜ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਮਨੋਬਲ ਨੂੰ ਅੱਗੇ ਵਧਾਉਂਦੇ ਹੋਏ ਰੰਗੋਲੀ ਤੇ ਦੀਵਾ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਵਿੱਚ ਵਿਦਿਆਰਥੀਆਂ ਨੇ ਖ਼ੂਬਸੂਰਤ ਰੰਗੋਲੀ ਦੇ ਡਿਜ਼ਾਇਨ ਅਤੇ ਦੀਵਿਆਂ ਨੂੰ ਬਹੁਤ ਹੀ ਸੁੰਦਰ ਮਨਮੋਹਕ ਢੰਗ ਨਾਲ ਸਜਾਇਆ।ਇਸ ਮੌਕੇ ਉਪਰੰਤ ਕਾਲਜ ਇੰਚਾਰਜ ਜੌਹਲ ਨੇ ਵਿਦਿਆਰਥੀਆਂ ਨੂੰ ਇਸ ਤਿਉਹਾਰ ਦੇ ਇਤਿਹਾਸਿਕ ਪਿਛੋਕੜ ਤੋਂ ਜਾਣੂ ਕਰਵਾਇਆ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕੀਤਾ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ ਤੇ ਸਭ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ।



ਰਿਆਤ ਬਾਹਰਾ ਕਾਲਜ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਰਿਆਤ ਬਾਹਰਾ ਕਾਲਜ ਆਫ਼ ਨਰਸਿੰਗ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਤ ਤੋਂ ਬਚਾਉਣਾ, ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਜਾਣਕਾਰੀ ਦੇਣਾ ਅਤੇ ਸਮਾਜ ਵਿੱਚ ਨਸ਼ਾ ਮੁਕਤ ਵਾਤਾਵਰਣ ਸਿਰਜਣ ਲਈ ਪ੍ਰੇਰਿਤ ਕਰਨਾ ਸੀ।ਸੈਮੀਨਾਰ ਦੌਰਾਨ ਸੀ.ਐਚ.ਸੀ ਹਾਰਟਾ ਬਡਲਾ ਤੋਂ ਡਾ. ਉਦਿੱਤ ਸ਼ਰਮਾ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਨਸ਼ਾ ਇੱਕ ਗੰਭੀਰ ਸਮਾਜਿਕ ਅਤੇ ਸਿਹਤ ਸਬੰਧੀ ਸਮੱਸਿਆ ਹੈ, ਜੋ ਨਾ ਸਿਰਫ਼ ਨਸ਼ਾ ਕਰਨ ਵਾਲੇ ਵਿਅਕਤੀ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਂਦੀ ਹੈ, ਸਗੋਂ ਉਸ ਦੇ ਪਰਵਾਰ ਅਤੇ ਸਮਾਜ ਉੱਤੇ ਵੀ ਮਾੜਾ ਪ੍ਰਭਾਵ ਪਾਉਂਦੀ ਹੈ। ਉਨਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਵਾਰਕ ਮੈਂਬਰਾਂ, ਦੋਸਤਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ। ਇਸ ਮੌਕੇ ਨੌਜਵਾਨ ਪੀੜ੍ਹੀ ਨੂੰ ਖੇਡਾਂ, ਯੋਗਾ, ਸੱਭਿਆਚਾਰਕ ਗਤੀਵਿਧੀਆਂ ਅਤੇ ਰਚਨਾਤਮਕ ਕੰਮਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਕਾਉਂਸਲਰ ਓਟ ਕਲੀਨਿਕ ਬਲਵੀਰ ਲਾਲ ਨੇ ਕਿਹਾ ਕਿ ਨਸ਼ਾ ਕੋਈ ਅਪਰਾਧ ਨਹੀਂ ਬਲਕਿ ਇੱਕ ਬਿਮਾਰੀ ਹੈ, ਅਤੇ ਸਮੇਂ ਸਿਰ ਸਹੀ ਇਲਾਜ ਤੇ ਕਾਊਂਸਲਿੰਗ ਨਾਲ ਇਸ ਤੋਂ ਪੂਰੀ ਤਰ੍ਹਾਂ ਮੁਕਤੀ ਪਾਈ ਜਾ ਸਕਦੀ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਮੀਨਾਕਸ਼ੀ ਐਸ ਚਾਂਦ ਨੇ ਕਿਹਾ ਕਿ ਨਰਸਿੰਗ ਦੇ ਵਿਦਿਆਰਥੀ ਸਿਹਤ ਖੇਤਰ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਕਿਹਾ ਕਿ ਭਵਿੱਖ ਦੇ ਸਿਹਤ ਕਰਮੀ ਹੋਣ ਦੇ ਨਾਤੇ ਵਿਦਿਆਰਥੀਆਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨਾ ਕੇਵਲ ਆਪ ਨਸ਼ਿਆਂ ਤੋਂ ਦੂਰ ਰਹਿਣ, ਬਲਕਿ ਆਪਣੇ ਆਲੇ-ਦੁਆਲੇ ਅਤੇ ਸਮਾਜ ਵਿੱਚ ਜਾ ਕੇ ਲੋਕਾਂ ਨੂੰ ਵੀ ਇਸ ਵਿਰੁੱਧ ਲਾਮਬੰਦ ਕਰਨ।ਅੰਤ ਵਿੱਚ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਆਪਣੀ ਸਰਗਰਮ ਭੂਮਿਕਾ ਨਿਭਾਉਣ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਸਿਹਤ ਵਿਭਾਗ ਸੀ.ਐਚ.ਸੀ ਹਾਰਟਾ ਬਡਲਾ ਤੋਂ ਸੀ.ਐਚ.ਓ ਪ੍ਰਦੀਪ ਕੁਮਾਰੀ, ਹੈਲਥ ਇੰਸਪੈਕਟਰ ਸਤਪਾਲ, ਸਤਨਾਮ ਸਿੰਘ (ਮੇਲ ਵਰਕਰ), ਏ.ਐਨ.ਐਮ ਅਮ੍ਰਿਤ ਕੌਰ ਤੋਂ ਇਲਾਵਾ ਨਰਸਿੰਗ ਸਕੂਲ ਦੇ ਅਧਿਆਪਕ ਹਾਜ਼ਰ ਸਨ।



ਕਾਮਰੇਡ ਬੂਟਾ ਸਿੰਘ ਢੋਟੀਆਂ ਨੂੰ ਭਰਪੂਰ ਸ਼ਰਧਾਂਜਲੀਆਂ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਬੂਟਾ ਸਿੰਘ ਢੋਟੀਆਂ ਨੂੰ ਵੱਖ-ਵੱਖ ਆਗੂਆਂ ਨੇ ਇਨਕਲਾਬੀ ਸ਼ਰਧਾਂਜਲੀਆਂ ਭੇਟ ਕੀਤੀਆਂ।ਕਾਮਰੇਡ ਬੂਟਾ ਸਿੰਘ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ ਉਨ੍ਹਾਂ ਦੇ ਸ਼ਰਧਾਂਜਲੀ ਸਮਾਗਮ ਵਿੱਚ ਲੋਕਾਂ ਦੀ ਵੱਡੀ ਸ਼ਮੂਲੀਅਤ ਇਸ ਗੱਲ ਦੀ ਗਵਾਹੀ ਭਰਦੀ ਸੀ ਕਿ ਉਹ ਲੋਕਾਂ ਦਾ ਇਮਾਨਦਾਰ ਲੀਡਰ ਸੀ। ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸੂਰਾ ਸੋ ਪਹਿਚਾਨਏ ਜੋ ਲਰੇ ਦੀਨ ਕੇ ਹੇਤ, ਪੁਰਜਾ ਪੁਰਜਾ ਕਟ ਮਰੇ ਕਬੋ ਨਾ ਛਾਡੇ ਖੇਤ ਮਹਾਨ ਤੁਕਾਂ ਕਾਮਰੇਡ ਬੂਟਾ ਸਿੰਘ ਢੋਟੀਆਂ ਦੀ ਜ਼ਿੰਦਗੀ ਤੇ ਪੂਰੀ ਤਰ੍ਹਾਂ ਢੁੱਕਦੀਆਂ ਹਨ।ਉਹ ਪੂਰੀ ਤਰ੍ਹਾਂ ਖੰਡੇ ਦੀ ਧਾਰ ਤੇ ਜੀਵਿਆ, ਬੂਟਾ ਸਿੰਘ ਮਿਹਨਤੀ, ਸਿਰੜੀ, ਹਿੰਮਤੀ ਤੇ ਵਿਚਾਰਧਾਰਕ ਤੌਰ ਤੇ ਪਰਪੱਕ ਵਿਅਕਤੀ ਸੀ।ਕਾਮਰੇਡ ਬੂਟਾ ਸਿੰਘ ਨੇ ਆਪਣੀ ਜ਼ਿੰਦਗੀ ਦਾ ਪਲ ਪਲ ਕਿਰਤੀ ਲਹਿਰ ਦੇ ਲੇਖੇ ਲਾਇਆ।ਉਨ੍ਹਾਂ ਹਕੂਮਤਾਂ ਦੀਆ ਲੋਕ ਵਿਰੋਧੀ ਨੀਤੀਆ ਵਿਰੁੱਧ ਲੋਕਾ ਦੀ ਜ਼ਿੰਦਗੀ ਨੂੰ ਖੁਸ਼ਹਾਲ ਬਣਾਉਣ ਵਾਸਤੇ ਬਹੁਤ ਸਾਰੇ ਘੋਲਾ ਵਿੱਚ ਹਿੱਸਾ ਲਿਆ।ਉਹ ਸ਼ਹੀਦ ਕਾਮਰੇਡ ਦਿਲਬਾਗ ਸਿੰਘ ਦੇ ਵੱਡੇ ਭਰਾ ਸਨ।ਸ਼ਹੀਦ ਕਾਮਰੇਡ ਦਿਲਬਾਗ ਸਿੰਘ ਢੋਟੀਆ ਖੇਤ ਮਜ਼ਦੂਰ ਸਭਾ ਦੇ ਉੱਘੇ ਲੀਡਰ ਸਨ ਅਤੇ ਅੰਤਲੇ ਸਾਹਾਂ ਤੱਕ ਮਜ਼ਦੂਰਾਂ ਦੀ ਬਿਹਤਰੀ ਲਈ ਸੰਘਰਸ਼ਸ਼ੀਲ ਰਹੇ।ਅੱਤਵਾਦ ਦੇ ਕਾਲੇ ਦੌਰ ਵਿੱਚ ਕਾਮਰੇਡ ਬੂਟਾ ਸਿੰਘ ਦੇ ਘਰ ਅੱਤਵਾਦੀਆਂ ਨਾਲ ਮੁਕਾਬਲਾ ਕਰਨ ਵਾਸਤੇ ਮੋਰਚਾ ਲੱਗਿਆ ਹੋਇਆ ਸੀ।ਕਾਮਰੇਡ ਬੂਟਾ ਸਿੰਘ ਦੀ ਧਰਮ ਪਤਨੀ ਕਾਮਰੇਡ ਸਵਰਨ ਕੌਰ ਬੂਟਾ ਸਿੰਘ ਅਤੇ ਦਿਲਬਾਗ ਸਿੰਘ ਦੇ ਨਾਲ ਰਾਈਫਲ ਚੁੱਕ ਕੇ ਰਾਤ ਸਮੇਂ ਆਪ ਪਹਿਰਾ ਦਿੰਦੀ ਰਹੀ। ਇਕ ਦਿਨ ਜਦੋਂ ਦਹਿਸ਼ਤਗਰਦਾਂ ਨੂੰ ਪਤਾ ਲੱਗਾ ਕਿ ਸਵਰਨ ਕੌਰ ਘਰ ਵਿਚ ਮੌਜੂਦ ਨਹੀਂ ਹੈ ਤਾਂ ਉਨ੍ਹਾਂ ਨੇ ਰਾਤ ਸਮੇਂ ਇਨ੍ਹਾਂ ਦੇ ਘਰ 'ਤੇ ਹਮਲਾ ਕਰ ਦਿੱਤਾ ਤੇ ਮੁਕਾਬਲੇ ਵਿੱਚ ਕਾਮਰੇਡ ਦਿਲਬਾਗ ਸਿੰਘ ਢੋਟੀਆਂ, ਕਾਮਰੇਡ ਪ੍ਰਗਟ ਸਿੰਘ ਨੰਦਪੁਰ, ਕਾਮਰੇਡ ਬਿੱਟੂ ਸਖੀਰਾ ਸ਼ਹੀਦ ਹੋ ਗਏ ਅਤੇ ਕਾਮਰੇਡ ਬੂਟਾ ਸਿੰਘ।ਉਨ੍ਹਾਂ ਦੇ ਬੇਟੇ ਅਮਰਜੀਤ ਸਿੰਘ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ।ਉਨ੍ਹਾਂ ਦੀ ਮੌਤ ਤੋਂ ਬਾਅਦ ਵੀ ਬੂਟਾ ਸਿੰਘ, ਸਵਰਨ ਕੌਰ ਅਤੇ ਇਨ੍ਹਾ ਦੇ ਭਰਾ ਬਰਖਾ ਸਿੰਘ, ਦਲਬੀਰ ਕੌਰ ਦੇ ਸਾਰੇ ਪਰਿਵਾਰ ਨੇ ਲਾਲ ਝੰਡੇ ਨੂੰ ਬਲੰਦ ਰੱਖਿਆ।ਉਨ੍ਹਾਂ ਕਿਹਾ ਕਿ ਟੁੱਟ ਰਹੇ ਸਮਾਜ ਨੂੰ ਜੋੜਨਾ ਤੇ ਉਸ ਦੀ ਬਿਹਤਰੀ ਲਈ ਹੀਲੇ ਵਸੀਲੇ ਪੈਦਾ ਕਰਨ ਦਾ ਪ੍ਰਣ ਕਰਨਾ ਹੀ ਬੂਟਾ ਸਿੰਘ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਐਗਜ਼ੈਕਟਿਵ ਮੈਂਬਰ ਕਾਮਰੇਡ ਦਸਵਿੰਦਰ ਕੌਰ, ਜ਼ਿਲ੍ਹਾ ਅਗਜ਼ੈਕਟਿਵ ਮੈਂਬਰ ਕਾਮਰੇਡ ਚਰਨ ਸਿੰਘ ਤਰਨ ਤਾਰਨ, ਬਹੁਜਨ ਸਮਾਜ ਪਾਰਟੀ ਦੇ ਆਗੂ ਨੱਥਾ ਸਿੰਘ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਤੋਂ ਪਹਿਲਾ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ। ਸਟੇਜ ਸਕੱਤਰ ਨੇ ਸੰਦੇਸ਼ ਪੜ੍ਹੇ ਜਿਸ ਵਿਚ ਭਾਰਤੀਯ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜਾਰ ਸਿੰਘ ਗੋਰੀਆ, ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਸੋਹਲ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਪ੍ਰਧਾਨ ਕਾਮਰੇਡ ਜੋਗਿੰਦਰ ਸਿੰਘ ਵਲਟੋਹਾ ਆਦਿ ਨੇ ਸ਼ੋਕ ਸੰਦੇਸ਼ ਭੇਜੇ।



ਅਮਨ-ਸ਼ਾਂਤੀ ਤੇ ਕਾਨੂੰਨ ਵਿਵਸਥਾ ਹਰ ਕੀਮਤ 'ਤੇ ਬਹਾਲ ਰੱਖੀ ਜਾਵੇਗੀ : ਚੌਕੀ ਇੰਚਾਰਜ

ਅੱਡਾ ਸਰਾਂ (ਜਸਵੀਰ ਕਾਜਲ)- ਇਲਾਕੇ ਵਿੱਚ ਅਮਨ-ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਹਰ ਕੀਮਤ 'ਤੇ ਬਹਾਲ ਰੱਖਿਆ ਜਾਵੇਗਾ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਡਾ ਸਰਾਂ ਪੁਲਸ ਚੌਕੀ ਦੇ ਇੰਚਾਰਜ ਏ.ਐੱਸ.ਆਈ. ਸੰਜੀਵ ਕੁਮਾਰ ਨੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੁਲਸ ਲੋਕਾਂ ਦੀ ਸੁਰੱਖਿਆ ਅਤੇ ਇਲਾਕੇ ਵਿੱਚ ਸ਼ਾਂਤੀਪੂਰਨ ਮਾਹੌਲ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਪੁਲਿਸ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਨਸ਼ਾ ਤਸਕਰੀ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਚੌਕੀ ਇੰਚਾਰਜ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਨੂੰ ਸਹਿਯੋਗ ਦੇਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕਰਨ, ਤਾਂ ਜੋ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਹਰੇਕ ਵਾਹਨ ਚਾਲਕ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਆਪਣੇ ਵਾਹਨਾਂ ਦੇ ਲੋੜੀਂਦੇ ਕਾਗਜ਼ਾਤ ਪੂਰੇ ਰੱਖਣੇ ਚਾਹੀਦੇ ਹਨ। ਉਨ੍ਹਾਂ ਖ਼ਾਸ ਤੌਰ 'ਤੇ ਬੁਲਟ ਮੋਟਰਸਾਈਕਲਾਂ 'ਤੇ ਪਟਾਕੇ ਮਾਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਅਜਿਹੀਆਂ ਹਰਕਤਾਂ ਕਰਨ ਵਾਲਿਆਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨਾਂ ਸਭ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਦੀਵਿਆਂ ਅਤੇ ਰੋਸ਼ਨੀਆਂ ਅਤੇ ਆਪਸੀ ਖੁਸ਼ੀਆਂ ਸਾਂਝੀਆਂ ਕਰਕੇ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣੀ ਚਾਹੀਦੀ ਹੈ।



ਡਿਪਟੀ ਕਮਿਸ਼ਨਰ ਤੇ ਏ ਡੀ ਸੀ ਨੇ ਲੜਕੀਆਂ ਨੂੰ 135 ਟਰੈਕ ਸੂਟ ਵੰਡੇ



ਖਰੜ (ਹਰਨਾਮ ਸਿੰਘ ਡੱਲਾ) ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਜੋਤੀ ਸਰੂਪ ਕੰਨਿਆ ਆਸਰਾ ਖਰੜ ਵਿਖੇ ਰਹਿ ਰਹੀਆਂ ਲੜਕੀਆਂ ਨੂੰ ਸਰਦੀਆਂ ਦੇ ਮੌਸਮ ਲਈ 135 ਟਰੈਕ ਸੂਟ ਵੰਡੇ ਗਏ। ਇਹ ਟਰੈਕ ਸੂਟ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਪ੍ਰਧਾਨ ਅਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਏ ਡੀ ਸੀ (ਜ) ਗੀਤਿਕਾ ਸਿੰਘ ਵੱਲੋਂ ਲੜਕੀਆਂ ਨੂੰ ਸੌਂਪੇ ਗਏ। ਇਸ ਮੌਕੇ ਲੜਕੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜੋਤੀ ਸਰੂਪ ਕੰਨਿਆ ਆਸਰਾ ਖਰੜ ਦੇ ਪ੍ਰਬੰਧਕਾਂ ਵੱਲੋਂ ਲੜਕੀਆਂ ਦੀ ਦੇਖਭਾਲ ਅਤੇ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਉਨ੍ਹਾਂ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਲੋੜਵੰਦਾਂ ਅਤੇ ਅਜਿਹੀਆਂ ਸੰਸਥਾਵਾਂ ਦੀ ਸਹਾਇਤਾ ਲਈ ਹਮੇਸ਼ਾ ਤਤਪਰ ਰਹਿਣਗੇ। ਇਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਹਰਬੰਸ ਸਿੰਘ ਅਤੇ ਜੋਤੀ ਸਰੂਪ ਕੰਨਿਆ ਆਸਰਾ ਦੇ ਪ੍ਰਬੰਧਕ ਮੈਂਬਰ ਰਣਧੀਰ ਸਿੰਘ ਅਤੇ ਡਾ. ਹਰਮਿੰਦਰ ਸਿੰਘ ਵੀ ਮੌਜੂਦ ਸਨ। ਪ੍ਰਬੰਧਕਾਂ ਵੱਲੋਂ ਇਸ ਨੇਕ ਉਪਰਾਲੇ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਗਿਆ।

ਦਿਵਾਲੀ ਅਤੇ ਬੰਦੀ ਛੋੜ ਦਿਵਸ ਤੇ ਕਲਾਨੌਰ ਵਿਸ਼ੇਸ਼ ਸਪਲੀਮੈਂਟ

Email: sayalstudio2000@gmail.com (M)-98154-22070







ਸਹਿਯੋਗ ਲਈ ਧੰਨਵਾਦ




































ਦੀਵਾਲੀ, ਬੰਦੀਛੋੜ ਬਾਬਾ ਬਲਰਾਜ ਛਿੰਝ ਮੇਲਾ ਅਤੇ ਵਿਸ਼ਵਕਰਮਾ ਦਿਵਸ ਨੂੰ ਸਮਰਪਤ

ਬਲਾਚੌਰ ਤੋਂ ਵਿਸ਼ੇਸ਼ ਸਪਲੀਮੈਂਟ

ਸੂਰੀ ਮਲਟੀਸਪੈਸ਼ਲਿਟੀ ਹਸਪਤਾਲ
ਜਨਰਲ ਸਰਜਰੀ ਅਤੇ ਮੈਟਰਨਿਟੀ ਹੋਮ
ਭੱਦੀ ਰੋਡ, ਬਲਾਚੌਰ
Dr. U.S. Soori
ਮਾਹਰ ਡਾਕਟਰਾਂ ਦਾ ਵਿਭਾਗ
ਅੱਖਾਂ ਦਾ ਵਿਭਾਗ — Dr. Piyush Sood, Dr. Ranjit Singh
ਮੈਡੀਸਨ ਵਿਭਾਗ — Dr. Jasdeep Singh Bedi
ਜਨਰਲ ਸਰਜਰੀ ਵਿਭਾਗ — Dr. Pritpal Singh
ਦਿਲ ਰੋਗਾਂ ਡਿਸਕੀਜ਼ਾਂ ਦਾ ਵਿਭਾਗ — Dr. Raghav Vishesh
ਔਰਤਾਂ ਦਾ ਵਿਭਾਗ — Dr. Harsh
ਜੂਰੋਲੋਜੀ ਵਿਭਾਗ — Dr. Ashish Kumar Rana
Dr. Amandeep Kaur Soori
5 ਲੱਖ ਅਤੇ 10 ਵਾਲੇ ਆਯੁਸ਼ਮਾਨ ਕਾਰਡ ਦੀ ਸੁਵਿਧਾ ਵੀ ਉਪਲੱਬਧ ਹੈ।
ICU • X-RAY • CLINICAL LAB
AMBULANCE
ULTRASOUND & CT SCAN
ALL DIAGNOSTIC FACILITIES UNDER ONE ROOF
ਮੈਡੀਸਕੋਪ ਸਕੈਨ ਸੈਂਟਰ
MEDISCOPE SCAN CENTRE
Dr. Bhupinderjit Singh Soori
MBBS, MD Radiodiagnosis
HELP LINE: 98159-20070, 98031-84007

THE URBAN MOMOS
Veggie Momo @₹89
Chicken Momo @₹99
VALUE COMBO
LIMITED OFFER
STARTING AT JUST ₹199/296
Veggie Momo Kurkure 6 pc
1 Snappy Potato Burger
1 Lemonade
VEG STEAM PLATTER ₹149
VEG URBAN PLATTER ₹249
FREE HOME DELIVERY
Opp. Khalsa School Ground
Garshankar Road Balachaur, Punjab
95019-25090
STUDENT MEAL @₹129 ONLY
For any other query contact below or visit our website:
info@theurbanmomos.com | www.theurbanmomos.com
TM & ,THE URBAN MOMOS are Registered. Used Under License. All Rights Reserved.*Images shown are for illustration purpose only. Prices are excluding all Government Taxes

